24-JAN-PAGE-1.qxd 1/23/2024 10:20 PM Page 1

ਬੁੱਧਵਾਰ, 24 ਜਨਵਰੀ, 2024
11 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 235

ਨਵਾਂ ਜ਼ਮਾਨਾ

DAILY NAWAN ZAMANA • WEDNESDAY, 24 JANUARY, 2024
ਜਲੰਧਰ
nawan zamana TV
ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਯਾਤਰਾ ਗੁਹਾਟੀ 'ਚ ਦਾਖਲ ਹੋਣ ਤੋਂ ਰੋਕੀ

ਸਭ ਤੋਂ ਕੁਰੱਪਟ ਮੁੱਖ ਮੰਤਰੀ ਸਾਡੀ ਪਬਲੀਸਿਟੀ ਹੀ ਕਰਾ ਰਿਹੈ : ਰਾਹੁਲ

ਗੁਹਾਟੀ : ਰਾਹੁਲ ਗਾਂਧੀ ਦੀ ਅਗਵਾਈ ਵਾਲੀ 'ਭਾਰਤ ਜੋੜੋ ਨਿਆਏ ਯਾਤਰਾ' ਨੂੰ ਮੰਗਲਵਾਰ ਗੁਹਾਟੀ 'ਚ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ, ਜਿਸ ਤੋਂ ਬਾਅਦ ਕਾਂਗਰਸੀ ਵਰਕਰਾਂ ਨੇ ਪ੍ਰਦਰਸ਼ਨ ਕੀਤਾ ਅਤੇ ਬੈਰੀਕੇਡ ਤੋੜ ਦਿੱਤੇ। ਕਾਂਗਰਸੀ ਸਮਰਥਕਾਂ ਨੂੰ ਅੱਗੇ ਵਧਣ ਤੋਂ ਰੋਕਣ ਲਈ ਪੁਲਸ ਨੇ ਤਾਕਤ ਦੀ ਵਰਤੋਂ ਕੀਤੀ।

ਮੁੱਖ ਮੰਤਰੀ ਹਿਮੰਤ ਬਿਸਵਾ ਸ਼ਰਮਾ ਨੇ ਪਹਿਲਾਂ ਕਿਹਾ ਸੀ ਕਿ ਸੜਕਾਂ 'ਤੇ ਜਾਮ ਤੋਂ ਬਚਣ ਲਈ ਯਾਤਰਾ ਨੂੰ ਸ਼ਹਿਰ ਵਿਚ ਦਾਖਲ ਨਹੀਂ ਹੋਣ ਦਿੱਤਾ ਜਾਵੇਗਾ। ਖਾਨਾਪਾੜਾ ਦੇ ਗੁਹਾਟੀ ਚੌਕ 'ਤੇ ਭਾਰੀ ਭੀੜ ਇਕੱਠੀ ਹੋਈ ਅਤੇ ਰਾਹੁਲ ਗਾਂਧੀ ਦਾ ਢੋਲ ਨਾਲ ਸਵਾਗਤ ਕੀਤਾ ਗਿਆ। ਕਾਂਗਰਸ ਦੇ ਸੂਬਾ ਇੰਚਾਰਜ ਜਤਿੰਦਰ ਸਿੰਘ ਨੇ ਕਿਹਾ-ਅਸੀਂ ਰੁਕਾਵਟਾਂ ਨੂੰ ਤੋੜ ਕੇ ਜਿੱਤ ਹਾਸਲ ਕੀਤੀ ਹੈ।

ਇਸੇ ਦੌਰਾਨ ਮੁੱਖ ਮੰਤਰੀ ਨੇ ਡੀ ਜੀ ਪੀ ਨੂੰ ਰਾਹੁਲ ਗਾਂਧੀ ਵਿਰੁੱਧ ਭੀੜ ਨੂੰ ਭੜਕਾਉਣ ਲਈ ਕੇਸ ਦਰਜ ਕਰਨ ਦਾ ਨਿਰਦੇਸ਼ ਦਿੱਤਾ ਹੈ। ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਸ੍ਰੀਨਿਵਾਸ ਬੀਵੀ ਦੀ ਪੋਸਟ ਦੇ ਜਵਾਬ 'ਚ ਸ਼ਰਮਾ ਦੀ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਕਿਹਾ-ਮੈਂ ਆਸਾਮ ਪੁਲਸ ਦੇ ਡਾਇਰੈਕਟਰ ਜਨਰਲ ਨੂੰ ਭੀੜ ਨੂੰ ਭੜਕਾਉਣ ਲਈ ਤੁਹਾਡੇ ਨੇਤਾ ਰਾਹੁਲ ਗਾਂਧੀ ਵਿਰੁੱਧ ਕੇਸ ਦਰਜ ਕਰਨ ਦੇ ਨਿਰਦੇਸ਼ ਦਿੱਤੇ ਹਨ। ਸ੍ਰੀਨਿਵਾਸ ਨੇ ਜੋ ਵੀਡੀਓ ਉਸ ਦੇ ਆਪਣੇ ਅਕਾਊਂਟ 'ਚ ਪਾਇਆ ਹੈ, ਉਸ ਨੂੰ ਸਬੂਤ ਵਜੋਂ ਵਰਤਿਆ ਜਾਵੇਗਾ।

ਰਾਹੁਲ ਗਾਂਧੀ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ— ਆਸਾਮ ਦੀ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਇੱਥੋਂ ਦਾ ਮੁੱਖ ਮੰਤਰੀ ਦੇਸ਼ ਦਾ ਸਭ ਤੋਂ ਕੁਰੱਪਟ ਮੁੱਖ ਮੰਤਰੀ ਹੈ। ਉਹ ਯਾਤਰਾ ਦੇ ਖਿਲਾਫ ਜੋ ਕਰ ਰਿਹਾ ਹੈ, ਦਰਅਸਲ ਸਾਡੀ ਹੀ ਪਬਲੀਸਿਟੀ ਕਰ ਰਿਹਾ ਹੈ। ਉਂਜ ਸ਼ਾਇਦ ਏਨੀ ਪਬਲੀਸਿਟੀ ਸਾਨੂੰ ਨਾ ਮਿਲਦੀ। ਭਾਰਤ ਜੋੜੋ ਨਿਆਏ ਯਾਤਰਾ ਆਸਾਮ ਵਿਚ ਮੁੱਖ ਮੁੱਦਾ ਬਣ ਗਈ ਹੈ। ਸਾਨੂੰ ਮੰਦਰ ਤੇ ਕਾਲਜ ਵਿਚ ਜਾਣ ਤੋਂ ਰੋਕਿਆ ਗਿਆ। ਜਿੰਨਾ ਮਰਜ਼ੀ ਧਮਕਾ ਲਓ, ਅਸੀਂ ਡਰਨ ਵਾਲੇ ਨਹੀਂ।

ਮਾਰਕਸੀ ਪਾਰਟੀ ਦੀ ਸ਼ਰਤ

ਕੋਲਕਾਤਾ : ਮਾਰਕਸੀ ਪਾਰਟੀ ਨੇ ਰਾਹੁਲ ਗਾਂਧੀ ਦੀ ਯਾਤਰਾ ਦੀ ਹਮਾਇਤ ਕਰਦਿਆਂ ਸਪੱਸ਼ਟ ਕਰਦਿਆਂ ਕਿਹਾ ਹੈ ਕਿ ਜੇ ਪੱਛਮੀ ਬੰਗਾਲ ਵਿਚ ਰਾਹੁਲ ਦੀ ਯਾਤਰਾ ਵਿਚ ਹੁਕਮਰਾਨ ਤ੍ਰਿਣਮੂਲ ਕਾਂਗਰਸ ਸ਼ਾਮਲ ਹੋਈ ਤਾਂ ਉਹ ਸ਼ਾਮਲ ਨਹੀਂ ਹੋਵੇਗੀ।

ਉਸ ਨੇ ਕਿਹਾ ਕਿ ਯਾਤਰਾ ਦੇ ਸੂਬੇ ਵਿਚ ਦਾਖਲ ਹੋਣ ਤੋਂ ਪਹਿਲਾਂ ਕਾਂਗਰਸ ਨੂੰ ਇਸ ਬਾਰੇ ਸਪੱਸ਼ਟ ਕਰਨਾ ਪਵੇਗਾ।

ਅਯੁੱਧਿਆ 'ਚ ਸ਼ਰਧਾਲੂਆਂ ਦਾ ਭਾਰੀ ਰਸ਼

ਅਯੁੱਧਿਆ : ਅਯੁੱਧਿਆ ਵਿਚ ਰਾਮ ਮੰਦਰ ਦੇ ਕਪਾਟ ਮੰਗਲਵਾਰ ਆਮ ਜਨਤਾ ਲਈ ਖੋਲ੍ਹ ਦਿੱਤੇ ਗਏ। ਸੋਮਵਾਰ ਇਸ ਨਵੇਂ ਬਣੇ ਮੰਦਰ 'ਚ ਰਾਮ ਲੱਲਾ ਦੀ ਨਵੀਂ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਕੀਤੀ ਗਈ ਸੀ। ਸੋਮਵਾਰ ਦੇਰ ਰਾਤ ਮੰਦਰ ਕੰਪਲੈਕਸ ਵੱਲ ਜਾਣ ਵਾਲੇ ਰਾਮ ਮਾਰਗ 'ਤੇ ਮੁੱਖ ਗੇਟ ਨੇੜੇ ਸਥਾਨਕ ਲੋਕਾਂ ਅਤੇ ਹੋਰ ਰਾਜਾਂ ਦੇ ਲੋਕਾਂ ਸਮੇਤ ਵੱਡੀ ਗਿਣਤੀ 'ਚ ਸ਼ਰਧਾਲੂ ਇਕੱਠੇ ਹੋਏ। ਉਧਰ ਸ਼ਰਧਾਲੂਆਂ ਦੀ ਭਾਰੀ ਭੀੜ ਨੂੰ ਦੇਖਦੇ ਹੋਏ ਬਾਰਾਬੰਕੀ ਪੁਲਸ ਨੇ ਲੋਕਾਂ ਨੂੰ ਅਯੁੱਧਿਆ ਨਾ ਜਾਣ ਦੀ ਅਪੀਲ ਕੀਤੀ ਹੈ। ਲਖਨਊ ਤੋਂ ਲੱਗਭੱਗ 30 ਕਿਲੋਮੀਟਰ ਦੂਰ ਬਾਰਾਬੰਕੀ ਤੋਂ ਅਯੁੱਧਿਆ ਵੱਲ ਜਾਣ ਵਾਲੇ ਟ੍ਰੈਫਿਕ ਮਾਰਗ ਨੂੰ ਮੋੜ ਦਿੱਤਾ ਗਿਆ ਹੈ ਅਤੇ ਪੈਦਲ ਸ਼ਰਧਾਲੂਆਂ ਨੂੰ ਵੀ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ ਹੈ।

ਚੰਡੀਗੜ੍ਹ ਮੇਅਰ ਚੋਣਾਂ ਦੀ ਤਰੀਕ ਦਾ ਫੈਸਲਾ ਅੱਜ ਸੰਭਵ

ਚੰਡੀਗੜ੍ਹ : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਮੰਗਲਵਾਰ ਚੰਡੀਗੜ੍ਹ ਪ੍ਰਸ਼ਾਸਨ ਨੂੰ ਕਿਹਾ ਕਿ ਉਹ ਮੇਅਰ ਚੋਣਾਂ ਕਰਾਉਣ ਦੀ ਸਭ ਤੋਂ ਨੇੜਲੀ ਤਰੀਕ ਬਾਰੇ ਦੱਸੇ। ਜਸਟਿਸ ਸੁਧੀਰ ਸਿੰਘ ਤੇ ਜਸਟਿਸ ਹਰਸ਼ ਬੰਗੜ ਦੀ ਡਵੀਜ਼ਨ ਬੈਂਚ ਨੇ ਇਹ ਹਦਾਇਤ 18 ਜਨਵਰੀ ਨੂੰ ਹੋਣ ਵਾਲੀਆਂ ਚੋਣਾਂ ਚਾਣਚੱਕ 6 ਫਰਵਰੀ ਤੱਕ ਮੁਲਤਵੀ ਕਰਨ ਵਿਰੁੱਧ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਦਿੱਤੀ। ਬੈਂਚ ਨੇ ਚੰਡੀਗੜ੍ਹ ਪ੍ਰਸ਼ਾਸਨ ਤੇ ਚੰਡੀਗੜ੍ਹ ਨਗਰ ਨਿਗਮ ਦੇ ਜਵਾਬਾਂ ਦਾ ਨੋਟਿਸ ਲੈਂਦਿਆਂ ਅਗਲੀ ਸੁਣਵਾਈ ਬੁੱਧਵਾਰ ਤੱਕ ਅੱਗੇ ਪਾ ਦਿੱਤੀ। ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੀਆਂ ਚੋਣਾਂ ਇਹ ਕਹਿ ਕੇ ਅੱਗੇ ਪਾ ਦਿੱਤੀਆਂ ਗਈਆਂ ਸਨ ਕਿ ਪ੍ਰੀਜ਼ਾਈਡਿੰਗ ਅਧਿਕਾਰੀ ਅਨਿਲ ਮਸੀਹ ਬਿਮਾਰ ਹੋ ਗਏ ਹਨ। ਕਾਂਗਰਸ ਤੇ ਆਪ ਨੇ ਇੱਥੇ ਗੱਠਜੋੜ ਕੀਤਾ ਹੈ ਤੇ ਉਨ੍ਹਾਂ ਦੋਸ਼ ਲਾਇਆ ਸੀ ਕਿ ਹਾਰ ਤੋਂ ਡਰਦਿਆਂ ਭਾਜਪਾ ਨੇ ਚੋਣਾਂ ਮੁਲਤਵੀ ਕਰਵਾਈਆਂ।

21 ਇਜ਼ਰਾਈਲੀ ਫੌਜੀ ਮਰੇ

ਯੂਰੋਸ਼ਲਮ : ਇਜ਼ਰਾਈਲੀ ਫੌਜ ਨੇ ਕਿਹਾ ਹੈ ਕਿ ਮੱਧ ਗਾਜ਼ਾ 'ਚ ਹੋਏ ਹਮਲੇ 'ਚ ਉਸ ਦੇ 21 ਫੌਜੀ ਮਾਰੇ ਗਏ ਹਨ। ਜੰਗ ਸ਼ੁਰੂ ਹੋਣ ਤੋਂ ਬਾਅਦ ਫੌਜ ਦਾ ਇਹ ਸਭ ਤੋਂ ਵੱਡਾ ਨੁਕਸਾਨ ਹੈ। ਫੌਜ ਦੇ ਮੁੱਖ ਬੁਲਾਰੇ ਨੇ ਕਿਹਾ ਕਿ ਫੌਜੀ ਮੱਧ ਗਾਜ਼ਾ 'ਚ ਦੋ ਘਰਾਂ ਨੂੰ ਢਾਹੁਣ ਲਈ ਧਮਾਕਾਖੇਜ਼ ਸਮੱਗਰੀ ਲਗਾ ਰਹੇ ਸਨ ਤੇ ਇਸ ਦੌਰਾਨ ਅੱਤਵਾਦੀ ਨੇ ਰਾਕੇਟ ਨਾਲ ਚੱਲਣ ਵਾਲਾ ਗ੍ਰਨੇਡ ਦਾਗਿਆ। ਇਸ ਕਾਰਨ ਧਮਾਕਾਖੇਜ਼ ਸਮੱਗਰੀ ਫਟ ਗਈ ਅਤੇ ਇਮਾਰਤਾਂ ਢਹਿ ਗਈਆਂ, ਜਿਸ ਕਾਰਨ ਫੌਜੀਆਂ ਦੀ ਮਲਬੇ ਹੇਠ ਦੱਬ ਕੇ ਮੌਤ ਹੋ ਗਈ।

ਜੇ ਐਂਡ ਕੇ ਦੀ ਵੋਟਰ ਸੂਚੀ ਜਾਰੀ

ਜੰਮੂ : ਜੰਮੂ-ਕਸ਼ਮੀਰ ਦੀ ਅੰਤਿਮ ਵੋਟਰ ਸੂਚੀ ਪ੍ਰਕਾਸ਼ਤ ਹੋ ਗਈ ਹੈ, ਜਿਸ ਵਿਚ 2.31 ਲੱਖ ਤੋਂ ਵੱਧ ਵੋਟਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਮੁੱਖ ਚੋਣ ਅਧਿਕਾਰੀ ਪਾਂਡੁਰੰਗ ਨੇ ਕਿਹਾ ਹੈ ਕਿ ਅੰਤਮ ਵੋਟਰ ਸੂਚੀ 'ਚ 86.93 ਲੱਖ ਵੋਟਰ ਹਨ। ਵੋਟਰ ਸੂਚੀ ਜਾਰੀ ਹੋਣ ਨਾਲ ਵੱਖ-ਵੱਖ ਚੋਣਾਂ ਕਰਵਾਉਣ ਦਾ ਰਾਹ ਪੱਧਰਾ ਹੋ ਗਿਆ ਹੈ।

ਰਿਫੰਡ ਘਪਲਾ, 18 ਥਾਈਂ ਛਾਪੇ

ਚੰਡੀਗੜ੍ਹ : ਈ ਡੀ ਨੇ ਹਰਿਆਣਾ ਅਰਬਨ ਡਿਵੈੱਲਪਮੈਂਟ ਅਥਾਰਟੀ (ਹੁਡਾ) ਵਿਚ 70 ਕਰੋੜ ਦੇ ਕਥਿਤ ਫਰਜ਼ੀ ਰਿਫੰਡ ਘਪਲੇ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਦੇ ਹਿੱਸੇ ਵਜੋਂ ਮੰਗਲਵਾਰ ਚੰਡੀਗੜ੍ਹ, ਮੁਹਾਲੀ, ਪੰਚਕੂਲਾ ਅਤੇ ਹਿਮਾਚਲ 'ਚ 18 ਥਾਵਾਂ 'ਤੇ ਛਾਪੇਮਾਰੀ ਕੀਤੀ।

ਤਿੰਨ ਰੇਲ ਮੁਲਾਜ਼ਮਾਂ ਦੀ ਮੌਤ

ਮੁੰਬਈ : ਪਾਲਘਰ ਜ਼ਿਲ੍ਹੇ ਦੇ ਵਸਈ ਨੇੜੇ ਲੋਕਲ ਟਰੇਨ ਦੀ ਲਪੇਟ 'ਚ ਆਉਣ ਕਾਰਨ ਪੱਛਮੀ ਰੇਲਵੇ ਦੇ 3 ਮੁਲਾਜ਼ਮਾਂ ਦੀ ਮੌਤ ਹੋ ਗਈ। ਉਹ ਸਿਗਨਲ ਠੀਕ ਕਰ ਰਹੇ ਸਨ। ਘਟਨਾ ਸੋਮਵਾਰ ਰਾਤ 8.55 ਵਜੇ ਵਸਈ ਰੋਡ ਅਤੇ ਨਾਈਗਾਂਵ ਸਟੇਸ਼ਨਾਂ ਵਿਚਕਾਰ ਵਾਪਰੀ, ਜਦੋਂ ਲੋਕਲ ਟਰੇਨ ਚਰਚ ਗੇਟ ਵੱਲ ਜਾ ਰਹੀ ਸੀ।

ਸੋਨੇ-ਚਾਂਦੀ ਦੀ ਦਰਾਮਦ ਮਹਿੰਗੀ

ਨਵੀਂ ਦਿੱਲੀ : ਵਿੱਤ ਮੰਤਰਾਲੇ ਨੇ ਸੋਨੇ, ਚਾਂਦੀ ਅਤੇ ਕੀਮਤੀ ਧਾਤ ਦੇ ਸਿੱਕਿਆਂ 'ਤੇ ਦਰਾਮਦ ਡਿਊਟੀ ਮੌਜੂਦਾ 10 ਫੀਸਦੀ ਤੋਂ ਵਧਾ ਕੇ 15 ਫੀਸਦੀ ਕਰ ਦਿੱਤੀ ਹੈ। ਇਸ 'ਚ 10 ਫੀਸਦੀ ਬੇਸਿਕ ਕਸਟਮ ਡਿਊਟੀ ਅਤੇ ਪੰਜ ਫੀਸਦੀ ਖੇਤੀਬਾੜੀ ਬੁਨਿਆਦੀ ਢਾਂਚਾ ਵਿਕਾਸ ਸੈੱਸ ਸ਼ਾਮਲ ਹੈ। ਸਮਾਜ ਭਲਾਈ ਸਰਚਾਰਜ ਨੂੰ ਇਸ ਤੋਂ ਛੋਟ ਦਿੱਤੀ ਗਈ ਹੈ।

ਭਲਕੇ ਹਿਮਾਚਲ 'ਚ ਬਰਫਬਾਰੀ ਤੇ ਮੀਂਹ

ਸ਼ਿਮਲਾ : ਜਨਵਰੀ ਵਿਚ ਲੰਬੇ ਸੁੱਕੇ ਮੌਸਮ ਤੋਂ ਬਾਅਦ ਹਿਮਾਚਲ ਵਿਚ ਵੀਰਵਾਰ ਤੋਂ ਕੁਝ ਥਾਵਾਂ 'ਤੇ ਬਰਫਬਾਰੀ ਹੋਣ ਦੀ ਸੰਭਾਵਨਾ ਹੈ। ਸ਼ੁੱਕਰਵਾਰ ਅਤੇ ਸ਼ਨਿਚਰਵਾਰ ਨੂੰ ਵੀ ਕੁਝ ਉੱਚੇ ਅਤੇ ਹੇਠਲੇ ਖੇਤਰਾਂ 'ਚ ਬਰਫਬਾਰੀ ਅਤੇ ਬਾਰਸ਼ ਹੋਵੇਗੀ। ਐਤਵਾਰ ਨੂੰ ਸੂਬੇ ਦੇ ਵੱਖ-ਵੱਖ ਇਲਾਕਿਆਂ 'ਚ ਮੀਂਹ ਅਤੇ ਬਰਫਬਾਰੀ ਦੀ ਸੰਭਾਵਨਾ ਹੈ। ਹਿਮਾਚਲ 'ਚ ਇਸ ਸਾਲ ਸਰਦੀਆਂ ਦੌਰਾਨ ਸਿਰਫ 0.1 ਮਿਲੀਮੀਟਰ ਬਾਰਸ਼ ਦਰਜ ਕੀਤੀ ਗਈ ਹੈ।

ਦੇਸ਼ ਲਈ ਸ਼ਰਮ ਦੀ ਗੱਲ !

ਕੋਲਕਾਤਾ : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਮੰਗਲਵਾਰ ਕਿਹਾ ਕਿ ਦੇਸ਼ ਅੱਜ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ 127ਵਾਂ ਜਨਮ ਦਿਹਾੜਾ ਮਨਾ ਰਿਹਾ ਹੈ, ਪਰ ਇਹ ਦੇਸ਼ ਲਈ ਸ਼ਰਮ ਦੀ ਗੱਲ ਹੈ ਕਿ ਨੇਤਾ ਜੀ ਦੇ ਲਾਪਤਾ ਹੋਣ ਦੇ ਏਨੇ ਸਾਲ ਬਾਅਦ ਵੀ ਲੋਕਾਂ ਨੂੰ ਨਹੀਂ ਪਤਾ ਕਿ ਉਨ੍ਹਾ ਨਾਲ ਕੀ ਹੋਇਆ ਅਤੇ ਨਾ ਹੀ ਉਨ੍ਹਾ ਦੀ ਮੌਤ ਦੀ ਤਰੀਕ ਬਾਰੇ ਪਤਾ ਹੈ। ਉਨ੍ਹਾ ਨੇਤਾ ਜੀ ਦੇ ਲਾਪਤਾ ਹੋਣ ਦੀ ਜਾਂਚ ਕਰਨ ਦਾ ਆਪਣਾ ਵਾਅਦਾ ਪੂਰਾ ਨਾ ਕਰਨ ਲਈ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ। ਕੇਂਦਰ ਵੱਲੋਂ ਰਾਮ ਮੰਦਰ ਸਮਾਗਮ ਲਈ ਸੋਮਵਾਰ ਨੂੰ ਕੇਂਦਰ ਸਰਕਾਰ ਦੇ ਦਫਤਰਾਂ 'ਚ ਅੱਧੇ ਦਿਨ ਦੀ ਛੁੱਟੀ ਦਾ ਐਲਾਨ ਕੀਤੇ ਜਾਣ 'ਤੇ ਮਮਤਾ ਨੇ ਕਿਹਾ ਕਿ ਇਨ੍ਹਾਂ ਦਿਨਾਂ 'ਚ ਸਿਆਸੀ ਇਸ਼ਤਿਹਾਰਾਂ ਲਈ ਛੁੱਟੀਆਂ ਦਾ ਐਲਾਨ ਕੀਤਾ ਜਾਂਦਾ ਹੈ, ਪਰ ਉਨ੍ਹਾਂ ਲੋਕਾਂ ਲਈ ਕੋਈ ਐਲਾਨ ਨਹੀਂ ਕੀਤਾ ਜਾਂਦਾ, ਜਿਨ੍ਹਾਂ ਦੇਸ਼ ਦੀ ਆਜ਼ਾਦੀ ਲਈ ਲੜਦਿਆਂ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ।

ਜਵਾਲਾ ਨੇ ਤਿੰਨ ਚੀਤੇ ਜੰਮੇ

ਨਵੀਂ ਦਿੱਲੀ : ਮੱਧ ਪ੍ਰਦੇਸ਼ ਦੇ ਕੂਨੋ ਨੈਸ਼ਨਲ ਪਾਰਕ ਵਿਚ ਨਾਮੀਬੀਆਈ ਮਾਦਾ ਚੀਤੇ ਨੇ ਤਿੰਨ ਬੱਚਿਆਂ ਨੂੰ ਜਨਮ ਦਿੱਤਾ ਹੈ। ਕੇਂਦਰੀ ਵਾਤਾਵਰਨ ਮੰਤਰੀ ਭੂਪੇਂਦਰ ਯਾਦਵ ਨੇ ਇਸ ਖਬਰ ਨੂੰ ਸਾਂਝਾ ਕਰਦੇ ਹੋਏ ਕਿਹਾ-ਕੂਨੋ ਦੇ ਨਵੇਂ ਬੱਚੇ! ਨਾਮੀਬੀਆਈ ਚੀਤਾ ਜਵਾਲਾ ਨੇ ਤਿੰਨ ਬੱਚਿਆਂ ਨੂੰ ਜਨਮ ਦਿੱਤਾ ਹੈ। ਇਸ ਤੋਂ ਕੁਝ ਹਫਤੇ ਪਹਿਲਾਂ ਨਾਮੀਬੀਆਈ ਚੀਤਾ ਆਸ਼ਾ ਨੇ ਤਿੰਨ ਬੱਚਿਆਂ ਨੂੰ ਜਨਮ ਦਿੱਤਾ ਸੀ।

ਤਰਨਜੀਤ ਸੰਧੂ ਦੀ ਅਮਰੀਕੀਆਂ ਵੱਲੋਂ ਸ਼ਲਾਘਾ

ਵਾਸ਼ਿੰਗਟਨ : ਭਾਰਤ-ਅਮਰੀਕਾ ਸੰਬੰਧਾਂ ਨੂੰ ਮਜ਼ਬੂਤ ਕਰਨ 'ਚ ਅਹਿਮ ਭੂਮਿਕਾ ਨਿਭਾਉਣ ਲਈ ਇੱਥੇ ਭਾਰਤ ਦੇ ਰਾਜਦੂਤ ਤਰਨਜੀਤ ਸਿੰਘ ਸੰਧੂ ਦੀ ਸ਼ਲਾਘਾ ਕਰਦੇ ਹੋਏ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਦੇ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੇ ਕਿਹਾ ਕਿ ਇੱਥੋਂ ਜਾ ਰਹੇ ਭਾਰਤੀ ਰਾਜਦੂਤ ਨੇ ਕਈ ਵਿਕਾਸ ਕਾਰਜਾਂ ਦਾ ਆਧਾਰ ਤਿਆਰ ਕੀਤਾ ਹੈ। ਵ੍ਹਾਈਟ ਹਾਊਸ ਵਿਖੇ ਨੈਸ਼ਨਲ ਡਰੱਗ ਕੰਟਰੋਲ ਪਾਲਿਸੀ ਦੇ ਦਫਤਰ ਦੇ ਡਾਇਰੈਕਟਰ ਡਾ. ਰਾਹੁਲ ਗੁਪਤਾ ਨੇ ਕਿਹਾ-ਰਾਜਦੂਤ ਨੇ ਭਾਰਤ ਦੀ ਚੰਗੀ ਸੇਵਾ ਕੀਤੀ ਅਤੇ ਕਈ ਵਿਕਾਸ ਪਹਿਲਕਦਮੀਆਂ ਲਈ ਆਧਾਰ ਬਣਾਇਆ। ਭਾਰਤ ਅਤੇ ਅਮਰੀਕਾ ਵਿਚਾਲੇ ਇਹ ਸਫਲਤਾ ਲੰਬੇ ਸਮੇਂ ਤੱਕ ਜਾਰੀ ਰਹੇਗੀ। ਸੰਧੂ ਤਿੰਨ ਦਹਾਕਿਆਂ ਤੋਂ ਵੱਧ ਦੇ ਸ਼ਾਨਦਾਰ ਕਰੀਅਰ ਤੋਂ ਬਾਅਦ ਇਸ ਮਹੀਨੇ ਦੇ ਅੰਤ 'ਚ ਵਿਦੇਸ਼ ਸੇਵਾ ਤੋਂ ਸੇਵਾਮੁਕਤ ਹੋ ਰਹੇ ਹਨ।

ਸੁਰੱਖਿਆ ਸੀ ਆਈ ਐੱਸ ਐੱਫ ਨੇ ਸੰਭਾਲੀ

ਨਵੀਂ ਦਿੱਲੀ : 31 ਜਨਵਰੀ ਤੋਂ ਸ਼ੁਰੂ ਹੋਣ ਵਾਲੇ ਬਜਟ ਸੈਸ਼ਨ ਤੋਂ ਪਹਿਲਾਂ ਸੈਲਾਨੀਆਂ ਅਤੇ ਉਨ੍ਹਾਂ ਦੇ ਸਾਮਾਨ ਦੀ ਜਾਂਚ ਕਰਨ ਲਈ ਸੰਸਦ ਭਵਨ ਕੰਪਲੈਕਸ 'ਚ ਸੀ ਆਈ ਐੱਸ ਐਫ ਦੇ 140 ਜਵਾਨਾਂ ਦੀ ਟੁਕੜੀ ਤਾਇਨਾਤ ਕੀਤੀ ਗਈ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਪਿਛਲੇ ਸਾਲ 13 ਦਸੰਬਰ ਦੀ ਘਟਨਾ ਤੋਂ ਬਾਅਦ ਇਨ੍ਹਾਂ ਜਵਾਨਾਂ ਨੂੰ ਤਾਇਨਾਤ ਕਰਨ ਦਾ ਫੈਸਲਾ ਕੀਤਾ ਸੀ।

ਡਾਕਟਰ ਤੇ 4 ਹੋਰਨਾਂ ਖ਼ਿਲਾਫ਼ ਭ੍ਰਿਸ਼ਟਾਚਾਰ ਦਾ ਕੇਸ ਦਰਜ

ਚੰਡੀਗੜ੍ਹ (ਗੁਰਜੀਤ ਬਿੱਲਾ)

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਝੂਠੀ ਡਾਕਟਰੀ ਰਿਪੋਰਟ (ਐੱਮ ਐੱਲ ਆਰ) ਜਾਰੀ ਕਰਨ ਦੇ ਬਦਲੇ ਰਿਸ਼ਵਤ ਲੈਣ ਦੇ ਦੋਸ਼ ਵਿੱਚ ਇੱਕ ਸਰਕਾਰੀ ਡਾਕਟਰ, ਉਸ ਦੇ ਸਹਾਇਕ ਸਮੇਤ ਕੁੱਲ ਪੰਜ ਮੁਲਜ਼ਮਾਂ ਖਿਲਾਫ਼ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ। ਇਸ ਮਾਮਲੇ ਵਿੱਚ ਇੱਕ ਦਰਜਾ ਚਾਰ ਮੁਲਾਜ਼ਮ ਨੂੰ ਵਿਚੋਲਾ ਬਣ ਕੇ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕਰ ਲਿਆ ਹੈ।

ਇਹ ਪ੍ਰਗਟਾਵਾ ਕਰਦਿਆਂ ਮੰਗਲਵਾਰ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਕੁੱਲ ਪੰਜ ਮ

ਏਕਤਾ ਵਿਹਾਰ ਕਾਲੋਨੀ ਵਿਖੇ ਧਾਰਮਿਕ ਸਮਾਗਮ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਅਯੁੱਧਿਆ ਨਗਰੀ ਵਿੱਚ ਰਾਮ ਮੰਦਿਰ ਵਿੱਚ ਭਗਵਾਨ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਮੌਕੇ ਸਥਾਨਕ ਏਕਤਾ ਵਿਹਾਰ ਵਿਖੇ ਕੀਰਤਨ ਰੂਪੀ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਾਤਾ ਸ੍ਰੀਮਤੀ ਹਰਪਾਲ ਕੌਰ, ਓ.ਐੱਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਤੇ ਆਮ ਆਦਮੀ ਪਾਰਟੀ ਹਲਕਾ ਧੂਰੀ ਦੀ ਟੀਮ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ ਤੇ ਸਾਰਿਆਂ ਨੂੰ ਪ੍ਰਭੂ ਸ਼੍ਰੀ ਰਾਮ ਜੀ ਦੇ ਮੰਦਰ ਬਣਨ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਏਕਤਾ ਬਿਹਾਰ ਕਲੋਨੀ ਦੇ ਪ੍ਰਧਾਨ ਐਡਵੋਕੇਟ ਗੌਰਵ ਗੁਪਤਾ, ਸੈਕ੍ਰੇਟਰੀ ਸਤਿੰਦਰ ਕੇ. ਗੋਇਲ, ਖਜ਼ਾਨਚੀ ਬਸੰਤ ਕੁਮਾਰ ਨੇ ਦਿਵਯ ਮੰਦਿਰ ਬਣਨ 'ਤੇ ਕਲੋਨੀ ਤੇ ਸ਼ਹਿਰ ਨਿਵਾਸੀਆਂ ਨੂੰ ਮੁਬਾਰਕਾਂ ਵੀ ਦਿੱਤੀਆਂ।

ਐਗਰੀ ਇਨਪੁੱਟ ਡੀਲਰਜ਼ ਐਸੋਸੀਏਸ਼ਨ ਨੇ ਲਗਾਇਆ ਲੰਗਰ

ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਅਯੋਧਿਆ ਵਿਖੇ ਹੋਈ ਸ੍ਰੀ ਰਾਮ ਮੰਦਰ ਦੀ ਹੋਈ ਪ੍ਰਾਣ ਪ੍ਰਤਿਸ਼ਠਾ ਨੂੰ ਲੈ ਕੇ ਜਿੱਥੇ ਦੇਸ਼ ਭਰ ਵਿੱਚ ਲੋਕਾਂ ਵੱਲੋਂ ਖੁਸ਼ੀਆਂ ਮਨਾਈਆਂ ਗਈਆਂ ਅਤੇ ਲੰਗਰ ਲਗਾਏ ਗਏ ਹਨ ਉਥੇ ਹੀ ਅੱਜ ਗੁਰੂ ਹਰਸਹਾਇ ਵਿਖੇ ਵੀ ਐਗਰੀ ਇਨਪੁਟ ਡੀਲਰਜ਼ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਵਲੋਂ ਗੁਰੂ ਹਰਸਹਾਇ ਵਿਖੇ ਹਲਵੇ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਐਗਰੀ ਇਨਪੁੱਟ ਡੀਲਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਵਿਕਾਸ ਗਲੇਹਤਰਾ ਅਤੇ ਸਮੂਹ ਮੈਂਬਰਾ ਨੇ ਦੱਸਿਆ ਕਿ ਉਨ੍ਹਾਂ ਦੀ ਐਸੋਸੀਏਸ਼ਨ ਵੱਲੋਂ ਅੱਜ ਰਾਮ ਚੌਕ ਦੇ ਕੋਲ ਹਲਵੇ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ । ਇਸ ਮੌਕੇ ਉਨ੍ਹਾਂ ਕਿਹਾ ਕਿ 22 ਜਨਵਰੀ ਦਾ ਦਿਨ ਸਾਰੇ ਹੀ ਦੇਸ਼ ਵਾਸੀਆਂ ਦੇ ਲਈ ਬੜਾ ਮਹੱਤਵ ਰੱਖਣ ਵਾਲਾ ਖੁਸ਼ੀ ਭਰਿਆ ਦਿਨ ਹੈ ਕਿਉਂਕਿ ਅੱਜ ਦੇ ਦਿਨ ਪ੍ਰਭੂ ਸ੍ਰੀ ਰਾਮ ਅਯੋਧਿਆ ਵਿਖੇ ਕਰੀਬ 500 ਸਾਲਾਂ ਬਾਅਦ ਮੁੜ ਤੋਂ ਬਿਰਾਜਮਾਨ ਹੋਏ ਹਨ

ਪੁਲਸ ਸਾਂਝ ਕੇਂਦਰ ਨੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਬੱਚਿਆਂ ਨੂੰ ਬੂਟ, ਜੁਰਾਬਾਂ ਵੰਡੀਆਂ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਮਾਣਯੋਗ ਸਪੈਸ਼ਲ ਡੀ ਜੀ ਪੀ ਕਮਿਊਨਿਟੀ ਅਫੇਅਰਜ਼ ਡਵੀਜ਼ਨ ਪੰਜਾਬ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਕਮਿਊਨਿਟੀ ਪੁਲਸ ਅਫ਼ਸਰ ਮਨਮੀਤ ਸਿੰਘ ਢਿੱਲੋਂ, ਮੋਗਾ ਐਸ. ਆਈ ਹਰਜੀਤ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਏ. ਐਸ .ਆਈ ਸਰਬਜੀਤ ਸਿੰਘ ਇੰਚਾਰਜ ਸਬ ਡਵੀਜ਼ਨ ਸਾਂਝ ਕੇਦਰ ਧਰਮਕੋਟ ਸਮੇਤ ਹੌਲਦਾਰ ਹਰਜਿੰਦਰ ਸਿੰਘ ਅਤੇ ਹੌਲਦਾਰ ਦਵਿੰਦਰ ਸ਼ਰਮਾ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਅਗਵਾੜ ਕਾਲੂਕਾ ਧਰਮਕੋਟ ਵਿਖੇ ਲੋੜਵੰਦ ਬੱਚਿਆਂ ਨੂੰ ਬੂਟ ਅਤੇ ਜੁਰਾਬਾਂ ਵੰਡੀਆਂ ਗਈਆਂ। ਇਸ ਮੌਕੇ ਸਕੂਲ ਮੁਖੀ ਜਸਵਿੰਦਰ ਸਿੰਘ ਅਤੇ ਸਕੂਲ ਦਾ ਸਟਾਫ ਹਾਜ਼ਰ ਸੀ।

ਸ੍ਰੀ ਰਾਮ ਲਲਾ ਪ੍ਰਤਿਮਾ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ 'ਚ ਵਿਸ਼ਾਲ ਭੰਡਾਰਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਅਯੋਧਿਆ ਧਾਮ ਵਿਖੇ ਸ੍ਰੀ ਰਾਮ ਲਲਾ ਪ੍ਰਤਿਮਾ ਪ੍ਰਾਣ ਪ੍ਰਤਿਸ਼ਠਾ ਉਤਸਵ ਦੇ ਸਬੰਧ 'ਚ ਪੁਰਾਣੀ ਦਾਣਾ ਮੰਡੀ ਵਿਖੇ ਸਥਿਤ ਸ੍ਰੀ ਰਘੂਨਾਥ ਮੰਦਰ ਵਿਖੇ ਹੋਏ ਉਤਸਵ 'ਚ ਸ੍ਰੀ ਰਘੂਨਾਥ ਮੰਦਰ ਦੇ ਪੁਜਾਰੀ ਪੰਡਿਤ ਮਨੂੰ ਸ਼ਰਮਾ ਵੱਲੋਂ ਵਿਧੀ ਪੂਰਵਕ ਪੂਜਨ ਕਰਵਾਇਆ ਗਿਆ। ਇਸ ਮੌਕੇ ਉਤਸਵ ਦੀ ਖੁਸ਼ੀ 'ਚ ਸ਼੍ਰੀਮਦ ਭਾਗਵਤ ਕਥਾ ਸੁਸਾਇਟੀ ਵੱਲੋਂ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਸਾਇਟੀ ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਭੰਡਾਰੇ ਤੋਂ ਪਹਿਲਾਂ ਸ੍ਰੀ ਹਨੂੰਮਾਨ ਚਾਲੀਸਾ ਪਾਠ ਹੋਇਆ, ਜਿਸ ਵਿੱਚ ਸਰਵਹਿਤਕਾਰੀ ਸਕੂਲ ਦੇ ਬੱਚਿਆਂ ਨੇ ਭਾਗ ਲਿਆ ਤੇ ਆਰਤੀ ਉਪਰੰਤ ਭੰਡਾਰੇ ਦੀ ਸ਼ੁਰੂਆਤ ਸਕੂਲੀ ਬੱਚਿਆਂ ਤੋਂ ਕੀਤੀ ਗਈ।ਪ੍ਰਾਣ ਪ੍ਰਤਿਸ਼ਠਾ ਉਤਸਵ ਦੀ ਖੁਸ਼ੀ 'ਚ ਲਗਾਏ ਭੰਡਾਰੇ 'ਚ ਬਣਿਆ ਹਲਵਾ, ਚਾਵਲ, ਪੂਰੀ ਛੋਲੇ, ਪੇਠਾ ਸਬਜ਼ੀ ਤੇ ਖੀਰ ਦਾ ਸ਼ਰਧਾਲੂਆਂ ਨੇ ਖੂਬ ਆਨੰਦ ਮਾਣਿਆ।ਇਸ ਤੋਂ ਇਲਾਵਾ ਭੰਡਾਰੇ 'ਚ ਚਾਹ ਦੀ ਸੇਵਾ ਸ਼੍ਰੀ ਮਹਾਂਦੇਵ ਦਲ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀਮਦ ਭਾਗਵਤ ਕਥਾ ਸੁਸਾਇਟੀ ਦੇ ਅਹੁਦੇਦਾਰ ਗੁਰਚਰਨ ਸਿੰਘ ਸੰਧੂ ਸਾਬਕਾ ਡੀਟੀਓ, ਜੀਵਨ ਸ਼ਰਮਾ, ਪੱਪੂ ਸਿੰਗਲਾ, ਸੰਜੀਵ ਬਾਂਸਲ, ਭਾਰਤ ਅਗਰਵਾਲ, ਰਾਜਨ ਗੋਇਲ, ਦੁਰਗਾ ਗੋਇਲ, ਤਰਸੇਮ ਸੋਨੀ, ਕੁਲਦੀਪ ਗੋਇਲ, ਬਿੰਦਰ ਗੋਇਲ, ਮਨੋਜ ਗਰਗ, ਰੁਸਤਮ ਸੋਨੀ, ਵਿਕਰਾਂਤ, ਵਰੁਣ, ਮੁਕੇਸ਼ ਗੋਇਲ, ਸਵਿਕੀ ਗਰਗ ਆਦਿ ਨੇ ਲੰਗਰ ਦੀ ਸੇਵਾ ਬਾਖੂਬੀ ਨਿਭਾਈ।

ਰਾਮ ਮੰਦਰ ਦੇ ਉਦਘਾਟਨ 'ਤੇ ਵੱਖ-ਵੱਖ ਥਾਵਾਂ 'ਤੇ ਲੱਗੇ ਲੰਗਰ

ਭਗਤਾ ਭਾਈ ਕਾ (ਰਾਜੀਵ ਗੋਇਲ)-ਆਯੋਧਿਆ ਵਿਖੇ ਰਾਮ ਮੰਦਰ ਦੇ ਉਦਘਾਟਨ ਦੀ ਖੁਸ਼ੀ ਸਥਾਨਕ ਵਾਸੀਆਂ ਵੱਲੋਂ ਵੀ ਬੜੇ ਹੀ ਉਤਸ਼ਾਹ ਨਾਲ ਮਨਾਈ ਗਈ। ਜਿੱਥੇ ਸ਼ਹਿਰ ਦੇ ਵੱਖ-ਵੱਖ ਕੋਨਿਆਂ 'ਚ ਲੰਗਰ ਲਗਾਏ ਗਏ, ਉੱਥੇ ਹੀ ਮੇਨ ਚੌਕ ਵਿਖੇ ਸਕਰੀਨ ਲਗਾ ਕੇ ਲੋਕਾਂ ਨੂੰ ਰਾਮ ਮੰਦਰ ਦੇ ਲਾਈਵ ਦਰਸ਼ਨ ਵੀ ਕਰਵਾਏ ਗਏ। ਇਸ ਮੌਕੇ ਸ਼ਹਿਰ ਨੂੰ ਬੜੇ ਸੁੰਦਰ ਢੰਗ ਨਾਲ ਸਜਾਇਆ ਗਿਆ। ਲੰਗਰ ਵੀ ਲਗਾਏ ਗਏ ਅਤੇ ਖੁਸ਼ੀ ਵੀ ਸਾਂਝੀ ਕੀਤੀ ਗਈ। ਰਾਮ ਮੰਦਰ ਦੇ ਉਦਘਾਟਨ ਤੋਂ ਇੱਕ ਦਿਨ ਪਹਿਲਾਂ ਸ਼ਹਿਰ 'ਚ ਸ਼ੋਭਾ ਯਾਤਰਾ ਕੱਢੀ ਗਈ। ਸਥਾਨਕ ਸ਼ਹਿਰ ਦੀ ਗੀਤਾ ਭਵਨ ਕਮੇਟੀ ਵੱਲੋਂ ਵੀ ਕੀਰਤਨ ਉਪਰੰਤ ਇਕੱਤਰ ਸੰਗਤਾਂ ਲਈ ਛੋਲੇ ਪੂਰੀਆਂ ਅਤੇ ਮੱਕੀ ਦੀ ਰੋਟੀ ਤੇ ਸਰ੍ਹੋਂ ਦੇ ਸਾਗ ਸਮੇਤ ਲੱਸੀ ਦਾ ਲੰਗਰ ਲਗਾਇਆ ਗਿਆ। ਪੂਰਾ ਸ਼ਹਿਰ ਭਗਵੇਂ ਝੰਡਿਆਂ 'ਚ ਰੰਗਿਆ ਹੋਇਆ ਸੀ ਅਤੇ ਰਾਤ ਸਮੇਂ ਸ਼ਹਿਰ ਦੀਵੇ ਲਗਾਏ ਗਏ ਤੇ ਆਤਿਸ਼ਬਾਜ਼ੀ ਕੀਤੀ ਗਈ। ਇਸ ਵਿਸ਼ੇਸ਼ ਦਿਵਸ ਨੂੰ ਲੈ ਕੇ ਕ੍ਰਿਸ਼ਨ ਕੁਮਾਰ ਭੋਲਾ,ਗੁਰਬਿੰਦਰ ਸਿੱਧੂ, ਰਾਜਿੰਦਰ ਕੁਮਾਰ, ਪ੍ਰਦੀਪ ਕੁਮਾਰ, ਅਰਵਿੰਦ ਗੋਇਲ, ਤਰਸੇਮ ਸ਼ਰਮਾ, ਪਵਨ ਗਰਗ, ਮਿਠੁਨ ਗਰਗ, ਵਿੱਕੀ ਅਕਾਊਂਟੈਂਟ, ਬਬਲੇਸ਼ ਕੁਮਾਰ ਸਿੰਗਲਾ, ਜੈ ਪਾਲ ਡੋਡ, ਰਾਕੇਸ਼ ਕੁਮਾਰ ਸਿੰਗਲਾ, ਸੁਨੀਲ ਕੁਮਾਰ ਭਦੌੜੀਆ, ਮਹਿੰਦਰ ਕਮਰਾ, ਰਵੀ ਵਰਮਾ, ਰਾਮ ਸਿੰਘ ਮਲੂਕਾ ਸਮੇਤ ਸਮੂਹ ਸੰਗਤਾਂ ਵੱਲੋਂ ਦੇਸ਼ ਵਾਸੀਆਂ ਨੂੰ ਰਾਮ ਮੰਦਰ ਦੀ ਵਧਾਈ ਦਿੱਤੀ ਗਈ।

ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਲਗਵਾਇਆ 2 ਰਿਫਿਊਜ਼ਲ ਤੋਂ ਬਾਅਦ ਕੈਨੇਡਾ ਦਾ ਸਟੱਡੀ ਵੀਜ਼ਾ

ਕੋਟ ਇਸੇ ਖਾਂ (ਅਰੋੜਾ)-ਇਲਾਕੇ ਦੀ ਨਾਮਵਰ ਇੰਮੀਗ੍ਰੇਸ਼ਨ ਅਤੇ ਭਰੋਸੇਮੰਦ ਸੰਸਥਾ ਬੈਟਰ ਸਕਿੱਲ ਇੰਮੀਗ੍ਰੇਸ਼ਨ ਧਰਮਕੋਟ ਜੋ ਕਿ ਵਿਦੇਸ਼ ਜਾਣ ਦੇ ਚਾਹਵਾਨਾਂ ਦੇ ਸੁਪਨੇ ਸਕਾਰ ਕਰਦੀ ਆ ਰਹੀ ਹੈ ਤੇ ਇਸ ਸੰਸਥਾ ਨੇ ਵੱਖ ਵੱਖ ਪ੍ਰਕਾਰ ਦੇ ਕੈਨੇਡਾ ਵੀਜ਼ੇ ਲਗਵਾ ਕੇ ਆਪਣੀ ਵੱਖਰੀ ਹੀ ਪਹਿਚਾਣ ਬਣਾ ਲਈ ਹੈ। ਇਸ ਸਬੰਧੀ ਬੈਟਰ ਸਕਿੱਲ ਇੰਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਹਰਪ੍ਰੀਤ ਕੌਰ ਨੇ 2019 ਵਿੱਚ ਆਪਣੀ +2 ਪੂਰੀ ਕੀਤੀ ਸੀ ।ਜਿਸ ਤੋਂ ਬਾਅਦ ਹਰਪ੍ਰੀਤ ਦਾ 4 ਸਾਲਾਂ ਦਾ ਗੈਪ ਸੀ ਅਤੇ ਸਟੱਡੀ ਵੀਜ਼ਾ ਵਿੱਚੋਂ 2 ਰਿਫਿਊਜ਼ਲਾਂ ਵੀ ਸੀ। ਹਰਪ੍ਰੀਤ ਨੇ ਸਾਨੂੰ ਦਸਿਆ ਕਿ ਉਨ੍ਹਾ ਬਹੁਤ ਸਾਰੇ ਏਜੰਟਾਂ ਨਾਲ ਗੱਲਬਾਤ ਕੀਤੀ ਪਰ ਕੋਈ ਵੀ ਵੀਜ਼ਾ ਲੈ ਕੇ ਦੇਣ ਦੀ ਗਰੰਟੀ ਨਹੀਂ ਸੀ ਦੇ ਰਿਹਾ। ਫਿਰ ਕਿਸੇ ਨਜ਼ਦੀਕੀ ਰਿਸ਼ਤੇਦਾਰ ਨੇ ਬੈਟਰ ਸਕਿੱਲ ਇੰਮੀਗ੍ਰੇਸ਼ਨ ਬਾਰੇ ਦੱਸਿਆ ਅਤੇ ਉਸ ਤੋਂ ਬਾਅਦ ਉਨ੍ਹਾ ਨੇ ਸੋਸ਼ਲ ਮੀਡਿਆ 'ਤੇ ਆਏ ਹੋਏ ਸਟੱਡੀ ਵੀਜ਼ਾ ਦੇ ਰਿਜ਼ਲਟਾਂ ਨੂੰ ਦੇਖਦਿਆਂ ਬੈਟਰ ਸਕਿੱਲ ਇੰਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਸਲਾਹ ਲਈ ਤੇ 8 ਦਿਨਾਂ ਵਿੱਚ ਆਪਣਾ ਸਟੱਡੀ ਵੀਜ਼ਾ ਹਾਸਲ ਕੀਤਾ ।ਅੱਜ ਹਰਪ੍ਰੀਤ ਕੌਰ ਕੈਨੇਡਾ ਪਹੁੰਚ ਗਈ ਹੈ ।

ਘੁੱਦਾ ਦੇ ਲੋਕਾਂ ਵੱਲੋਂ ਫੜਿਆ ਚੋਰ ਪੁਲਸ ਹਿਰਾਸਤ 'ਚੋਂ ਫਰਾਰ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਬਠਿੰਡਾ ਪਿੰਡ ਘੁੱਦਾ ਦੇ ਲੋਕਾਂ ਵੱਲੋਂ ਫੜਿਆ ਗਿਆ ਚੋਰ ਪੁਲਸ ਦੀ ਹਿਰਾਸਤ ਵਿੱਚੋਂ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਕਾਰਨ ਪਿੰਡ ਵਾਸੀਆਂ ਵਿਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਪਿੰਡ ਦੇ ਲੋਕਾਂ ਦਾ ਕਹਿਣਾ ਹੈ ਕਿ ਉਕਤ ਚੋਰ ਪੁਲਸ ਮੁਲਾਜ਼ਮਾਂ ਦੀ ਲਾਪਰਵਾਹੀ ਕਾਰਨ ਫਰਾਰ ਹੋਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਤੋਂ ਪਹਿਲਾਂ ਵੀ ਇਸ ਤਰ੍ਹਾਂ ਦੇ ਕਈ ਕੇਸ ਹਨ, ਜਿਸ 'ਤੇ ਸਬੰਧਤ ਥਾਣੇ ਦੇ ਐਸ ਐਚ ਓ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਘਟਨਾ ਨੂੰ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਅਣਗਹਿਲੀ ਵਰਤਣ ਵਾਲੇ ਪੁਲਸ ਅਧਿਕਾਰੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਸਬੰਧੀ ਪਿੰਡ ਦੇ ਸਰਪੰਚ ਪ੍ਰਿਤਪਾਲ ਸਿੰਘ ਦੀ ਅਗਵਾਈ 'ਚ ਪਿੰਡ ਵਾਸੀਆਂ ਵੱਲੋਂ ਇਕ ਪ੍ਰੈੱਸ ਕਾਨਫਰੰਸ ਵੀ ਕੀਤੀ ਗਈ ਹੈ। ਇਸ ਮੌਕੇ ਕੁਲਦੀਪ ਸਿੰਘ, ਦਰਸ਼ਨ ਸਿੰਘ, ਸੁਖਪ੍ਰੀਤ ਸਿੰਘ, ਰਾਜਪ੍ਰੀਤ ਸਿੰਘ, ਨਿਰਮਲਜੀਤ ਸਿੰਘ ਅਤੇ ਪ੍ਰਿਤਪਾਲ ਸਿੰਘ ਆਦ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਲੰਘੀ 20 ਜਨਵਰੀ ਨੂੰ ਪਿੰਡ ਦੇ ਵਸਨੀਕ ਪ੍ਰਿਤਪਾਲ ਸਿੰਘ ਦੇ ਘਰ ਕੁਝ ਵਿਅਕਤੀਆਂ ਵੱਲੋਂ ਚੋਰੀ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਦੌਰਾਨ ਇਕ ਵਿਅਕਤੀ ਜਿਸ ਦੇ ਹੱਥ ਵਿਚ ਕੁਹਾੜੀ ਫੜੀ ਹੋਈ ਸੀ, ਕੰਧ ਟੱਪ ਕੇ ਘਰ ਵਿਚ ਦਾਖਲ ਹੋਣ ਦੀ ਤਾਕ ਵਿਚ ਸੀ। ਇਸ ਮੌਕੇ ਘਰ ਦੇ ਮਾਲਕ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਉਸ ਦਿਨ ਘਰ ਮੱਝ ਸੂਣ ਵਾਲੀ ਸੀ, ਜਿਸ ਕਾਰਨ ਸਾਰਾ ਟੱਬਰ ਜਾਗ ਰਿਹਾ ਸੀ। ਜਿਸ ਦੇ ਚਲਦਿਆਂ ਚੋਰਾਂ ਦੇ ਘਰ ਵਿਚ ਦਾਖਲ ਹੋਣ ਦੀ ਭਿਣਕ ਲੱਗ ਗਈ। ਪਰਵਾਰ ਵੱਲੋਂ ਉਹ ਰੌਲਾ ਪਾਉਣ 'ਤੇ ਘਰ ਦੇ ਬਾਹਰ ਖੜ੍ਹੇ ਵਿਅਕਤੀ ਮੌਕੇ ਤੋਂ ਫਰਾਰ ਹੋ ਗਏ ਜਦ ਕਿ ਕੰਧ 'ਤੇ ਚੜ੍ਹੇ ਹੋਏ ਵਿਅਕਤੀ ਨੇ ਦੂਸਰੇ ਪਾਸੇ ਛਾਲ ਮਾਰ ਕੇ ਭੱਜਣ ਦੀ ਕੋਸ਼ਿਸ਼ ਕੀਤੀ। ਪਰ ਉਦੋਂ ਤੱਕ ਪਿੰਡ ਵਾਸੀ ਇਕੱਠੇ ਹੋ ਗਏ ਸਨ, ਜਿਨ੍ਹਾਂ ਨੇ ਉਕਤ ਵਿਅਕਤੀ ਨੂੰ ਕਾਬੂ ਕਰਕੇ ਥਾਣਾ ਨੰਦਗੜ੍ਹ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ। ਸਵੇਰੇ ਸਾਢੇ ਚਾਰ ਵਜੇ ਦੇ ਕਰੀਬ ਪੁਲਸ ਮੁਲਾਜ਼ਮਾਂ ਨੇ ਮੌਕੇ 'ਤੇ ਆ ਕੇ ਉਕਤ ਚੋਰ ਨੂੰ ਹਿਰਾਸਤ ਵਿਚ ਲਿਆ ਅਤੇ ਥਾਣੇ ਲੈ ਗਏ। ਉਨ੍ਹਾਂ ਦੱਸਿਆ ਕਿ ਸਵੇਰ ਹੁੰਦੇ ਸਾਰ ਹੀ ਜਦ ਪਿੰਡ ਵਾਸੀਆਂ ਨੇ ਥਾਣੇ ਵਿਚ ਪਹੁੰਚ ਕੇ ਐਸ ਐਚ ਓ ਨਾਲ ਗੱਲ ਕੀਤੀ ਤਾਂ ਉਸ ਨੇ ਦੱਸਿਆ ਕਿ ਉਕਤ ਚੋਰ ਨੂੰ ਸੀ ਆਈ ਏ ਸਟਾਫ ਵਿਖੇ ਭੇਜਿਆ ਗਿਆ ਹੈ। ਜਿੱਥੇ ਉਸ ਕੋਲੋਂ ਪੁੱਛ ਪੜਤਾਲ ਕੀਤੀ ਜਾ ਰਹੀ। ਸਰਪੰਚ ਅਨੁਸਾਰ ਇਸ ਦੌਰਾਨ ਉਨ੍ਹਾਂ ਨੂੰ ਪਤਾ ਲੱਗਿਆ ਕਿ ਉਕਤ ਚੋਰ ਪੁਲਸ ਦੀ ਹਿਰਾਸਤ ਵਿੱਚੋਂ ਫਰਾਰ ਹੋ ਚੁੱਕਾ ਹੈ। ਸਰਪੰਚ ਸਮੇਤ ਪਹੁੰਚੇ ਪਿੰਡ ਵਾਸੀਆਂ ਨੇ ਕਿਹਾ ਕਿ ਇਹ ਪਹਿਲਾ ਮਾਮਲਾ ਨਹੀਂ ਹੈ ਜਦੋਂ ਥਾਣਾ ਨੰਦਗੜ੍ਹ ਦੇ ਪੁਲਸ ਵੱਲੋਂ ਲਾਪ੍ਰਵਾਹੀ ਦਿਖਾਈ ਗਈ ਹੈ। ਇਸ ਤੋਂ ਪਹਿਲਾਂ ਅਗਸਤ ਮਹੀਨੇ ਵਿਚ ਪਿੰਡ ਦੇ ਹੀ ਇਕ ਵਸਨੀਕ ਵਿਅਕਤੀ ਦਾ ਪੂਰਾ ਦਾ ਪੂਰਾ ਮੋਟਰ ਦਾ ਕਨੈਕਸ਼ਨ ਇਕ ਵਿਅਕਤੀ ਵੱਲੋਂ ਚੋਰੀ ਕਰ ਲਿਆ ਗਿਆ ਸੀ। ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸੇ ਤਰ੍ਹਾਂ 2021 ਵਿਚ ਵਾਟਰ ਵਰਕਸ ਤੋਂ ਮੋਟਰਾਂ ਚੋਰੀ ਹੋ ਗਈਆਂ ਸਨ ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਇਸੇ ਤਰ੍ਹਾਂ ਨਵੰਬਰ ਮਹੀਨੇ ਵਿਚ ਪਿੰਡ ਦੇ ਕੋਲ ਕੋਈ ਵਿਅਕਤੀ ਵੱਡੀ ਮਾਤਰਾ ਵਿਚ ਮਿਆਦ ਪੁਗਾ ਚੁੱਕੀਆਂ ਦਵਾਈਆਂ ਸੁੱਟ ਗਿਆ ਸੀ, ਜਿਸ ਦੀ ਸ਼ਿਕਾਇਤ ਵੀ ਥਾਣਾ ਨੰਦਗੜ੍ਹ ਪੁਲਸ ਕੋਲ ਕੀਤੀ ਗਈ ਸੀ। ਪਰ ਕੋਈ ਕਾਰਵਾਈ ਨਹੀਂ ਹੋਈ।

ਅਮਰਜੀਤ ਬੱਬਰੀ ਨੂੰ ਭਰਪੂਰ ਸ਼ਰਧਾਂਜਲੀਆਂ

ਮੋਗਾ (ਭੁਪਿੰਦਰ ਸਿੰਘ ਬੱਬਲੂ)

ਸਾਬਕਾ ਪ੍ਰਿੰਸੀਪਲ, ਉੱਘੇ ਲੇਖਕ ਤੇ 'ਨਵਾਂ ਜ਼ਮਾਨਾ' ਦੇ ਜ਼ਿਲ੍ਹਾ ਇੰਚਾਰਜ ਅਮਰਜੀਤ ਸਿੰਘ ਬੱਬਰੀ, ਜੋ ਕਿ ਬੀਤੀ 14 ਜਨਵਰੀ ਨੂੰ ਇਸ ਫ਼ਾਨੀ ਦੁਨੀ

24-Jan-PAGE-3.qxd 1/23/2024 10:29 PM Page 1

26 ਦੇ ਟਰੈਕਟਰ ਮਾਰਚ ਨੂੰ ਲੈ ਕੇ ਪਿੰਡਾਂ 'ਚ ਮੀਟਿੰਗਾਂ ਦਾ ਦੌਰ ਤੇਜ਼

ਕਲਾਨੌਰ (ਮਨਦੀਪ ਕੋਹਲੀ)-26 ਜਨਵਰੀ ਦੇ ਦਿਨ ਟਰੈਕਟਰ ਮਾਰਚ ਨੂੰ ਲੈ ਕੇ ਪਿੰਡਾਂ ਵਿੱਚ ਕਿਸਾਨ ਜਥੇਬੰਦੀਆਂ ਵੱਲੋਂ ਮੀਟਿੰਗਾਂ ਦਾ ਦੌਰ ਜਾਰੀ ਹੈ।ਇਸੇ ਸਬੰਧ ਵਿੱਚ ਪਿੰਡ ਦਲੇਲਪੁਰ ਦੇ ਕਿਸਾਨਾਂ ਵੱਲੋਂ ਵਿਸ਼ਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਪਿੰਡ ਖੁਸ਼ੀਪੁਰ ਇਕਾਈ ਦੇ ਪ੍ਰਧਾਨ ਰਜਿੰਦਰ ਸਿੰਘ, ਪਿੰਡ ਅਦਾਲਤਾਪੁਰ ਦੇ ਪ੍ਰਧਾਨ ਨੰਬਰਦਾਰ ਮਨਜੀਤ ਸਿੰਘ ਅਤੇ ਜਮਹੂਰੀ ਕਿਸਾਨ ਸਭਾ ਏਰੀਆ ਕਮੇਟੀ ਕਲਾਨੌਰ ਦੇ ਸੀਨੀਅਰ ਆਗੂ ਬਲਜੀਤ ਸਿੰਘ ਗੁਰਾਇਆ ਵੀ ਉਚੇਚੇ ਤੌਰ 'ਤੇ ਮੀਟਿੰਗ ਵਿੱਚ ਸ਼ਾਮਿਲ ਹੋਏ। ਮਟਿੰਗ ਵਿੱਚ ਵਿਚਾਰ ਵਟਾਂਦਰੇ ਉਪਰੰਤ ਜਮਹੂਰੀ ਕਿਸਾਨ ਸਭਾ ਇਕਾਈ ਦਲੇਰਪੁਰ ਦਾ ਗਠਨ ਕੀਤਾ ਗਿਆ ਜਿਸ ਵਿੱਚ ਪ੍ਰਤਾਪ ਸਿੰਘ ਜੀ ਜੇਈ ਪ੍ਰਧਾਨ, ਦਲਵਿੰਦਰ ਸਿੰਘ ਜਰਨਲ ਸਕੱਤਰ, ਸੁਖਦੇਵ ਸਿੰਘ ਬਾਜਵਾ, ਮੀਤ ਪ੍ਰਧਾਨ ਗਗਨਦੀਪ ਸਿੰਘ ਖਜਾਨਚੀ ਤੋਂ ਇਲਾਵਾ ਜਸਕਰਨ ਸਿੰਘ, ਸੁਖਪ੍ਰੀਤ ਸਿੰਘ, ਬਲਜੀਤ ਸਿੰਘ ਮੈਂਬਰ, ਚੁਣੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਕਾਹਲੋਂ ਨੇ ਸਭਾ ਦੇ ਪ੍ਰੋਗਰਾਮ ਅਤੇ ਸੰਗਠਨ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਮਨਵਾਉਣ ਲਈ ਹਰ ਪਿੰਡ ਵਿੱਚ ਸਭਾ ਦੀ ਇਕਾਈ ਦਾ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ 26 ਜਨਵਰੀ ਨੂੰ ਠੀਕ 11 ਵਜੇ ਬਾਬਾ ਕਾਰਜ ਸਟੇਡੀਅਮ ਕਲਾਨੌਰ ਕਲਾਨੌਰ ਵਿਖੇ ਠੀਕ 11 ਵਜੇ ਟਰੈਕਟਰ ਸਮੇਤ ਪਹੁੰਚਣ ਤਾਂ ਕਿ ਫਸਲਾਂ ਤੇ ਐੱਮਐੱਸਪੀ ਅਤੇ ਹੋਰ ਕਿਸਾਨੀ ਮੰਗਾਂ ਨੂੰ ਮਨਵਾਉਣ ਲਈ ਸਰਕਾਰਾਂ ਨੂੰ ਮਜਬੂਰ ਕੀਤਾ ਜਾ ਸਕੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ, ਬਲਦੇਵ ਸਿੰਘ, ਸਾਬਕਾ ਸਰਪੰਚ ਦਲੇਰਪੁਰ, ਰਤਨ ਸਿੰਘ, ਸਤਵੰਤ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਹਰਬੰਸ ਸਿੰਘ, ਗੁਰਦੀਪ ਸਿੰਘ, ਸੁਖਬੀਰ ਸਿੰਘ, ਜਸਵਿੰਦਰ ਸਿੰ, ਚਨਪ੍ਰੀਤ ਸਿੰਘ, ਗੁਰਜੀਤ ਸਿੰਘ, ਭੁਪਿੰਦਰ ਸਿੰਘ, ਅੰਮ੍ਰਿਤ ਪਾਲ ਸਿੰਘ ਅਤੇ ਜਗਮੋਹਨ ਸਿੰਘ ਆਦਿ ਹਾਜ਼ਰ ਸਨ।➜

ਗੰਨਾ ਮਿੱਲਾਂ ਵੱਲੋਂ ਕਿਸਾਨਾਂ ਨੂੰ ਪਰਚੀਆਂ ਨਾ ਮਿਲਣ ਕਰਕੇ ਕਿਸਾਨ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਗੰਨਾ ਮਿੱਲਾਂ ਵਲੋਂ ਕਿਸਾਨਾਂ ਨੂੰ ਸਮੇਂ ਸਿਰ ਪਰਚੀਆਂ ਨਾ ਮਿਲਣ ਕਰਕੇ ਕਿਸਾਨ ਪ੍ਰੇਸ਼ਾਨੀ ਦੇ ਆਲਮ ਵਿਚ ਹਨ। ਕਿਸਾਨਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ ਸਰਵੇਅਰਾਂ ਦੇ ਰਹਿਣ 'ਤੇ ਖੇਤਾਂ ਵਿਚੋਂ ਗੰਨਾ ਕਟਵਾ ਕੇ ਟਰਾਲੀਆਂ 'ਤੇ ਲੋਡ ਕਰ ਲਿਆ ਹੈ ਪਰ ਅਜੇ ਤੀਕ ਸਬੰਧਿਤ ਗੰਨਾ ਮਿੱਲਾਂ ਵੱਲੋਂ ਪਰਚੀਆਂ ਨਾ ਮਿਲਣ ਕਰਕੇ ਉਨ੍ਹਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਹੋਰ ਦੋ, ਚਾਰ ਦਿਨ ਪਰਚੀਆਂ ਨਾ ਮਿਲੀਆਂ ਤਾਂ ਇਹ ਗੰਨਾ ਟਰਾਲੀਆਂ 'ਤੇ ਪਿਆ ਸੁੱਕ ਜਾਵੇਗਾ ਅਤੇ ਉਸ ਦਾ ਭਾਰ ਵੀ ਘਟਣ ਨਾਲ ਕਿਸਾਨਾਂ ਦਾ ਆਰਥਿਕ ਤੌਰ 'ਤੇ ਕਾਫ਼ੀ ਨੁਕਸਾਨ ਹੋਵੇਗਾ। ਬੇਟ ਇਲਾਕੇ ਦੇ ਕਿਸਾਨਾਂ ਨੇ ਦੱਸਿਆ ਕਿ ਭਾਵੇਂ ਇਸ ਵਾਰ ਵੀ ਫ਼ਸਲ ਘੱਟ ਹੈ, ਉਸ ਦੇ ਬਾਵਜੂਦ ਕਿਸਾਨਾਂ ਨੂੰ ਪਰਚੀਆਂ ਨਹੀਂ ਮਿਲ ਰਹੀਆਂ ਅਤੇ ਮਿਲਾਂ ਨੇ ਆਪਣਾ ਕੈਲੰਡਰ ਜਾਰੀ ਕਰਕੇ ਦੁਚਿੱਤੀ ਵਿਚ ਪਾ ਦਿੱਤਾ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮਿੱਲਾਂ ਬਾਹਰਲੇ ਏਰੀਏ ਦੇ ਕਿਸਾਨਾਂ ਨੂੰ ਪਰਚੀਆਂ ਦਿੱਤੀਆਂ ਜਾ ਰਹੀਆਂ ਜਦਕਿ ਲੋਕਲ ਏਰੀਏ ਦੇ ਕਿਸਾਨਾਂ ਨੂੰ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਪਾਸੋਂ ਮੰਗ ਕੀਤੀ ਕਿ ਮਿਲ ਪ੍ਰਬੰਧਕਾਂ ਨੂੰ ਹਦਾਇਤਾਂ ਜਾਰੀ ਕਰਕੇ ਜਿਨ੍ਹਾਂ ਕਿਸਾਨਾਂ ਨੇ ਗੰਨੇ ਦੀ ਫ਼ਸਲ ਕੱਟੀ ਹੈ, ਉਨ੍ਹਾਂ ਨੂੰ ਤੁਰੰਤ ਪਰਚੀਆਂ ਦਵਾਈਆਂ ਜਾਣ ਜਿਸ ਨਾਲ ਉਹ ਆਰਥਿਕ ਸੰਕਟ ਤੋਂ ਬਾਹਰ ਨਿਕਲ ਸਕਣ।

ਪੰਝੀ ਸਹਾਇਕ ਲਾਈਨਮੈਨਾਂ ਨੂੰ ਨੌਕਰੀਓਂ ਡਿਸਮਸ ਕਰਨ ਵਿਰੁੱਧ ਸਰਕਾਰ/ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਸੀਆਰਏ 295/19 ਅਧੀਨ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਵਿਚੋਂ 25 ਕਰਮਚਾਰੀਆਂ ਨੂੰ ਨੌਕਰੀ ਤੋਂ ਡਿਸਮਸ ਕਰਨ ਵਿਰੁੱਧ ਸਰਕਲ ਦਫਤਰ ਵਿਖੇ ਸਾਥੀ ਸਾਹਿਬ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਮੈਨੇਜਮੈਂਟ ਤੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਬਲਵਿੰਦਰ ਉਦੀਪੁਰ ਨੇ ਦਸਿਆ ਕਿ ਕਰਮਚਾਰੀਆਂ ਦੇ ਦਸਤਾਵੇਜ਼ਾਂ ਦੀ ਜਾਂਚ ਕਰਨ ਉਪਰੰਤ ਭਰਤੀ ਕੀਤੀ ਸੀ ਅਤੇ ਵੱਖ-ਵੱਖ ਏਜੰਸੀਆਂ ਵੱਲੋਂ ਵੀ ਜਾਂਚ ਕੀਤੀ ਗਈ ਅਤੇ ਹਾਈਕੋਰਟ ਵਿਚ ਕੇਸ ਚਲ ਰਿਹਾ ਹੈ। ਕਰਮਚਾਰੀਆਂ ਨੇ ਆਪਣਾ ਤਿੰਨ ਸਾਲ ਦਾ ਪ੍ਰੋਵੀਜ਼ਨਲ ਪੀਰੀਅਡ ਸਫਲਤਾਪੂਰਵਕ ਪੂਰਾ ਕਰ ਲਿਆ ਹੈ। ਉਨ੍ਹਾਂ ਨੂੰ ਰੈਗੂਲਰ ਕਰਕੇ ਪੁਰੀਆਂ ਤਨਖਾਹਾਂ ਨਹੀਂ ਦਿਤੀਆਂ ਜਾ ਰਹੀਆਂ ਸਗੋਂ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਜਿਸ ਕਾਰਨ ਪੰਜਾਬ ਦੇ ਬਿਜਲੀ ਕਾਮਿਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਮੁਲਾਜ਼ਮ ਆਗੂਆਂ ਨੇ ਮੰਗ ਕੀਤੀ ਹੈ ਮੈਨੇਜਮੈਂਟ ਆਪਣਾ ਮਜ਼ਬੂਤ ਪੱਖ ਕੋਰਟ ਵਿੱਚ ਰੱਖ ਕੇ ਮਸਲੇ ਦਾ ਹੱਲ ਕਰੇ। ਕਰਮਚਾਰੀਆਂ ਨੂੰ ਰੈਗੂਲਰ ਕਰਕੇ ਪੂਰੀਆਂ ਤਨਖਾਹਾਂ ਰਿਲੀਜ਼ ਕੀਤੀਆਂ ਜਾਣ। ਵਾਰ ਵਾਰ ਜਾਂਚ ਕਰਕੇ ਕਰਮਚਾਰੀਆਂ ਨੂੰ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ। ਅੱਜ ਦੇ ਇਸ ਰੋਸ ਪ੍ਰਦਰਸ਼ਨ ਦੌਰਾਨ ਬਿਜਲੀ ਮੁਲਾਜ਼ਮਾਂ ਨੇ ਮੈਨੇਜਮੈਂਟ ਤੇ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਦਾ ਜਲਦੀ ਹੀ ਹੱਲ ਨਾ ਕੀਤਾ ਗਿਆ ਤਾਂ ਸਮੂਹ ਮੁਲਾਜ਼ਮਾਂ ਦੇ ਵੱਲੋਂ ਸਰਕਾਰ ਤੇ ਮੈਨੇਜਮੈਂਟ ਦੇ ਖਿਲਾਫ ਵੱਡਾ ਸੰਘਰਸ਼ ਉਲੀਕਿਆ ਜਾਵੇਗਾ ਜਿਸ ਲਈ ਸਰਕਾਰ ਤੇ ਮੈਨੇਜਮੈਂਟ ਜ਼ਿੰਮੇਵਾਰ ਹੋਵੇਗੀ। ਇਸ ਮੌਕੇ ਰਣਜੀਤ ਸਿੰਘ ਦੋਰਾਂਗਲਾ, ਜਗਤਾਰ ਸਿੰਘ, ਗੌਰਵ, ਸਤੀਸ਼ ਕੁਮਾਰ ਸੈਣੀ, ਸਤਨਾਮ ਸਿੰਘ, ਸੁਖਦੇਵ ਭੂਣਾ, ਬਿਲਾ, ਜੋਗਿੰਦਰ ਪਾਲ, ਸਤਨਾਮ ਸਿੰਘ ਅਤੇ ਦਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

ਜਮਹੂਰੀ ਕਿਸਾਨ ਸਭਾ ਵੱਲੋਂ 26 ਦੇ ਟਰੈਕਟਰ ਮਾਰਚ 'ਚ 100 ਟਰੈਕਟਰ ਲੈ ਕੇ ਸ਼ਾਮਲ ਹੋਣ ਦਾ ਐਲਾਨ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜਮਹੂਰੀ ਕਿਸਾਨ ਸਭਾ ਪੰਜਾਬ ਏਰੀਆ ਕਮੇਟੀ ਤਿੱਬੜ ਦੀ ਇੱਕ ਮੀਟਿੰਗ ਪ੍ਰਧਾਨ ਕੁਲਵਿੰਦਰ ਸਿੰਘ ਤਿੱਬੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਤਹਿਸੀਲ ਗੁਰਦਾਸਪੁਰ ਦੇ ਪ੍ਰਧਾਨ ਮੱਖਣ ਸਿੰਘ ਤਿੱਬੜ ਅਤੇ ਜਰਨੈਲ ਸਕੱਤਰ ਬਲਬੀਰ ਸਿੰਘ ਮਾੜੇ ਉਚੇਚੇ ਸ਼ਾਮਿਲ ਹੋਏ। ਅਜੀਤ ਸਿੰਘ ਹੁੰਦਲ ਜ਼ਿਲਾ ਕਮੇਟੀ ਮੈਂਬਰ ਨੇ ਵੀ ਸ਼ਮੂਲੀਅਤ ਕੀਤੀ। ਏਜੰਡੇ ਮੁਤਾਬਕ 26 ਜਨਵਰੀ ਦੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਦੇਸ਼ ਭਰ ਵਿੱਚ ਕੀਤੇ ਜਾਣ ਵਾਲੇ ਤਹਿਸੀਲ ਪੱਧਰੀ ਟਰੈਕਟਰ ਮਾਰਚ ਉੱਪਰ ਵਿਚਾਰ ਵਟਾਂਦਰਾ ਕੀਤਾ ਗਿਆ। ਗੁਰਦਾਸਪੁਰ ਦੇ ਝੰਡਾ ਮਾਰਚ ਲਈ ਜੇਲ ਰੋਡ ਗੁਰਦਾਸਪੁਰ ਉਪਰ ਸਥਿਤ ਪੁੱਡਾ ਗਰਾਊਂਡ ਤੋਂ ਟਰੈਕਟਰ ਮਾਰਚ ਸ਼ੁਰੂ ਹੋਵੇਗਾ। ਮੱਖਣ ਸਿੰਘ ਅਤੇ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਤਿੱਬੜ ਖੇਤਰ ਤੋਂ 50 ਟਰੈਕਟਰਾਂ ਦੀ ਸ਼ਮੂਲੀਅਤ ਕੀਤੀ ਜਾਵੇਗੀ ਇਸੇ ਹੀ ਤਰ੍ਹਾਂ ਘੱਟੋ ਘੱਟ 50 ਹੋਰ ਟਰੈਕਟਰ ਹੋਰ ਪਿੰਡਾਂ ਦੀਆਂ ਇਕਾਈਆਂ ਲਿਆਉਣਗੀਆਂ।ਇੰਜ ਤਹਸੀਲ ਗੁਰਦਾਸਪੁਰ ਵੱਲੋਂ ਜਮਹੂਰੀ ਕਿਸਾਨ ਸਭਾ ਵੱਲੋਂ ਇਕੱਲਿਆਂ ਹੀ 100 ਟਰੈਕਟਰਾਂ ਦਾ ਵੱਡਾ ਕਾਫਲਾ ਸੰਯੁਕਤ ਕਿਸਾਨ ਮੋਰਚਾ ਤਹਿਸੀਲ ਗੁਰਦਾਸਪੁਰ ਦੇ ਟਰੈਕਟਰ ਮਾਰਚ ਵਿੱਚ ਸ਼ਾਮਿਲ ਹੋਵੇਗਾ। ਇਸੇ ਤਰ੍ਹਾਂ ਹੋਰ ਜਥੇਬੰਦੀਆਂ ਦੇ ਟਰੈਕਟਰ ਵੀ 26 ਜਨਵਰੀ ਨੂੰ 11 ਵਜੇ ਪੁੱਡਾ ਗਰਾਊਂਡ ਜੇਲ੍ਹ ਰੋਡ ਵਿਖੇ ਇਕੱਤਰ ਹੋਣਗੇ ਅਤੇ ਬਹੁਤ ਵੱਡੀ ਗਿਣਤੀ ਵਿੱਚ ਸ਼ਹਿਰ ਗੁਰਦਾਸਪੁਰ ਵਿੱਚ ਟਰੈਕਟਰ ਮਾਰਚ ਕਰਕੇ ਗਣਤੰਤਰ ਦਿਵਸ ਤੇ ਲੋਕਾਂ ਨੂੰ ਦੱਸੇਗਾ ਕਿ ਮੋਦੀ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਤੋਂ ਮੁੱਕਰ ਗਿਆ ਹੈ।ਐੱਮਐੱਸਪੀ, ਕਰਜ਼ਾ ਮੁਆਫੀ, ਲਖੀਮਪੁਰ ਖੀਰੀ, ਖਰਾਬੇ ਦਾ ਮੁਆਵਜ਼ਾ ਅਤੇ ਦੇਸ਼ ਦੇ ਹਰ ਨਾਗਰਿਕ ਮਰਦ ਔਰਤ ਨੂੰ 10 ਹਜ਼ਾਰ ਰੁਪਏ ਬੁਢਾਪਾ ਪੈਨਸ਼ਨ, ਚਿੱਪ ਵਾਲੇ ਮੀਟਰ, ਬਿਜਲੀ ਬਿਜਲੀ ਬਿੱਲ 2022 ਵਾਪਸ ਲੈਣਾ ਆਦਿ ਮੰਗਾਂ ਦਾ ਚੇਤਾ ਕਰਾਇਆ ਜਾਵੇਗਾ। ਆਗੂਆਂ ਨੇ ਚਿੰਤਾ ਜ਼ਾਹਿਰ ਕੀਤੀ ਕਿ ਮੋਦੀ ਸਰਕਾਰ ਫਿਰ ਤੋਂ ਫ਼ਿਰਕੂ ਪੱਤਾ ਖੇਡ ਕੇ 2022 ਦੀਆਂ ਚੋਣਾਂ ਜਿੱਤਣਾ ਚਾਹੁੰਦੀ ਹੈ। ਮੋਦੀ ਦੀ ਬੀਜੇਪੀ ਸਰਕਾਰ ਨੇ ਚੋਣ ਸਮੇਂ ਕੀਤਾ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਮੰਗਾਂ ਤੋਂ ਮੁੱਕਰਨ ਕਾਰਨ ਮੋਦੀ ਸਰਕਾਰ ਨੂੰ ਚੋਣਾਂ ਵਿੱਚ ਸਬਕ ਸਿਖਾਇਆ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ ਥਾਣੇਵਾਲ, ਜਸਵੰਤ ਸਿੰਘ, ਅਮਰੀਕ ਸਿੰਘ, ਸੁੱਚਾ ਰਾਮ, ਸੁਰਿੰਦਰ ਕੁਮਾਰ, ਮਨਜਿੰਦਰ ਸਿੰਘ, ਕੁਲਵਿੰਦਰ ਸਿੰਘ, ਰਾਜ ਸਿੰਘ, ਡਾਕਟਰ ਰਾਮ ਸਿੰਘ ਆਦਿ ਹਾਜ਼ਰ ਸਨ।

ਧੋਖਾਧੜੀ ਕਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਧੋਖਾਧੜੀ ਕਰਨ ਦੇ ਦੋਸ਼ਾਂ ਹੇਠ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਬਾਅਦ ਇਨਕੁਆਰੀ ਉਪ ਪੁਲਸ ਕਪਤਾਨ ਪੀਬੀਆਈ ਹੋਮੀਸਾਈਡ ਐਂਡ ਫੋਰੈਂਸਿਕ ਗੁਰਦਾਸਪੁਰ ਦਰਜ ਰਜਿਸਟਰ ਕੀਤਾ ਗਿਆ ਹੈ। ਜਾਂਚ ਦੌਰਾਨ ਪਾਇਆ ਗਿਆ ਕਿ ਮਿਲਾਪ ਮਹਾਜਨ ਪੁੱਤਰ ਰਮੇਸ਼ ਮਹਾਜਨ ਵਾਸੀ ਜੇਲ੍ਹ ਰੋਡ ਗੁਰਦਾਸਪੁਰ ਵਲੋਂ 5 ਮਰਲੇ ਜਗ੍ਹਾ ਦਾ ਸੌਦਾ ਪੀੜਤ ਗੁਰਪ੍ਰੀਤ ਸਿੰਘ ਰਿਆੜ ਪੁੱਤਰ ਕ੍ਰਿਪਾਲ ਸਿੰਘ ਰਿਆੜ ਵਾਸੀ ਗੁਰਦਾਸਪੁਰ ਨਾਲ 35,00,000 ਰੁਪਏ ਵਿੱਚ ਹੋਇਆ ਸੀ। 21.05.2020 ਨੂੰ ਪੀੜਤ ਗੁਰਪ੍ਰੀਤ ਸਿੰਘ ਨੇ ਗਵਾਹਾਂ ਦੀ ਹਾਜ਼ਰੀ ਵਿੱਚ ਮਿਲਾਪ ਮਹਾਜਨ ਨੂੰ 20 ਲੱਖ ਰੁਪਏ ਦੇ ਕੇ ਬਿਆਨਾ ਲਿਖਵਾਇਆ ਸੀ ਅਤੇ ਰਜਿਸਟਰੀ ਦੀ ਤਾਰੀਖ 30.04.2023 ਰੱਖੀ ਗਈ ਸੀ ਪਰ ਮਿਲਾਪ ਮਹਾਜਨ ਨੇ ਨਾ ਤਾਂ ਪੀੜਤ ਨੂੰ ਰਜਿਸਟਰੀ ਕਰਕੇ ਦਿੱਤੀ ਹੈ ਅਤੇ ਨਾ ਹੀ ਉਸ ਦੇ ਪੈਸੇ ਵਾਪਿਸ ਕੀਤੇ ਹਨ। ਪੁਲਸ ਨੇ ਮਿਲਾਪ ਮਹਾਜਨ ਖ਼ਿਲਾਫ਼ 420 ਧਾਰਾ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਪੰਜਾਬ ਸਰਕਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ 9 ਅਧਿਕਾਰੀਆਂ ਨੂੰ ਨਵੀਆਂ ਸਰਕਾਰੀ ਗੱਡੀਆਂ ਮੁਹੱਈਆ ਕਰਵਾਈਆਂ

* ਗੱਡੀਆਂ ਪ੍ਰਾਪਤ ਕਰਨ ਵਾਲੇ ਅਧਿਕਾਰੀਆਂ ਨੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਡੇਰਾ ਬਾਬਾ ਨਾਨਕ/ਗੁਰਦਾਸਪੁਰ (ਰਮੇਸ਼ ਸ਼ਰਮਾ/ਜਨਕ ਮਹਾਜਨ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਿਕ ਸੁਧਾਰ ਲਗਾਤਾਰ ਜਾਰੀ ਹਨ।ਇਨ੍ਹਾਂ ਯਤਨਾ ਤਹਿਤ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਅਧਿਕਾਰੀਆਂ ਨੂੰ 9 ਨਵੀਆਂ ਗੱਡੀਆਂ ਮੁਹੱਈਆ ਕਰਵਾਈਆਂ ਗਈਆਂ ਹਨ ਤਾਂ ਜੋ ਅਧਿਕਾਰੀਆਂ ਦੀ ਫੀਲਡ ਵਿੱਚ ਪਹੁੰਚ ਆਸਾਨ ਹੋ ਸਕੇ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਆਪਣੇ ਦਫ਼ਤਰ ਵਿਖੇ ਐੱਸਡੀਐੱਮ. ਕਲਾਨੌਰ, ਐੱਸਡੀਐੱਮ. ਦੀਨਾਨਗਰ, ਐਸਡੀਐੱਮ ਫ਼ਤਿਹਗੜ੍ਹ ਚੂੜੀਆਂ, ਐੱਸਡੀਐੱਮ. ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ, ਜ਼ਿਲ੍ਹਾ ਮਾਲ ਅਫ਼ਸਰ ਗੁਰਦਾਸਪੁਰ, ਤਹਿਸੀਲਦਾਰ ਬਟਾਲਾ, ਤਹਿਸੀਲਦਾਰ ਗੁਰਦਾਸਪੁਰ, ਤਹਿਸੀਲਦਾਰ ਡੇਰਾ ਬਾਬਾ ਨਾਨਕ ਅਤੇ ਤਹਿਸੀਲਦਾਰ ਦੀਨਾਨਗਰ ਨੂੰ ਨਵੀਆਂ ਗੱਡੀਆਂ ਸਪੁਰਦ ਕੀਤੀਆਂ ਗਈਆਂ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੂੰ ਗੱਡੀਆਂ ਮਿਲਣ ਨਾਲ ਹੁਣ ਉਨ੍ਹਾਂ ਦੇ ਸਰਕਾਰੀ ਕੰਮ-ਕਾਜ ਵਿੱਚ ਕੁਸ਼ਲਤਾ ਹੋਰ ਵਧੇਗੀ ਅਤੇ ਅਧਿਕਾਰੀਆਂ ਦੀ ਫੀਲਡ ਵਿੱਚ ਪਹੁੰਚ ਆਸਾਨ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਅਧਿਕਾਰੀਆਂ ਕੋਲ ਸਰਕਾਰੀ ਗੱਡੀਆਂ ਹੋਣ ਨਾਲ ਹੁਣ ਉਹ ਬਿਨ੍ਹਾਂ ਦੇਰੀ ਫੀਲਡ ਵਿਚਲੇ ਆਪਣੇ ਕੰਮ ਨਿਪਟਾ ਸਕਣਗੇ ਅਤੇ ਇਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਵੀ ਹੱਲ ਹੋਵੇਗਾ।ਉਨ੍ਹਾਂ ਨੇ ਪੰਜਾਬ ਸਰਕਾਰ ਦਾ ਇਸ ਉਪਰਾਲੇ ਲਈ ਵਿਸ਼ੇਸ਼ ਧੰਨਵਾਦ ਕ

24-jan-PAGE-4.qxd 1/23/2024 10:28 PM Page 1

ਨਵਾਂ ਜ਼ਮਾਨਾ
ਬੁੱਧਵਾਰ, 24 ਜਨਵਰੀ 2024

ਮੋਦੀ ਦੇ ਦੱਖਣ ਦੌਰੇ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਵੇਂ ਸਾਲ ਦੀ ਸ਼ੁਰੂਆਤ ਦੱਖਣੀ ਭਾਰਤ ਦੇ ਵਾਰ-ਵਾਰ ਦੌਰੇ ਕਰਕੇ ਕੀਤੀ। 22 ਜਨਵਰੀ ਨੂੰ ਅਯੁੱਧਿਆ ਵਿਚ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਤੋਂ ਪਹਿਲਾਂ ਉਨ੍ਹਾ ਜਨਵਰੀ ਵਿਚ ਤਿੰਨ ਵਾਰ ਦੱਖਣੀ ਭਾਰਤ ਦਾ ਦੌਰਾ ਕੀਤਾ। ਉਹ ਉੱਥੋਂ ਦੇ ਉਨ੍ਹਾਂ ਪ੍ਰਮੁੱਖ ਮੰਦਰਾਂ ਵਿਚ ਗਏ, ਜਿਨ੍ਹਾਂ ਦਾ ਰਾਮਾਇਣ ਵਿਚ ਜ਼ਿਕਰ ਕੀਤਾ ਗਿਆ ਹੈ। ਚੇਨਈ ਤੇ ਰਾਮੇਸ਼ਵਰਮ ਵਿਚ ਰੋਡ ਸ਼ੋਅ ਵੀ ਕੀਤੇ। ਕਹਿਣ ਨੂੰ ਮੰਦਰਾਂ ਦੇ ਦੌਰੇ ਨਿੱਜੀ ਆਸਥਾ ਨਾਲ ਜੁੜੇ ਹੋਏ ਸਨ, ਪਰ ਸਿਆਸੀ ਮਾਹਰ ਇਸ ਨੂੰ ਲੋਕ ਸਭਾ ਚੋਣਾਂ ਨਾਲ ਜੋੜ ਕੇ ਦੇਖ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਉੱਤਰੀ ਭਾਰਤ ਵਿਚ ਭਾਜਪਾ ਦੀ ਜਿੰਨੀ ਚੜ੍ਹਤ ਮਚਣੀ ਸੀ, ਮਚ ਚੁੱਕੀ ਹੈ, ਹੁਣ ਉਸ ਦੀਆਂ ਸੀਟਾਂ ਵਧਣ ਨਹੀਂ ਲੱਗੀਆਂ, ਸਗੋਂ ਆਪੋਜ਼ੀਸ਼ਨ ਪਾਰਟੀਆਂ ਵੱਲੋਂ 'ਇੰਡੀਆ' ਗੱਠਜੋੜ ਬਣਾ ਲੈਣ ਕਰਕੇ ਘਟਣਗੀਆਂ ਹੀ। ਦੱਖਣੀ ਰਾਜਾਂ ਵਿਚ ਭਾਜਪਾ ਕਦੇ ਵੀ ਬਹੁਤੀਆਂ ਸੀਟਾਂ ਨਹੀਂ ਜਿੱਤ ਸਕੀ। ਪਿੱਛੇ ਜਿਹੇ ਤਾਂ ਕਰਨਾਟਕ ਦਾ ਰਾਜ ਵੀ ਉਸ ਦੇ ਹੱਥੋਂ ਨਿਕਲ ਗਿਆ। 2019 ਦੀਆਂ ਲੋਕ ਸਭਾ ਚੋਣਾਂ ਵਿਚ ਭਾਜਪਾ ਦੀ ਅਗਵਾਈ ਵਾਲਾ ਐੱਨ ਡੀ ਏ ਦੱਖਣੀ ਰਾਜਾਂ ਦੀਆਂ 134 ਸੀਟਾਂ ਵਿੱਚੋਂ 31 ਹੀ ਜਿੱਤ ਸਕਿਆ ਸੀ। ਕਾਂਗਰਸ ਨੇ 65 ਤੇ ਹੋਰਨਾਂ ਪਾਰਟੀਆਂ ਨੇ 36 ਸੀਟਾਂ ਜਿੱਤੀਆਂ ਸਨ। ਭਾਵੇਂ ਕਾਂਗਰਸ ਦੀ ਉੱਤਰੀ ਭਾਰਤ ਵਿਚ ਸਥਿਤੀ ਖਰਾਬ ਹੈ, ਪਰ ਦੱਖਣ ਵਿਚ ਤਿਲੰਗਾਨਾ ਤੇ ਕਰਨਾਟਕ 'ਚ ਉਸ ਦੀਆਂ ਸਰਕਾਰਾਂ ਹਨ। ਕੇਰਲਾ ਵਿਚ ਖੱਬੇ ਜਮਹੂਰੀ ਮੁਹਾਜ਼ ਤੇ ਤਾਮਿਲਨਾਡੂ ਵਿਚ ਡੀ ਐੱਮ ਕੇ ਦੀ ਅਗਵਾਈ ਵਾਲੇ ਮੁਹਾਜ਼ ਦੀ ਸਰਕਾਰ ਹੈ। ਤਿਲੰਗਾਨਾ ਦੀ ਜਿੱਤ ਤੋਂ ਬਾਅਦ ਕਾਂਗਰਸ ਦੀ ਆਂਧਰਾ ਵਿਚ ਵੀ ਸਥਿਤੀ ਸੁਧਰਦੀ ਨਜ਼ਰ ਆ ਰਹੀ ਹੈ। ਇਨ੍ਹਾਂ ਪ੍ਰਸਥਿਤੀਆਂ ਵਿਚ ਮੋਦੀ ਦੱਖਣ ਵਿਚ ਭਾਜਪਾ ਲਈ ਜ਼ਮੀਨ ਤਿਆਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਭਾਜਪਾ ਉੱਤਰੀ ਭਾਰਤ ਵਿਚ ਰਾਮ ਦੇ ਨਾਂਅ 'ਤੇ ਜਿੰਨੀਆਂ ਵੱਧ ਤੋਂ ਵੱਧ ਸੀਟਾਂ ਜਿੱਤ ਸਕਦੀ ਸੀ, ਜਿੱਤ ਚੁੱਕੀ ਹੈ। ਭਾਜਪਾ ਨੂੰ ਸਾਫ ਨਜ਼ਰ ਆ ਰਿਹਾ ਹੈ ਕਿ 'ਇੰਡੀਆ' ਗੱਠਜੋੜ ਇਸ ਖਿੱਤੇ ਵਿਚ ਉਸ ਨੂੰ ਖੋਰਾ ਲਾਏਗਾ। ਇਹੀ ਵਜ੍ਹਾ ਹੈ ਕਿ ਦੱਖਣੀ ਭਾਰਤ ਵਿਚ ਮੌਜੂਦਗੀ ਵਧਾਉਣ ਲਈ ਮੋਦੀ ਨੇ ਖੁਦ ਕਮਾਨ ਸੰਭਾਲੀ ਹੈ। ਹੈਰਾਨੀ ਨਹੀਂ ਹੋਵੇਗੀ ਕਿ ਉਹ ਅਗਲੀਆਂ ਲੋਕ ਸਭਾ ਚੋਣਾਂ ਵਿਚ ਉੱਤਰੀ ਭਾਰਤ ਨਾਲੋਂ ਵੱਧ ਜ਼ੋਰ ਦੱਖਣੀ ਤੇ ਪੂਰਬੀ ਭਾਰਤ ਵਿਚ ਲਾਉਣ। ਹਾਲਾਂਕਿ ਉੱਤਰ-ਪੂਰਬ ਦੇ ਬਹੁਤੇ ਰਾਜਾਂ ਵਿਚ ਭਾਜਪਾ ਤੇ ਉਸ ਦੇ ਇਤਿਹਾਦੀ ਰਾਜ ਕਰ ਰਹੇ ਹਨ, ਪਰ ਥੋਕ ਸੀਟਾਂ ਵਾਲੇ ਰਾਜਾਂ ਪੱਛਮੀ ਬੰਗਾਲ ਤੇ ਬਿਹਾਰ ਵਿਚ ਆਪੋਜ਼ੀਸ਼ਨ ਪਾਰਟੀਆਂ ਦਾ ਰਾਜ ਹੈ।

ਤੁਸੀਂ ਕੀ ਚੁਣਨਾ ਪਸੰਦ ਕਰੋਗੇ—ਸੰਸਦੀ ਲੋਕਤੰਤਰ ਜਾਂ ਫਾਸ਼ੀਵਾਦ ?

ਜ਼ਾਹਰ ਹੈ ਕਿ ਇਸ ਬਾਬਤ ਕਈ ਖ਼ੱਬੀਆਂ ਧਿਰਾਂ ਦਾ ਤਰਕ ਹੋਵੇਗਾ ਕਿ ਇਹ ਫਾਸ਼ਿਜ਼ਮ ਨਹੀਂ, ਬਲਕਿ ਇਹ ਬੁਰਜੂਆ ਬਨਾਮ ਬੁਰਜੂਆ ਦੀ ਹੀ ਲੜਾਈ ਹੈ। ਕਈਆਂ ਦੀ ਦਲੀਲ ਇਹ ਹੋਵੇਗੀ ਕਿ ਜੇਕਰ ਮੋਦੀ ਰਾਜ ਫਾਸ਼ਿਜ਼ਮ ਹੈ, ਤਾਂ ਫਾਸ਼ਿਜ਼ਮ ਚੋਣਾਂ ਰਾਹੀਂ ਹਰਾਇਆ ਹੀ ਨਹੀਂ ਜਾ ਸਕਦਾ। ਫੇਰ ਚੋਣਾਂ ਵਿਚ ਸ਼ਮੂਲੀਅਤ ਕਿਉਂ ?

ਇਸ ਲਈ ਆਓ ਆਪਾਂ ਪਹਿਲਾਂ ਫਾਸਿਜ਼ਮ ਦੇ ਖਾਸੇ ਦੀ ਕੁਝ ਚਰਚਾ ਕਰ ਲਈਏ।ਫਾਸਿਜ਼ਮ ਉਹ ਬੇਹੱਦ ਘਾਤਕ ਵਿਚਾਰਧਾਰਾ ਹੈ, ਜਿਸ ਨੂੰ ਡੂੰਘੇ ਸਰਬਪੱਖੀ ਸੰਕਟ ਵਿਚ ਫਸੀ ਬੁਰਜੂਆਜੀ/ਸਰਮਾਏਦਾਰੀ ਹੀ ਆਪਣੇ ਸ਼ਾਸਨ ਦੀ ਉਮਰ ਲੰਬੀ ਕਰਨ ਲਈ ਅਮਲ ਵਿਚ ਲਿਆਉਂਦੀ ਹੈ। ਆਰ ਐੱਸ ਐੱਸ ਦੀ ਮੂਲ ਵਿਚਾਰਧਾਰਾ ਦਾ ਪ੍ਰੇਰਨਾ ਸਰੋਤ ਇਟਲੀ ਦਾ ਜ਼ਾਲਮ ਤਾਨਾਸ਼ਾਹ ਬੈਨੀਟੋ ਮੁਸੋਲਿਨੀ ਸੀ, ਜਿਸ ਦੀ ਪਾਰਟੀ ਦਾ ਨਾਂਅ ਸੀ-ਨੈਸ਼ਨਲ ਫਾਸਿਸਟ ਪਾਰਟੀ। ਇਸੇ ਤੋਂ ਬਣੇ ਹਨ ਸੰਸਾਰ ਦੇ ਦੋ ਬਹੁ-ਚਰਚਿਤ ਤੇ ਬਦਨਾਮ ਸ਼ਬਦ - ਫਾਸਿਸਟ ਅਤੇ ਫਾਸਿਜ਼ਮ। ਮੁਸੋਲਿਨੀ ਨੇ ਆਪਣੀ ਇਸ ਤਬਾਹਕੁੰਨ ਵਿਚਾਰਧਾਰਾ ਨੂੰ ਵੀਹਵੀਂ ਸਦੀ ਵਿੱਚ ਜ਼ੋਰ-ਸ਼ੋਰ ਨਾਲ ਆਪਣੇ ਦੇਸ਼ ਇਟਲੀ ਵਿਚ ਅਤੇ ਅਡੋਲਫ਼ ਹਿਟਲਰ ਨੇ ਨਾਜ਼ੀਵਾਦ ਦੇ ਨਾਂਅ ਹੇਠ ਜਰਮਨ ਵਿਚ ਲਾਗੂ ਕੀਤਾ ਸੀ। ਇਨ੍ਹਾਂ ਦੋਵਾਂ ਨੇ ਜਿੱਥੇ ਆਪੋ ਆਪਣੇ ਦੇਸ਼ਾਂ ਵਿਚ ਮਜ਼ਦੂਰਾਂ, ਕਿਸਾਨਾਂ ਦੇ ਸੰਘਰਸ਼ਾਂ ਅਤੇ ਇਨਕਲਾਬੀ ਤੇ ਜਮਹੂਰੀ ਸੰਗਠਨਾਂ ਦੇ ਨਾਲ-ਨਾਲ ਆਪਣੇ ਹਰ ਤਰ੍ਹਾਂ ਦੇ ਵਿਰੋਧੀਆਂ ਤੇ ਆਲੋਚਕਾਂ ਨੂੰ ਬੜੇ ਜ਼ਾਲਮਾਨਾ ਢੰਗਾਂ ਨਾਲ ਕੁਚਲਿਆ, ਉਥੇ ਜਪਾਨ ਦੇ ਬਾਦਸ਼ਾਹ ਨਾਲ ਮਿਲ ਕੇ ਸੰਸਾਰ ਨੂੰ ਮੁੜ ਵੰਡਣ ਲਈ ਦੂਜੀ ਸੰਸਾਰ ਜੰਗ ਵੀ ਛੇੜੀ। ਜਿਸ ਦੇ ਨਤੀਜੇ ਵਜੋਂ ਬੇਅੰਤ ਤਬਾਹੀ, ਬਰਬਾਦੀ ਦੇ ਨਾਲ-ਨਾਲ ਭਾਵੇਂ ਪੰਜ ਕਰੋੜ ਲੋਕਾਂ ਦੀਆਂ ਜਾਨਾਂ ਵੀ ਗਈਆਂ, ਪਰ ਸੰਸਾਰ ਦੀ ਬਹਾਦਰ ਜਨਤਾ ਨੇ ਆਖਰ ਫਾਸ਼ੀਵਾਦ ਤੇ ਨਾਜ਼ੀਵਾਦ ਨੂੰ ਲੱਕ ਤੋੜਵੀਂ ਹਾਰ ਦਿੱਤੀ। ਮੁਸੋਲਿਨੀ ਨੂੰ ਗ੍ਰਿਫ਼ਤਾਰ ਕਰਨ ਪਿਛੋਂ ਮਾਰ ਕੇ ਉਲਟਾ ਲਟਕਾ ਦਿੱਤਾ ਗਿਆ ਤੇ ਹਿਟਲਰ ਨੇ ਇਸ ਹਸ਼ਰ ਤੋਂ ਡਰਦਿਆਂ ਗ੍ਰਿਫਤਾਰੀ ਤੋਂ ਪਹਿਲਾਂ ਹੀ ਖੁਦਕੁਸ਼ੀ ਕਰ ਲਈ, ਪਰ ਇਨ੍ਹਾਂ ਬੁੱਚੜਾਂ ਵੱਲੋਂ ਛੇੜੀ ਸੰਸਾਰ ਜੰਗ ਦੇ ਨਤੀਜੇ ਵਜੋਂ ਇਹ ਦੋਵੇਂ ਵਸਦੇ-ਰਸਦੇ ਉੱਨਤ ਤੇ ਖੁਸ਼ਹਾਲ ਦੇਸ਼ ਵੀ ਬੁਰੀ ਤਰ੍ਹਾਂ ਤਬਾਹੀ ਤੇ ਬਰਬਾਦੀ ਦਾ ਸ਼ਿਕਾਰ ਬਣੇ। ਜ਼ਾਹਰ ਹੈ ਕਿ ਮੋਦੀ ਜੁੰਡਲੀ ਵੀ ਭਾਰਤ ਨੂੰ ਅਜਿਹੇ ਹੀ ਮਾੜੇ ਹਸ਼ਰ ਵੱਲ ਧੱਕ ਰਹੀ ਹੈ।

ਮੋਦੀ ਸਰਕਾਰ ਬਣਨ 'ਤੇ ਆਰ ਐੱਸ ਐੱਸ ਨੇ ਕਿਹਾ ਸੀ ਕਿ ਹਿੰਦੂ ਰਾਜ 800 ਸਾਲਾਂ ਬਾਅਦ ਮੁੜ ਸਥਾਪਤ ਹੋਇਆ ਹੈ, ਕਿਉਂਕਿ ਉਹ ਪਹਿਲਾ ਹਿੰਦੂ ਰਾਜਾ ਪ੍ਰਿਥਵੀ ਰਾਜ ਚੌਹਾਨ ਨੂੰ ਮੰਨਦੇ ਹਨ, ਜਿਸ ਨੂੰ 1192 ਈਸਵੀ ਵਿੱਚ ਮਹਿਮੂਦ ਗਜ਼ਨਵੀ ਦੀ ਫੌਜ ਨੇ ਬੁਰੀ ਤਰ੍ਹਾਂ ਹਰਾ ਕੇ ਉਸ ਦੇ ਸਮੁੱਚੇ ਰਾਜ ਉਤੇ ਕਬਜ਼ਾ ਕਰ ਲਿਆ ਸੀ। ਮੋਦੀ ਸਰਕਾਰ ਵੱਲੋਂ ਦੇਸ਼ ਨੂੰ ਫਾਸ਼ਿਜ਼ਮ ਵੱਲ ਲੈ ਜਾਣ ਦੇ ਅਨੇਕਾਂ ਲੱਛਣ ਉਜਾਗਰ ਹੋ ਚੁੱਕੇ ਹਨ। ਜਿਨ੍ਹਾਂ ਦੇ ਅਧਾਰ 'ਤੇ ਕਿਹਾ ਜਾ ਸਕਦਾ ਹੈ ਕਿ ਜੇਕਰ 2024 ਵਿੱਚ ਭਾਜਪਾ-ਆਰ ਐੱਸ ਐੱਸ ਦੀ ਸਰਕਾਰ ਤੀਸਰੀ ਵਾਰ ਸੱਤਾ ਵਿਚ ਆ ਜਾਂਦੀ ਹੈ, ਤਾਂ ਦੇਸ਼ ਵਿੱਚ ਮੁਕੰਮਲ ਹਿੰਦੂਤਵੀ ਫਿਰਕੂ ਕਾਰਪੋਰੇਟ ਫਾਸਿਜ਼ਮ ਸਥਾਪਤ ਹੋ ਜਾਵੇਗਾ, ਜਿਸ ਦਾ ਸਪੱਸ਼ਟ ਅਰਥ ਹੋਵੇਗਾ ਕਿ ਆਮ ਜਨਤਾ ਦੇ ਮੌਜੂਦਾ ਸੀਮਤ ਜਹੇ ਲੋਕਤੰਤਰੀ ਹੱਕਾਂ, ਅਧਿਕਾਰਾਂ, ਆਧੁਨਿਕ ਵਿਗਿਆਨਕ ਵਿਚਾਰਾਂ ਅਤੇ ਧਰਮਨਿਰਪੱਖ ਸੰਵਿਧਾਨ ਦਾ ਭੋਗ ਪੈ ਜਾਣਾ। ਫਾਸਿਸਟ ਵਿਚਾਰਧਾਰਾ ਦਾ ਸਭ ਤੋਂ ਖਤਰਨਾਕ ਰੂਪ ਹੈ - ਰਾਸ਼ਟਰਵਾਦ ਦਾ ਅੰਨਾ ਹੰਕਾਰ ਅਤੇ ਅੰਨ੍ਹਾ ਫਿਰਕੂ ਜਨੂੰਨ। ਇਸੇ ਫਿਰਕੂ ਹੰਕਾਰਵਾਦੀ (Communal Chhauvinism) ਰਾਜ ਦੀ ਸਥਾਪਤੀ ਲਈ ਮੋਦੀ ਸਰਕਾਰ ਮੁੱਖ ਧਾਰਾ ਮੀਡੀਏ ਤੇ ਸਾਰੇ ਪ੍ਰਚਾਰ ਸਾਧਨਾਂ ਨੂੰ ਪੂਰੀ ਤਰ੍ਹਾਂ ਖ਼ਰੀਦ ਚੁੱਕੀ ਹੈ। ਨਿਆਂ ਪਾਲਿਕਾ ਨੂੰ ਡਰਾ ਲਿਆ ਗਿਆ ਹੈ, ਜਿਸ ਦੀ ਵੱਡੀ ਮਿਸਾਲ ਹੈ ਸੁਪਰੀਮ ਕੋਰਟ ਵੱਲੋਂ ਧਾਰਾ 370 ਅਤੇ ਰਾਮ ਮੰਦਰ ਵਰਗੇ ਬੇਹੱਦ ਅਹਿਮ ਸੰਵਿਧਾਨਕ ਮਾਮਲਿਆਂ ਵਿਚ ਮੋਦੀ ਸਰਕਾਰ ਦੇ ਹੱਕ ਵਿੱਚ ਫੈਸਲਾ ਦੇਣਾ। ਪੁਲਸ, ਅਰਧ ਸੈਨਿਕ ਬਲਾਂ ਅਤੇ ਫੌਜ ਦਾ ਸਿਆਸੀਕਰਨ/ ਭਗਵਾਂਕਰਨ ਕਰ ਦਿੱਤਾ ਗਿਆ ਹੈ, ਕਸ਼ਮੀਰ ਅਤੇ ਮਨੀਪੁਰ ਵਿਚ ਫੌਜ ਵਲੋਂ ਨਿਭਾਇਆ ਗਿਆ ਰੋਲ ਇਸ ਦੀ ਸਪੱਸ਼ਟ ਪੁਸ਼ਟੀ ਕਰਦਾ ਹੈ। ਆਮ ਜਨਤਾ ਨੂੰ ਰਾਮ ਮੰਦਰ ਅਤੇ ਗਊ ਰੱਖਿਆ ਦੇ ਨਾਂਅ 'ਤੇ ਆਪਣੇ ਪਿੱਛੇ ਲਾਮਬੰਦ ਕੀਤਾ ਜਾ ਰਿਹਾ ਹੈ। ਵਿਦਿਅਕ ਸਿਲੇਬਸਾਂ ਤੇ ਇਤਿਹਾਸ ਨੂੰ ਮਨਮਰਜ਼ੀ ਨਾਲ ਤੋੜਿਆ-ਮਰੋੜਿਆ ਜਾ ਰਿਹਾ ਹੈ। ਯੂਨੀਵਰਸਿਟੀਆਂ ਨੂੰ ਤਬਾਹ ਕੀਤਾ ਜਾ ਰਿਹਾ ਹੈ। ਨੌਕਰਸ਼ਾਹੀ ਚਾਪਲੂਸ ਅਤੇ ਭ੍ਰਿਸ਼ਟ ਬਣਾ ਦਿੱਤੀ ਗਈ ਹੈ। ਈ ਡੀ, ਸੀ ਬੀ ਆਈ ਅਤੇ ਚੋਣ ਕਮਿਸ਼ਨ ਸਮੇਤ ਸਾਰੇ ਖੁਦਮੁਖਤਾਰ ਸੰਵਿਧਾਨਕ ਅਦਾਰੇ ਮੋਦੀ ਸਰਕਾਰ ਦੇ ਪਿੰਜਰੇ ਦੇ ਤੋਤੇ ਬਣ ਚੁੱਕੇ ਹਨ। ਆਈ ਏ ਐੱਸ, ਆਈ ਪੀ ਐਸ, ਪੀ ਸੀ ਐੱਸ, ਐਗਜ਼ੈਕਟਿਵ ਅਤੇ ਜੁਡੀਸ਼ਰੀ ਦੇ ਕਾਡਰ ਨੂੰ ਆਰ ਐੱਸ ਐੱਸ ਖੁਦ ਤਿਆਰ ਕਰ ਰਹੀ ਹੈ। ਇਹੀ ਸਾਰੇ ਸੱਤਾ (State) ਦੇ ਉਹ ਮੁੱਖ ਅੰਗ ਹਨ, ਜਿਨ੍ਹਾਂ ਉੱਪਰ ਕਬਜ਼ਾ ਕਰਕੇ ਫਾਸ਼ਿਜ਼ਮ ਵਲੋਂ ਸੱਤਾ ਦੇ ਅੰਦਰ ਡੂੰਘੀ ਘੁਸਪੈਠ ਕੀਤੀ ਜਾ ਸਕਦੀ ਹੈ। ਇਸ

ਗੁਰਮੀਤ ਸਿੰਘ ਬੱਖਤਪੁਰਾ

ਦਾ ਇਕ ਅਰਥ ਇਹ ਵੀ ਹੈ ਕਿ ਜੇਕਰ 2024 ਦੀਆਂ ਚੋਣਾਂ ਵਿੱਚ ਮੋਦੀ ਹਾਰ ਵੀ ਜਾਂਦਾ ਹੈ ਤਾਂ ਦੇਸ਼ ਉਪਰ ਫਾਸਿਜ਼ਮ ਦੇ ਭੂਤ ਦਾ ਖ਼ਤਰਾ ਬਣਿਆ ਰਹੇਗਾ। ਜਿਵੇਂ ਕਿ ਪਹਿਲਾਂ ਲਿਖਿਆ ਗਿਆ ਹੈ ਕਿ ਫਾਸ਼ਿਜ਼ਮ ਇਕ ਖਤਰਨਾਕ ਰੂੜੀਵਾਦੀ ਵਿਚਾਰਧਾਰਾ ਹੈ, ਜਿਸ ਦੀਆਂ ਜੜ੍ਹਾਂ ਮੋਦੀ ਦੇ 10 ਸਾਲਾਂ ਦੇ ਰਾਜ ਵਿੱਚ ਭਾਰਤੀ ਸਮਾਜ ਵਿਚ ਗਹਿਰੇ ਤੌਰ 'ਤੇ ਧੱਸ ਚੁੱਕੀਆਂ ਹਨ।

ਫਾਸ਼ਿਜ਼ਮ ਦੇ ਹੋਰ ਵੀ ਲੱਛਣ ਹਨ, ਜਿਵੇਂ ਫਾਸਿਸਟ ਆਪਣੇ ਲੱਛੇਦਾਰ ਭਾਸ਼ਣਾਂ ਰਾਹੀਂ ਜਨਤਾ ਸਾਹਮਣੇ ਝੂਠ ਨੂੰ ਸੱਚ ਬਣਾ ਕੇ ਪੇਸ਼ ਕਰ ਦਿੰਦੇ ਹਨ - ਜਿਵੇਂ ਕਿ ਦੇਸ਼ ਦੇ ਬਾਹਰੋਂ ਕਾਲਾ ਧਨ ਲਿਆ ਕੇ ਹਰ ਪਰਵਾਰ ਦੇ ਖਾਤੇ ਵਿੱਚ 15-15 ਲੱਖ ਰੁਪਏ ਪਾਏ ਜਾਣਗੇ, ਹਰ ਸਾਲ 2 ਕਰੋੜ ਨੌਕਰੀਆਂ ਦਿੱਤੀਆਂ ਜਾਣਗੀਆਂ, ਬੇਰੁਜ਼ਗਾਰੀ, ਮਹਿੰਗਾਈ ਖ਼ਤਮ ਕਰ ਦਿੱਤੀ ਜਾਵੇਗੀ, ਭਾਰਤ ਛੇਤੀ ਹੀ ਪੰਜ ਟ੍ਰਿਲਿਅਨ ਡਾਲਰ ਦੀ ਆਰਥਿਕਤਾ ਅਤੇ ਵਿਸ਼ਵ ਗੁਰੂ ਬਣਨ ਜਾ ਰਿਹਾ ਹੈ। ਭਾਰਤ ਦਾ ਲੋਕਤੰਤਰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੈ ਆਦਿ-ਆਦਿ। ਅਜਿਹੇ ਵੱਡੇ ਝੂਠ ਮਾਰਨਾ ਅਤੇ ਹਵਾਈ ਦਾਅਵੇ ਕਰਨਾ ਹਰ ਫਾਸ਼ਿਸਟ ਦਾ ਖਾਸਾ ਹੁੰਦਾ ਹੈ। ਕਾਮਰੇਡ ਦਮਿਤਰੋਵ ਫਾਸ਼ਿਸਟਾਂ ਦੇ ਅਜਿਹੇ ਝੂਠੇ ਨਾਹਰਿਆਂ ਤੇ ਵਾਅਦਿਆਂ ਬਾਰੇ ਦੱਸਦੇ ਹਨ ਕਿ ਉਨ੍ਹਾਂ ਦੇ ਨਾਹਰੇ ਹਨ : ਜਰਮਨੀ ਵਿਚ - ਸਰਬੱਤ ਦੀ ਭਲਾਈ ਵਿਅਕਤੀ ਦੀ ਭਲਾਈ ਤੋਂ ਉਚੇਰੀ ਹੈ। ਇਟਲੀ ਵਿਚ ਸਾਡਾ ਰਾਜ ਪੂੰਜੀਵਾਦੀ ਰਾਜ ਨਹੀਂ, ਬਲਕਿ ਸਭ ਦਾ ਸਾਂਝਾ ਨਿਗਮਨੁਮਾ (corporate) ਰਾਜ ਹੈ।ਜਪਾਨ ਵਿੱਚ ਲੁੱਟ-ਰਹਿਤ ਜਪਾਨ ਬਣਾਉਣ ਲਈ ਸਾਡਾ ਸਾਥ ਦਿਓ। ਅਮਰੀਕਾ ਵਿਚ ਦੌਲਤ ਨੂੰ ਸਾਂਝਾ ਕਰੋ, ਆਦਿ-ਆਦਿ।ਦਮਿਤਰੋਵ ਹੋਰ ਲਿਖਦੇ ਹਨ ਕਿ ਫਾਸ਼ਿਜ਼ਮ ਬੇਲਗਾਮ ਹੰਕਾਰਵਾਦ ਅਤੇ ਪਸਾਰਵਾਦੀ ਜੰਗ ਹੈ, ਫਾਸਿਜ਼ਮ ਹਲਕਿਆ ਹੋਇਆ ਪਿਛਾਖੜ ਅਤੇ ਉਲਟ ਇਨਕਲਾਬ ਹੈ, ਫਾਸਿਜ਼ਮ ਮਜ਼ਦੂਰ ਜਮਾਤ ਅਤੇ ਸਮੁੱਚੇ ਮਿਹਨਤਕਸ਼ਾਂ ਦਾ ਸਭ ਤੋਂ ਵੱਧ ਕੁੱਟਲ ਦੁਸ਼ਮਣ ਹੈ। ਇਹ ਠੀਕ ਹੈ ਕਿ ਫਾਸਿਜ਼ਮ ਨੂੰ ਹਰਾਉਣ ਲਈ ਕਮਿਊਨਿਸਟ ਹੀ ਸਭ ਤੋਂ ਮੋਹਰੀ /ਹਿਰਾਵਲ ਸ਼ਕਤੀ ਹੁੰਦੇ ਹਨ ਅਤੇ ਉਹੀ ਜਨਤਾ ਦੀ ਹਰ ਮੰਗ, ਮਸਲੇ ਬਾਰੇ ਤਿੱਖੇ ਤੇ ਬੇਕਿਰਕ ਸੰਘਰਸ਼ ਕਰਨ ਦੇ ਸਮਰੱਥ ਹਨ ਤੇ ਸੰਘਰਸ਼ ਕਰਦੇ ਹਨ, ਪਰ ਉਹ ਸਿਰਫ ਆਪਣੇ ਬਲਬੂਤੇ ਫਾਸਿਸਟ ਤਾਕਤਾਂ ਨੂੰ ਹਰਾ ਸਕਣ ਦੇ ਸਮਰੱਥ ਨਹੀਂ ਹਨ, ਇਸ ਲਈ ਉਨ੍ਹਾਂ ਨੂੰ ਫਾਸਿਸਟਾਂ ਖ਼ਿਲਾਫ਼ ਸਾਰੀਆਂ ਗੈਰ ਫਾਸਿਸਟ ਸਮਾਜਿਕ ਸਿਆਸੀ ਤਾਕਤਾਂ ਨੂੰ ਲੈ ਕੇ ਕਿਸੇ ਤਰ੍ਹਾਂ ਦਾ ਇਕ ਵਿਸ਼ਾਲ ਸਾਂਝਾ ਮੋਰਚਾ ਉਸਾਰਨ ਲਈ ਯਤਨ ਕਰਨੇ ਪੈਂਦੇ ਹਨ।

ਇਸ ਵਕਤ ਸਾਡੇ ਵੱਲੋਂ ਲੜੇ ਜਾਣ ਵਾਲੇ ਸੰਭਵ ਕਾਨੂੰਨੀ ਸੰਘਰਸ਼ਾਂ ਦਾ ਉਚਤਮ ਰੂਪ ਆ ਰਹੀ ਲੋਕ ਸਭਾ ਦੀ ਚੋਣ ਹੈ। ਜਿਸ ਨੂੰ ਮੁੱਖ ਰੱਖਦਿਆਂ ਆਰ ਐੱਸ ਐੱਸ-ਬੀ ਜੇ ਪੀ ਅਤੇ ਮੋਦੀ-ਸ਼ਾਹ ਜੁੰਡਲੀ ਰੂਪੀ ਫਾਸ਼ਿਸਟਾਂ ਦੇ ਮੁਕਾਬਲੇ ਬਹੁਤ ਸਾਰੀਆਂ ਆਪੋਜ਼ੀਸ਼ਨ ਪਾਰਟੀਆਂ ਦਾ 'ਇੰਡੀਆ' ਗੱਠਜੋੜ ਹੋਂਦ ਵਿੱਚ ਆਇਆ ਹੈ, ਜਿਸ ਵਿਚ ਸੀ ਪੀ ਆਈ (ਐਮ ਐੱਲ) ਲਿਬਰੇਸ਼ਨ ਵੀ ਸ਼ਾਮਲ ਹੈ। ਬੇਸ਼ੱਕ ਫਾਸਿਜ਼ਮ ਵਿਰੋਧੀ ਗੱਠਜੋੜ ਦੀ ਇਸ ਨੀਤੀ ਉੱਤੇ ਚੱਲਣ ਬਦਲੇ ਕੁਝ 'ਸ਼ੁਧਤਾਵਾਦੀ' ਕਮਿਊਨਿਸਟ ਧੜੇ ਲਿਬਰੇਸ਼ਨ ਨੂੰ ਸੋਧਵਾਦੀ ਐਲਾਨਣਗੇ, ਜਦੋਂ ਕਿ ਲਿਬਰੇਸ਼ਨ ਦਾ ਮੰਨਣਾ ਹੈ ਕਿ ਵੋਟਾਂ ਦਾ ਸਿੱਧਾ ਜਾਂ ਅਸਿੱਧਾ ਬਾਈਕਾਟ ਕਰਨਾ ਜਾਂ ਮਹਿਜ਼ ਆਪਣੇ ਆਪ ਨੂੰ ਇਨਕਲਾਬੀ ਸਾਬਤ ਕਰਨ ਲਈ ਹੁਣ ਇਕੱਲਿਆਂ ਚੋਣਾਂ ਲੜਨਾ, ਅੱਜ ਫਾਸਿਸਟਾਂ ਦੇ ਹੱਕ ਵਿੱਚ ਭੁਗਤਣ ਤੋਂ ਬਿਨਾਂ ਹੋਰ ਕੁਝ ਨਹੀਂ ਹੈ। ਇਸੇ ਤਰ੍ਹਾਂ ਇਹ ਕਹਿਣਾ ਕਿ ਹਾਲੇ ਦੇਸ਼ ਵਿਚ ਪੂਰਾ-ਸੂਰਾ ਫਾਸਿਜ਼ਮ ਨਹੀਂ ਆਇਆ ਤੇ ਹਾਲੇ ਇਹ ਸਿਰਫ ਕੁਝ ਫਾਸਿਸਟ ਹਮਲੇ ਹੀ ਹਨ, ਇਸ ਲਈ ਹਾਲੇ ਤੀਜੀ ਕਮਿਊਨਿਸਟ ਇੰਟਰਨੈਸ਼ਨਲ ਵੱਲੋਂ ਤਹਿ ਨੀਤੀ ਮੁਤਾਬਿਕ ਭਾਰਤ ਵਿਚ ਫਾਸ਼ੀਵਾਦ ਵਿਰੋਧੀ ਸਾਂਝਾ ਮੋਰਚਾ ਉਸਾਰਨ ਦਾ ਸਹੀ ਵਕਤ ਨਹੀਂ ਆਇਆ, ਜਦੋਂ ਕਿ ਇਕ ਦਾਰਿਸਤਾਨੀ ਕਹਾਵਤ ਹੈ 'ਜੇ ਤੁਸੀਂ ਆ ਰਹੇ ਸਾਨ੍ਹ ਨੂੰ ਸਿੰਗਾਂ ਤੋਂ ਫੜ ਕੇ ਨਹੀਂ ਰੋਕ ਸਕਦੇ, ਤਾਂ ਤੁਸੀਂ ਉਸ ਨੂੰ ਪੂਛ ਤੋਂ ਫੜ ਕੇ ਰੋਕਣ ਦੇ ਵੀ ਸਮਰੱਥ ਨਹੀਂ ਹੋ ਸਕਦੇ।'

ਕਹਿਣ ਦਾ ਭਾਵ ਹੈ ਕਿ ਦੇਸ਼ ਵਿਚ ਫਾਸ਼ਿਜ਼ਮ ਦੇ ਪੂਰੀ ਤਰ

24-JAN-PAGE-5.qxd 1/23/2024 10:26 PM Page 1

ਜਲ ਸਪਲਾਈ ਠੇਕਾ ਮੁਲਾਜਮਾਂ ਵੱਲੋਂ ਪਰਵਾਰਾਂ ਸਮੇਤ ਐਕਸੀਅਨ ਦਫਤਰ ਅੱਗੇ ਧਰਨਾ

ਜਲਾਲਾਬਾਦ (ਜੀਤ ਕੁਮਾਰ)-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਜ਼ਿਲ੍ਹਾ ਫਾਜ਼ਿਲਕਾ ਬ੍ਰਾਂਚ ਜਲਾਲਾਬਾਦ ਕਮੇਟੀ ਵੱਲੋਂ ਇਥੇ ਫਾਜ਼ਿਲਕਾ ਵਿਖੇ ਕਾਰਜਕਾਰੀ ਇੰਜੀਨੀਅਰ ਜ/ਸ ਸੈਨੀਟੇਸ਼ਨ ਮੰਡਲ ਦਫਤਰ ਅੱਗੇ ਵਰਕਰਾਂ ਵੱਲੋਂ ਪਰਿਵਾਰਾਂ ਤੇ ਬੱਚਿਆਂ ਸਮੇਤ ਰੋਹ ਭਰਪੂਰ ਧਰਨਾ ਦਿੱਤਾ ਗਿਆ ਅਤੇ ਸਰਕਾਰ ਤੇ ਮੈਨੇਜਮੈਂਟ ਦੇ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਜ਼ਿਲ੍ਹਾ ਸਲਾਹਕਾਰ ਜਸਵਿੰਦਰ ਸਿੰਘ ਚੱਕ ਜਾਨੀਸਰ, ਦਫਤਰੀ ਸਟਾਫ ਦੇ ਸੂਬਾ ਆਗੂ ਸੁਖਚੈਨ ਸਿੰਘ ਸੋਢੀ ਤੇ ਜਲਾਲਾਬਾਦ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਨੇ ਕਿਹਾ ਕਿ ਪੇਂਡੂ ਜਲ ਸਪਲਾਈ ਸਕੀਮਾਂ ਦੀ ਸਾਂਭ-ਸੰਭਾਲ, ਚਲਾਉਣ ਲਈ ਫੀਲਡ ਤੇ ਦਫਤਰਾਂ ਵਿੱਚ ਵੱਖ-ਵੱਖ ਤਰ੍ਹਾਂ ਦੇ ਕੰਮ ਲੈਣ ਲਈ ਪਹਿਲਾਂ ਸਰਕਾਰਾਂ ਦੀਆਂ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਕ ਵਰਕਰ ਦੇ ਰੂਪ 'ਚ ਰੱਖਿਆ ਗਿਆ ਸੀ, ਪਰ ਜਦ ਇਹ ਵਰਕਰ ਆਪਣੇ ਪੱਕੇ ਰੁਜ਼ਗਾਰ ਦੀ ਮੰਗ ਕਰ ਲੱਗੇ ਤਾਂ ਸਾਲ 2008 ਵਿਚ ਵਿਭਾਗੀ ਅਧਿਕਾਰੀਆਂ ਵੱਲੋਂ ਇਕ ਸੋਚੀ ਸਮਝੀ ਸਾਜ਼ਿਸ਼ ਤਹਿਤ ਇਨ੍ਹਾਂ ਵਰਕਰਾਂ ਨੂੰ ਧੱਕੇ ਨਾਲ ਇਨਲਿਸਟਮੈਂਟ ਠੇਕੇਦਾਰ ਬਣਾ ਦਿੱਤਾ ਗਿਆ ਹੈ, ਜਦੋਂਕਿ ਪਿਛਲੇ 15-20 ਸਾਲਾਂ ਤੋਂ ਲਗਾਤਾਰ ਵਿਭਾਗੀ ਅਧਿਕਾਰੀਆਂ ਵੱਲੋਂ ਪਿੰਡਾਂ 'ਚ ਘਰ-ਘਰ ਪਾਣੀ ਦੀ ਸਹੂਲਤ ਪਹੁੰਚਾਉਣ ਲਈ ਇਕੋ-ਇਕ ਵਾਟਰ ਸਕੀਮ ਤੇ ਸਮੇਂ ਸਮੇਂ ਤੇ ਹੋਰ ਵੱਖ ਵੱਖ ਕੰਮ ਲੈਣ ਲਈ (ਪੱਕੇ ਮੁਲਾਜ਼ਮਾਂ ਵਾਂਗ) ਡਿਊਟੀਆਂ ਲਗਾ ਕੇ, ਇਨ੍ਹਾਂ ਇਨਲਿਸਮੈਂਟ/ਆਊਟਸੋਰਸ ਵਰਕਰਾਂ ਪਾਸੋਂ ਫੀਲਡ ਤੇ ਦਫਤਰਾਂ 'ਚ ਸੇਵਾਵਾਂ ਲੈ ਰਹੇ ਹਨ। ਹੁਣ ਫਿਰ ਜਦੋਂ ਪੰਜਾਬ ਸਰਕਾਰ ਦੇ ਪ੍ਰੋਸਨਲ ਵਿਭਾਗ ਵੱਲੋਂ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਬਾਰੇ ਜਾਣਕਾਰੀ ਮੰਗੀ ਗਈ ਹੈ ਤਾਂ ਵਿਭਾਗੀ ਅਧਿਕਾਰੀਆਂ ਨੇ ਵਰਕਰ ਵਿਰੋਧੀ ਰਿਪੋਰਟਾਂ ਭੇਜ ਕੇ, ਇਨ੍ਹਾਂ ਵਰਕਰਾਂ ਦੇ ਕੱਚੇ-ਪਿੲਲੇ ਰੁਜ਼ਗਾਰ ਨੂੰ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸਰਕਾਰ ਤੇ ਮੈਨੇਜਮੈਂਟ ਵੱਲੋਂ ਪੈਦਾ ਕੀਤੀ ਜਾ ਰਹੀ ਮਜਬੂਰੀ ਕਾਰਨ ਹੀ ਅੱਜ ਕਹਿਰ ਦੀ ਠੰਡ ਵਿੱਚ ਸਾਰੇ ਪੰਜਾਬ 'ਚ ਜਲ ਸਪਲਾਈ ਵਿਭਾਗ 'ਚ ਸੇਵਾਵਾਂ ਦੇ ਰਹੇ ਵਰਕਰਾਂ ਵੱਲੋਂ ਪਰਿਵਾਰਾਂ ਸਮੇਤ ਬੱਚਿਆਂ ਸਮੇਤ ਧਰਨੇ ਦਿੱਤੇ ਜਾ ਰਹੇ ਹਨ ਤੇ ਵਰਕਰਾਂ ਵੱਲੋਂ ਅੱਜ ਇਥੇ ਮੰਗ ਪੱਤਰ

ਸੌਂਪੇ ਗਏ ਹਨ। ਉਨ੍ਹਾਂ ਚੇਤਾਵਨੀ ਦਿੱਤੀ ਗਈ ਕਿ ਜੇਕਰ ਮੰਗ-ਪੱਤਰ ਵਿਚ ਦਰਜ ਤਮਾਮ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ, ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤਕਰਨ/ਨਿੱਜੀਕਰਨ/ਸਕਾਡਾ ਸਿਸਟਮ ਜੋਕਿ ਲੋਕ ਤੇ ਵਰਕਰ ਵਿਰੋਧੀ ਨੀਤੀਆਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਲੋੜ ਪੈਣ 'ਤੇ ਭਵਿੱਖ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦਾ ਪ੍ਰੋਗਰਾਮ ਕਿਸੇ ਵੇਲੇ ਵੀ ਕੀਤਾ ਜਾ ਸਕਦਾ ਹੈ, ਜਿਸ ਦੇ ਜ਼ੁੰਮੇਵਾਰ ਸਿੱਧੇ ਰੂਪ ਵਿੱਚ ਸਰਕਾਰ ਤੇ ਵਿਭਾਗੀ ਅਧਿਕਾਰੀ ਹੋਣਗੇ।

ਯੂਨੀਅਨ ਵੱਲੋਂ ਪੰਜਾਬ ਸਰਕਾਰ ਤੇ ਮੈਨੇਜਮੈਂਟ ਪਾਸੋਂ ਪੁਰਜ਼ੋਰ ਮੰਗ ਕੀਤੀ ਗਈ ਹੈ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਪੇਂਡੂ ਜਲ ਸਪਲਾਈ ਸਕੀਮਾਂ ਤੇ ਇਕ ਵਰਕਰ ਦੇ ਰੂਪ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ ਆਊਟਸੋਰਸ ਠੇਕਾ ਅਧਾਰਿਤ ਮੁਲਾਜ਼ਮਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ, ਕਿਰਤ ਵਿਭਾਗ ਪੰਜਾਬ ਸਰਕਾਰ ਦੇ ਅਨੁਸਾਰ ਵਧੇ ਹੋਏ ਰੇਟ ਲਾਗੂ ਕੀਤੇ ਜਾਣ, ਜਲ ਜੀਵਨ ਮਿਸ਼ਨ ਦੇ 'ਨਲ-ਜਲ ਮਿੱਤਰ' ਤਹਿਤ ਪਿੰਡਾਂ ਵਿਚੋਂ ਇਕ ਵਿਅਕਤੀ ਨੂੰ ਵਾਟਰ ਸਪਲਾਈ ਸਕੀਮਾਂ ਦੀ ਸਾਂਭ ਸੰਭਾਲ, ਪਲਬਿੰਗ, ਇਲੈਕਟ੍ਰਿਕ ਵਰਕਸ ਆਦਿ ਦੀ ਟ੍ਰੈਨਿੰਗ ਦੇਣ ਦੇ ਜਾਰੀ ਪੱਤਰ ਨੂੰ ਤੁਰੰਤ ਰੱਦ ਕੀਤਾ ਜਾਵੇ।

ਭਾਕਿਯੂ ਏਕਤਾ ਉਗਰਾਹਾਂ ਵੱਲੋਂ 26 ਦੇ ਟਰੈਕਟਰ ਮਾਰਚ ਲਈ ਵਿਆਪਕ ਲਾਮਬੰਦੀ ਦਾ ਫੈਸਲਾ

ਮਲੋਟ (ਗੁਰਮੀਤ ਸਿੰਘ ਮੱਕੜ)

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਸੂਬਾ ਕਮੇਟੀ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਹੋਈ ਹੰਗਾਮੀ ਮੀਟਿੰਗ ਦੌਰਾਨ ਕੜਾਕੇ ਦੀ ਠੰਢ, ਧੁੰਦ ਦੇ ਮੱਦੇਨਜ਼ਰ ਪੰਜਾਬ ਸਰਕਾਰ ਵਿਰੁੱਧ ਜ਼ਿਲ੍ਹਾ ਪੱਧਰੀ ਪੰਜ ਰੋਜ਼ਾ ਦਿਨ-ਰਾਤ ਧਰਨੇ ਮੁਲਤਵੀ ਕਰਕੇ 6 ਤੋਂ 10 ਫਰਵਰੀ ਤੱਕ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਅਬਲੂ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਵਾਟਰ ਵਰਕਸ ਮਲੋਟ ਵਿਖੇ ਹੋਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸੀਨੀਅਰ ਮੀਤ ਪ੍ਰਧਾਨ, ਗੁਰਪਾਸ਼ ਸਿੰਘ ਸਿੰਘੇਵਾਲਾ ਸਹਾਇਕ ਸਕੱਤਰ ਤੇ ਗਿੱਦੜਬਾਹਾ ਬਲਾਕ ਪ੍ਰਧਾਨ ਗੁਰਮੀਤ ਸਿੰਘ ਬਿੱਟੂ ਮੱਲਣ ਨੇ ਮੀਟਿੰਗ ਦੌਰਾਨ ਦੱਸਿਆ ਕਿ ਕੌਮੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਖਦੇ ਕਿਸਾਨੀ ਮਸਲਿਆਂ ਨੂੰ ਲੈ ਕੇ 26 ਜਨਵਰੀ ਨੂੰ ਕੇਂਦਰ ਸਰਕਾਰ ਵਿਰੁੱਧ ਦੇਸ਼ ਭਰ ਵਿੱਚ ਜ਼ਿਲ੍ਹਾ/ਤਹਿਸੀਲ ਪੱਧਰੀ ਟਰੈਕਟਰ ਮਾਰਚ ਲਈ ਪੰਜਾਬ ਭਰ ਵਿਚ ਵਿਸ਼ਾਲ ਲਾਮਬੰਦੀਆਂ ਦੀ ਠੋਸ ਵਿਉਂਤਬੰਦੀ ਉਲੀਕੀ ਗਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਵਾਅਦਾ ਖਿਲਾਫੀ ਕਰਕੇ ਕਿਸਾਨ ਮਜ਼ਦੂਰ ਪੱਖੀ ਨਵੀਂ ਖੇਤੀ ਨੀਤੀ ਬਣਾਉਣ ਤੋਂ ਭੱਜਣੋਂ ਰੋਕ ਕੇ ਤੁਰੰਤ ਲਾਗੂ ਕਰਵਾਉਣ, ਬੇਜ਼ਮੀਨੇ, ਗਰੀਬ ਕਿਸਾਨਾਂ ਮਜ਼ਦੂਰਾਂ ਦੀ ਜ਼ਮੀਨੀ ਤੋਟ ਪੂਰੀ ਕਰਨ ਤੇ ਕਿਸਾਨਾਂ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ ਹਾਸਲ ਕਰਨ ਸਮੇਤ ਜਬਰਨ ਕਰਜ਼ਾ ਵਸੂਲੀ ਲਈ ਜ਼ਮੀਨਾਂ ਮਕਾਨਾਂ ਆਦਿ ਦੀਆਂ ਕੁਰਕੀਆਂ ਨਿਲਾਮੀਆਂ ਦੇ ਖਾਤਮੇ ਵਾਲਾ ਕਰਜ਼ਾ ਕਾਨੂੰਨ ਬਣਵਾਉਣ, ਫ਼ਸਲੀ ਤਬਾਹੀਆਂ ਦੇ ਲਟਕ ਰਹੇ

ਮੁਆਵਜ਼ੇ ਤੁਰੰਤ ਲੈਣ, ਪਾਣੀ ਦੇ ਕਾਰਪੋਰੇਟੀਕਰਨ ਦੀ ਨੀਤੀ ਰੱਦ ਕਰਨ, ਝੋਨੇ ਦੀ ਥਾਂ ਬਦਲਵੀਆਂ ਫ਼ਸਲਾਂ ਦੇ ਲਾਭਕਾਰੀ ਮੁੱਲ 'ਤੇ ਮੰਡੀਕਰਨ ਦੀ ਗਾਰੰਟੀ, ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨ ਵਰਗੇ ਕਈ ਭਖਦੇ ਕਿਸਾਨੀ ਮਸਲੇ ਜ਼ਿਲ੍ਹਾ ਪੱਧਰੀ ਧਰਨਿਆਂ ਦੇ ਮੁੱਦੇ ਹਨ। ਕੇਂਦਰੀ ਭਾਜਪਾ ਸਰਕਾਰ ਵਿਰੁੱਧ ਟਰੈਕਟਰ ਮਾਰਚ ਦੀਆਂ ਮੰਗਾਂ ਵਿੱਚ ਸਾਰੀਆਂ ਫਸਲਾਂ ਦੇ ਲਾਭਕਾਰੀ ਐੱਮ.ਐੱਸ.ਪੀ.ਸੀ 2+50% ਫਾਰਮੂਲੇ ਅਨੁਸਾਰ ਮਿਥਣ 'ਤੇ ਮੁਕੰਮਲ ਖਰੀਦ ਦੀ ਕਾਨੂੰਨੀ ਗਾਰੰਟੀ ਕਰਨ, ਮੁਕੰਮਲ ਕਰਜ਼ਾ ਮੁਕਤੀ, ਔਰਤਾਂ ਸਮੇਤ ਹਰ ਬੁੱਢੇ ਕਿਸਾਨ ਮਜ਼ਦੂਰ ਨੂੰ 10000 ਰੁਪਏ ਮਹੀਨਾ ਪੈਨਸ਼ਨ ਦੇਣ, ਬਿਜਲੀ ਸੋਧ ਬਿੱਲ 2021 ਰੱਦ ਕਰਨ, ਕਿਸਾਨਾਂ ਦੇ ਵੱਸੋਂ ਬਾਹਰੇ ਕਾਰਨਾਂ ਕਰਕੇ ਫਸਲਾਂ ਦੀ ਤਬਾਹੀ ਦੀ ਪੂਰੀ ਭਰਪਾਈ ਵਾਲੀ ਫ਼ਸਲੀ ਬੀਮਾ ਯੋਜਨਾ ਲਾਗੂ ਕਰਨ ਆਦਿ ਵਰਗੇ ਭਖਦੇ ਮਸਲੇ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਰੁੱਧ ਕਿਸਾਨ ਘੋਲ ਨੂੰ ਹੋਰ ਤਿੱਖਾ ਕਰਦਿਆਂ ਅਗਲੇ ਪੜਾਅ 'ਤੇ ਚੰਡੀਗੜ੍ਹ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸ ਬਾਰੇ ਠੋਸ ਐਲਾਨ 10 ਫਰਵਰੀ ਨੂੰ ਕੀਤਾ ਜਾਵੇਗਾ। ਇਸ ਮੌਕੇ ਬਲਾਕ ਲੰਬੀ ਦੇ ਜਨਰਲ ਸਕੱਤਰ ਮਲਕੀਤ ਸਿੰਘ ਗੱਗੜ, ਮੁਕਤਸਰ ਦੇ ਜਨਰਲ ਸਕੱਤਰ ਸੁਖਰਾਜ ਸਿੰਘ, ਰੂੜਿਆਂਵਾਲੀ ਮਲੋਟ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕਰਮਗੜ੍ਹ, ਗੁਰਮੀਤ ਸਿੰਘ ਗੋਲਡੀ ਮੱਲਣ ਆਗੂ ਹਾਜ਼ਰ ਸਨ।

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) : ਭਾਰਤੀ ਕਿਸਾਨ ਯੂਨੀਅਨ ਏਕਤਾ-ਉਗਰਾਹਾਂ ਦੀ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੋਈ ਹੰਗਾਮੀ ਮੀਟਿੰਗ ਦੌਰਾਨ ਕੜਾਕੇ ਦੀ ਠੰਢ ਧੁੰਦ ਦੇ ਮੱਦੇਨਜ਼ਰ ਪੰਜਾਬ ਸਰਕਾਰ ਵਿਰੁੱਧ ਜ਼ਿਲ੍ਹਾ ਪੱਧਰੀ ਪੰਜ ਰੋਜ਼ਾ ਦਿਨੇ ਰਾਤ ਧਰਨੇ ਮੁਲਤਵੀ ਕਰਕੇ 6 ਤੋਂ 10 ਫਰਵਰੀ ਤੱਕ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਤੇ ਗਿੱਦੜਬਾਹਾ ਬਲਾਕ ਪ੍ਰਧਾਨ ਗੁਰਮੀਤ ਸਿੰਘ ਬਿੱਟੂ ਮੱਲਣ ਨੇ ਮੀਟਿੰਗ ਦੌਰਾਨ ਦੱਸਿਆ ਕਿ ਕੌਮੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਖਦੇ ਕਿਸਾਨੀ ਮਸਲਿਆਂ ਨੂੰ ਲੈ ਕੇ 26 ਜਨਵਰੀ ਨੂੰ ਕੇਂਦਰ ਸਰਕਾਰ ਵਿਰੁੱਧ ਦੇਸ਼ ਭਰ ਵਿੱਚ ਜ਼ਿਲ੍ਹਾ/ਤਹਿਸੀਲ ਪੱਧਰੀ ਟਰੈਕਟਰ ਮਾਰਚ ਲਈ ਪੰਜਾਬ ਭਰ ਵਿੱਚ ਵਿਸ਼ਾਲ ਲਾਮਬੰਦੀਆਂ ਦੀ ਠੋਸ ਵਿਉਂਤਬੰਦੀ ਉਲੀਕੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਰੁੱਧ ਕਿਸਾਨ ਘੋਲ ਨੂੰ ਹੋਰ ਤਿੱਖਾ ਕਰਦਿਆਂ ਅਗਲੇ ਪੜਾਅ 'ਤੇ ਚੰਡੀਗੜ੍ਹ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸ ਬਾਰੇ ਠੋਸ ਐਲਾਨ 10 ਫਰਵਰੀ ਨੂੰ ਕੀਤਾ ਜਾਵੇਗਾ।ਇਸੇ ਤਰ੍ਹਾਂ ਕੇਂਦਰ ਸਰਕਾਰ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੇ ਜਾਣ ਵਾਲੇ ਫੈਸਲੇ ਮੁਤਾਬਕ ਕੌਮੀ ਪੱਧਰ ਦੇ ਘੋਲ ਨੂੰ ਪੂਰੀ ਤਨਦੇਹੀ ਨਾਲ ਜ਼ਿਲ੍ਹਾ ਮੁਕਤਸਰ ਵਿੱਚ ਵੀ ਲਾਗੂ ਕੀਤਾ ਜਾਵੇਗਾ ਤੇ ਵੱਧ ਤੋਂ ਵੱਧ ਕਿਸਾਨਾਂ ਨੂੰ ਪਰਿਵਾਰਾਂ ਸਮੇਤ ਸ਼ਾਮਲ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਇਕਾਈ ਪ੍ਰਧਾਨ ਗੁਰਵਿੰਦਰ ਸਿੰਘ ਸੋਨੂੰ, ਜਨਰਲ ਸਕੱਤਰ ਜਸਵਿੰਦਰ ਸਿੰਘ ਚੀਮਾ, ਵਿੱਤ ਸਕੱਤਰ ਸ਼ਿਵਰਾਜ ਸਿੰਘ ਸਿੰਮਨਾ ਤੇ ਨਿਰਮਲ ਸਿੰਘ ਨੀਟਾ, ਕੁਲਵੰਤ ਸਿੰਘ ਹਰਮੀਤ ਸਿੰਘ ਆਦਿ ਹਾਜ਼ਰ ਸਨ।

ਕਾਤਰਾਂ

26 ਨੂੰ ਹਰਾਜ 'ਚ ਕੈਂਸਰ ਚੈਕਅੱਪ ਕੈਂਪ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਹਰਾਜ ਵਿਖੇ 26 ਜਨਵਰੀ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਕੈਂਸਰ ਦੇ ਚੈਕਅੱਪ ਸਬੰਧੀ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਵੱਲੋਂ ਐਨ.ਆਰ.ਆਈ. ਸੱਜਣਾਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।ਸੁਸਾਇਟੀ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਬੇਨਤੀ ਕੀਤੀ ਕਿ ਇਸ ਕੈਂਸਰ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ ਤਾਂ ਜੋ ਸਮਾਂ ਰਹਿੰਦੇ ਇਸ ਬੁਰੀ ਬਿਮਾਰੀ ਨੂੰ ਰੋਕਿਆ ਜਾ ਸਕੇ ਅਤੇ ਤੰਦਰੁਸਤ ਜੀਵਨ ਬਤੀਤ ਕਰ ਸਕੀਏ।

ਨਵੀਂ ਕਾਲੋਨੀ 'ਚ ਸ੍ਰੀ ਰਾਮ ਮੰਦਰ ਦਾ ਭੂਮੀ ਪੂਜਨ ਕਰਾਇਆ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਸ਼ਹਿਰ ਦੀ ਤੋਤਾਪੁਰੀ ਰੋਡ 'ਤੇ ਕੱਟੀ ਜਾ ਰਹੀ ਇੱਕ ਨਵੀਂ ਕਾਲੋਨੀ ਵਿੱਚ ਸ੍ਰੀ ਰਾਮ ਮੰਦਰ ਦਾ ਨੀਂਹ ਪੱਥਰ ਰੱਖਣ ਮੌਕੇ ਭੂਮੀ ਪੂਜਨ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਮਾਤਾ ਸ੍ਰੀਮਤੀ ਹਰਪਾਲ ਕੌਰ, ਓ.ਐੱਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ, ਵਪਾਰ ਮੰਡਲ ਪੰਜਾਬ ਦੇ ਪ੍ਰਧਾਨ ਵਿਕਾਸ ਜੈਨ, 'ਆਪ' ਸ਼ਹਿਰੀ ਵਿੰਗ ਦੇ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ, ਐਡਵੋਕੇਟ ਬ੍ਰਿਜ ਭੂਸ਼ਨ ਬਾਂਸਲ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਬਲਾਕ ਪ੍ਰਧਾਨ ਸੁਖਪਾਲ ਸਿੰਘ, ਅਨਿਲ ਮਿੱਤਲ, ਨਰੇਸ਼ ਸਿੰਗਲਾ ਆਦਿ ਹਾਜ਼ਰ ਸਨ।ਇਸ ਮੌਕੇ ਸੰਗਤਾਂ ਨੂੰ ਸ੍ਰੀ ਰਾਮ ਮੰਦਰ ਪ੍ਰਾਣ-ਪ੍ਰਤਿਸ਼ਠਾ ਸਮਾਗਮ ਦੀ ਵਧਾਈ ਦਿੰਦਿਆਂ ਓ.ਐੱਸ.ਡੀ. ਉਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਨੇ ਦੁਨੀਆਂ ਨੂੰ ਸ਼ਾਂਤੀ, ਪਿਆਰ, ਸਹਿਣਸ਼ੀਲਤਾ ਤੇ ਸ਼ਾਂਝੀਵਾਲਤਾ ਦਾ ਸੁਨੇਹਾ ਦਿੱਤਾ।

400 ਗ੍ਰਾਮ ਅਫੀਮ ਸਮੇਤ ਗ੍ਰਿਫਤਾਰ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਨਸ਼ਾ ਸਮੱਗਲਰਾਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਇੰਸਪੈਕਟਰ ਸੁਨੀਲ ਕੁਮਾਰ ਮੁੱਖ ਅਫਸਰ ਥਾਣਾ ਸਿਟੀ-1 ਅਬੋਹਰ ਦੀ ਨਿਗਰਾਨੀ ਹੇਠ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਕਰਦੇ ਸਮੇਂ ਮਲੋਟ ਚੌਕ ਅਬੋਹਰ ਮੌਜੂਦ ਸੀ ਤਾਂ ਜਗਦੀਸ਼ ਪ੍ਰਸਾਦ ਪੁੱਤਰ ਗੰਗਾ ਬਿਸ਼ਨ ਵਾਸੀ ਰੋੜਾ ਤਹਿਸੀਲ ਨੋਖਾ, ਜ਼ਿਲ੍ਹਾ ਬੀਕਾਨੇਰ (ਰਾਜਸਥਾਨ) ਨੂੰ ਨਾਕਾਬੰਦੀ ਕਰਕੇ 400 ਗ੍ਰਾਮ ਅਫੀਮ ਸਮੇਤ ਗ੍ਰਿਫਤਾਰ ਕੀਤਾ ਗਿਆ। ਜਿਸ ਖਿਲਾਫ ਮੁਕੱਦਮਾ ਥਾਣਾ ਸਿਟੀ-1 ਅਬੋਹਰ ਦਰਜ ਕੀਤਾ ਗਿਆ ਹੈ। ਫੜੇ ਗਏ ਦੋਸ਼ੀ ਦੇ ਅਪਰਾਧਕ ਰਿਕਾਰਡ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਇਸ ਦੇ ਬੈਕਵਰਡ ਤੇ ਫਾਰਵਰਡ ਲਿੰਕਾਂ ਬਾਰੇ ਜਾਂਚ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਗ੍ਰਿਫਤਾਰ

page-6-24-Jan.-2024.qxd 1/23/2024 10:37 PM Page 1

ਸ਼ਾਰਟ ਸਰਕਟ ਹੋਣ ਕਾਰਨ ਘਰ ਨੂੰ ਲੱਗੀ ਭਿਆਨਕ ਅੱਗ, ਲੱਖਾਂ ਦਾ ਨੁਕਸਾਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ ਦੇ ਮੁਹੱਲਾ ਧਰਮਪੁਰਾ ਵਿਖੇ ਇਕ ਮਕਾਨ ਵਿੱਚ ਬਿਜਲੀ ਦਾ ਸ਼ਾਰਟ ਸਰਕਟ ਹੋਣ ਕਾਰਨ ਲੱਗੀ ਭਿਆਨਕ ਅੱਗ ਕਾਰਨ ਘਰ ਦਾ ਸਾਰਾ ਹੀ ਸਾਮਾਨ ਸੜ ਕੇ ਸਵਾਹ ਹੋ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਰਾਜ ਕੁਮਾਰ ਰਾਜੂ ਪੁੱਤਰ ਮੋਹਣ ਲਾਲ ਅਤੇ ਉਸਦੇ ਵੱਡੇ ਭਰਾ ਅਸ਼ਵਨੀ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਕੰਮ ਕਾਰ ਦੇ ਸਿਲਸਿਲੇ 'ਚ ਘਰੋਂ ਬਾਹਰ ਸੀ ਅਤੇ ਉਸ ਦੀ ਪਤਨੀ ਅਤੇ ਬੱਚੇ ਕਮਰੇ ਵਿੱਚ ਸਨ। ਜਦੋਂ ਬਿਜਲੀ ਦੀ ਚੰਗਿਆੜੀ ਨਾਲ ਅੱਗ ਲੱਗੀ ਤਾਂ ਉਸ ਨੂੰ ਪਤਾ ਲੱਗਾ ਅਤੇ ਉਹ ਕਮਰੇ ਵਿੱਚੋਂ ਬਾਹਰ ਆ ਕੇ ਰੌਲਾ ਪਾਇਆ ਜਦੋਂਕਿ ਆਸ ਪਾਸ ਦੇ ਗੁਆਂਢ ਲੋਕਾਂ ਨੇ ਆਣ ਕੇ ਪਾਣੀ ਦੀਆਂ ਬਾਲਟੀਆਂ ਨਾਲ ਅੱਗ 'ਤੇ ਕਾਬੂ ਪਾਇਆ। ਪਰ ਉਦੋਂ ਤੱਕ ਐੱਲਈਡੀ, ਵਾਸ਼ਿੰਗ ਮਸ਼ੀਨ, ਏਸੀ, ਫਰਿਜ, ਗੋਦਰੇਜ ਦੀ ਅਲਮਾਰੀ, ਬੈੱਡ, ਗੱਦੇ ਅਤੇ ਵੱਡੀ ਗਿਣਤੀ ਵਿੱਚ ਰਜਾਈਆਂ ਅਤੇ ਹੋਰ ਵੀ ਕੀਮਤੀ ਸਾਮਾਨ ਸੜ ਕੇ ਸਵਾਹ ਹੋ ਚੁੱਕਾ ਸੀ।ਕੁਲ 3 ਲੱਖ ਰੁਪਏ ਦੇ ਕਰੀਬ ਨੁਕਸਾਨ ਹੋਇਆ ਹੈ। ਰਾਜ ਕੁਮਾਰ ਨੇ ਅਤੇ ਉਸਦੇ ਪਰਿਵਾਰ ਨੇ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਪਰਿਵਾਰ ਸਧਾਰਨ ਅਤੇ ਗਰੀਬ ਮਜ਼ਦੂਰੀ ਕਰਨ ਵਾਲਾ ਪਰਿਵਾਰ ਹੈ।। ਉਨ੍ਹਾਂ ਦੇ ਹੋਏ ਨੁਕਸਾਨ ਦਾ ਸਰਕਾਰ ਮੁਆਵਜ਼ਾ ਦੇਵੇ।

ਐੱਚਡੀਐੱਫਸੀ ਬੈਂਕ ਦੇ 2 ਕਰੋੜ ਕ੍ਰੈਡਿਟ ਕਾਰਡ ਇਤਿਹਾਸਕ ਪ੍ਰਾਪਤੀ

ਜਲੰਧਰ : ਭਾਰਤ ਦੇ ਸਭ ਤੋਂ ਵੱਡੇ ਨਿੱਜੀ ਖੇਤਰ ਦੇ ਬੈਂਕ ਐੱਚਡੀਐੱਫਸੀ ਬੈਂਕ ਨੇ ਐਲਾਨ ਕੀਤਾ ਹੈ ਕਿ ਉਸਨੇ 2 ਕਰੋੜ ਕ੍ਰੈਡਿਟ ਕਾਰਡ ਜੈਨਰੇਟ ਕਰਕੇ ਇਤਿਹਾਸਕ ਮੀਲ ਪੱਥਰ ਹਾਸਲ ਕਰ ਲਿਆ ਹੈ। ਇਸ ਦੇ ਨਾਲ ਹੀ ਇਹ ਬੈਂਕ ਦੇਸ਼ ਦਾ ਪਹਿਲਾ ਬੈਂਕ ਬਣ ਗਿਆ ਹੈ ਜਿਸ ਨੇ ਇਹ ਉਪਲਬਧੀ ਹਾਸਲ ਕੀਤੀ ਹੈ। ਐੱਚਡੀਐੱਫਸੀ ਬੈਂਕ ਨੇ ਆਪਣਾ ਪਹਿਲਾ ਕ੍ਰੈਡਿਟ ਕਾਰਡ ਲਾਂਚ ਕਰਕੇ 2001 ਵਿੱਚ ਕ੍ਰੈਡਿਟ ਕਾਰਡ ਕਾਰੋਬਾਰ ਸ਼ੁਰੂ ਕੀਤਾ ਸੀ। ਬੈਂਕ 2017 ਵਿੱਚ ਸੀਆਈਐੱਫ 1 ਕਰੋੜ ਦੇ ਮੀਲਪੱਥਰ 'ਤੇ ਪਹੁੰਚਿਆ ਤੇ ਇਹ ਸਫਰ ਲਗਭਗ 16 ਸਾਲਾਂ ਦਾ ਸੀ। ਐੱਚਡੀਐੱਫਸੀ ਬੈਂਕ ਨੇ ਇਸ ਸੀਆਈਐੱਫ ਨੰਬਰ ਨੂੰ 6 ਸਾਲ ਅਤੇ 1 ਮਹੀਨੇ ਵਿੱਚ ਦੁੱਗਣਾ ਕਰ ਕੇ 2 ਕਰੋੜ ਰੁਪਏ ਕਰ ਦਿੱਤਾ ਹੈ। ਪਰਾਗ ਰਾਓ ਗਰੁੱਪ ਹੈੱਡ-ਭੁਗਤਾਨ, ਖਪਤਕਾਰ ਵਿੱਤ, ਮਾਰਕੀਟਿੰਗ, ਦੇਣਦਾਰੀ ਉਤਪਾਦ ਸਮੂਹ, ਟੀਪੀਪੀ, ਏਬੀਸੀਪੀ, ਗੈਰ-ਨਿਵਾਸੀ ਉਤਪਾਦ, ਜੀਆਈਬੀ ਅਤੇ ਜੀਆਈਜੀ ਬੈਂਕਿੰਗ-ਐੱਚਡੀਐੱਫਸੀ ਬੈਂਕ ਨੇ ਕਿਹਾ ਕਿ ਇਹ ਇੱਕ ਕਮਾਲ ਦਾ ਮੀਲ ਪੱਥਰ ਹੈ ਕਿਉਂਕਿ ਅਸੀਂ 2 ਕਰੋੜ ਕ੍ਰੈਡਿਟ ਕਾਰਡ ਜਾਰੀ ਕੀਤੇ ਹਨ।

ਸਰਪੰਚ ਸੋਨੂੰ ਚੀਮਾ ਦੀ ਮੌਤ 'ਤੇ ਵੱਖ-ਵੱਖ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਤੇ ਦਿਨੀਂ ਮਾਘੀ ਵਾਲੇ ਦਿਨ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਹਲਕਾ ਤਰਨ ਤਾਰਨ ਦੇ ਰਾਜਨੀਤਕ ਆਗੂ ਸਰਪੰਚ ਸੋਨੂੰ ਚੀਮਾ ਦੀ ਮੌਤ ਨਾਲ ਪੂਰੇ ਇਲਾਕੇ ਵਿੱਚ ਅੱਜ ਵੀ ਸੋਗ ਦੀ ਲਹਿਰ ਹੈ। ਲੇਖਕ ਜਸਬੀਰ ਸਿੰਘ ਝਬਾਲ, ਬਾਬਾ ਵਰਿਆਮ ਸਿੰਘ ਝਬਾਲ, ਜੋਗਾ ਸਿੰਘ ਚੀਮਾ ਅਤੇ ਗੁਰਚਰਨ ਸਿੰਘ ਖੈਰਦੀ ਨੇ ਕਿਹਾ ਕਿ ਜਿਥੇ ਸਰਪੰਚ ਸੋਨੂੰ ਚੀਮਾ ਪਿਛਲੇ ਤੀਹ ਪੈਂਤੀ ਸਾਲਾਂ ਤੋਂ ਇਲਾਕੇ ਦੀ ਸੇਵਾ ਕਰ ਰਹੇ ਸਨ। ਝਬਾਲ ਪੁਖਤਾ ਸਮੇਤ ਆਸ-ਪਾਸ ਦੇ ਪਿੰਡਾਂ 'ਚ ਵਿਕਾਸ ਕਾਰਜਾਂ ਨੂੰ ਪਹਿਲ ਦਿੰਦੇ ਸਨ। ਗਰੀਬ ਪਰਿਵਾਰਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿੰਦੇ ਸਨ ਪਰ ਜ਼ਾਲਮਾਂ ਨੇ ਸੋਨੂੰ ਚੀਮਾ ਦੇ ਰੂਪ 'ਚ ਇੱਕ ਵੱਡੀ ਸੰਸਥਾ ਨੂੰ ਹੀ ਖਤਮ ਕਰ ਦਿੱਤਾ ਜਿਸ ਦੀ ਘਾਟ ਕਦੇ ਵੀ ਪੂਰੀ ਨਹੀਂ ਹੋ ਸਕਦੀ। ਉਪਰੋਕਤ ਆਗੂਆਂ ਨੇ ਪੰਜਾਬ ਸਰਕਾਰ ਅਤੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਰਪੰਚ ਸੋਨੂੰ ਚੀਮਾ ਦੇ ਕਾਤਲਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਜੇਲ੍ਹ 'ਚ ਭੇਜਿਆ ਜਾਵੇ।

ਸੀਏਟ ਵੱਲੋਂ ਸਪੋਰਟਰੈੱਡ ਅਤੇ ਕ੍ਰਾਸਰੈੱਡ ਟਾਇਰ ਲਾਂਚ

ਜਲੰਧਰ :ਇੱਕ ਪ੍ਰਮੁੱਖ ਟਾਇਰ ਨਿਰਮਾਤਾ ਸੀਏਟ ਆਪਣੇ ਸਟੀਲ ਰੇਡੀਅਲ ਟਾਇਰ ਸਪੋਰਟਰੈਡ ਅਤੇ ਕ੍ਰਾਸਰੈਡ ਦੀ ਇੱਕ ਨਵੀਂ ਰੇਂਜ ਦੇ ਨਾਲ ਆਪਣੀ ਦੋ-ਪਹੀਆ ਵਾਹਨ ਟਾਇਰ ਰੇਂਜ ਦੇ ਪ੍ਰਦਰਸ਼ਨ ਨੂੰ ਇੱਕ ਨਵੇਂ ਹੀ ਪੱਧਰ 'ਤੇ ਲੈ ਗਈ ਹੈ। ਸਟੀਲ ਰੇਡੀਅਲ ਟਾਇਰਾਂ ਦੀ ਇਹ ਪ੍ਰੀਮੀਅਮ ਰੇਂਜ ਵਿਸ਼ੇਸ਼ ਤੌਰ 'ਤੇ ਉੱਚ ਪ੍ਰਦਰਸਨ ਵਾਲੇ ਮੋਟਰਸਾਈਕਲਾਂ ਦੀ ਪੂਰੀ ਸਮਰੱਥਾ ਦਾ ਵੱਧ ਤੋਂ ਵੱਧ ਫਾਇਦਾ ਉਠਾਉਣ ਲਈ ਤਿਆਰ ਕੀਤੀ ਗਈ ਹੈ। ਸਪੋਰਟਰੈੱਡ ਸੀਰੀਜ਼ ਹਾਈ ਸਪੀਡ ਅਤੇ ਬਾਰੀਕ ਮੋੜ ਕੱਟਣ ਲਈ ਤਿਆਰ ਕੀਤੀ ਗਈ ਹੈ; ਜਦੋਂਕਿ ਕ੍ਰਾਸਰੈੱਡ ਇੱਕ ਮਲਟੀ ਟੇਰੇਨ ਹਾਈ ਗ੍ਰਿਪ ਟਾਇਰ ਹੈ। ਸਟੀਲ ਰੈਡ ਟਾਇਰਾਂ ਵਿੱਚ ਇੱਕ ਸਟੀਲ-ਬੈਲਟਡ ਰੇਡੀਅਲ ਕੰਸਟ੍ਰਕਸ਼ਨ ਵਿਸ਼ੇਸ਼ਤਾ ਹੈ। ਸੀਏਟ ਦੇ ਐੱਮਡੀ ਅਤੇ ਸੀਈਓ ਅਰਨਬ ਬੈਨਰਜੀ ਨੇ ਟਿੱਪਣੀ ਕੀਤੀ ਕਿ ਸਟੀਲ ਰੈੱਡ ਰੇਂਜ ਨਵੀਨਤਾ ਅਤੇ ਗੁਣਵੱਤਾ ਪ੍ਰਤੀ ਸੀਏਟ ਦੀ ਵਚਨਬੱਧਤਾ ਦਾ ਪ੍ਰਮਾਣ ਹੈ। ਸਟੀਲ ਰੈੱਡ ਸੀਰੀਜ਼ ਦੇ ਨਾਲ ਅਸੀਂ ਮੋਟਰਸਾਈਕਲ ਟਾਇਰਾਂ ਦੇ ਇੱਕ ਨਵੇਂ ਯੁੱਗ ਨੂੰ ਪੇਸ਼ ਕਰ ਰਹੇ ਹਾਂ ਜੋ ਅਤਿ-ਆਧੁਨਿਕ ਤਕਨਾਲੋਜੀ ਦਾ ਪ੍ਰਦਰਸ਼ਨ ਹੈ।

COURT NOTICE

(U/o 5 Rule 20 CPC)
(Succession Case)
In the Court of Ekta Sahota
Additional Civil Judge
(Senior Division), Nakodar
CNR No. PBJLA0-000828-2023
Next Date :- 16-02-2024
Purpose : Appearance
Resham
Vs.
General Public
Notice to :-
General Public

In above titled case, the defendant (s)/respondent (s) could not be served being General Public. It is ordered that in Case anybody has any objection for the grant of succession certificate , he/she can file objection and should appear in person or through counsel on 16.02.2024 at 10:00 A.M.

For details logon to https://highcourtchd.gov.in/?trs=district notice&district=Jalandhar

Additional Civil Judge (Senior Division), Nakodar
Dated this day of 18-01-2024

COURT NOTICE

(U/o 5 Rule 20 CPC)
In the Court of
Ms. Amit Singh
Principal Judge, Family
Court , Giddarbaha
CNR No. PBSMF2-000253-2023
Next Date :- 15-03-2024
Seema Rani and other
Vs.
General Public
Publication Issued to :
Gereral Public
:- PB
Punjab Etc.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 15.03.2024 at 10:00 A.M.

For details logon to https://highcourtchd.gov.in/?trs=district notice&district=Muktsar.

Principal Judge, Family Court , Giddarbaha
Dated this day of 08 -01-2024

COURT NOTICE

Court Notice
(U/o 5 Rule 20 CPC)
In the Court of
Sh. Amardeep Singh Bains
Additional Civil Judge (Senior Division), Mukerian
CNR No. PBHOC0-000276-2022
Next Date :- 27-04-2024
National Insurance Company Limted
Vs.
Mandeep Singh

Suit for recovery of Rs. 7534803/- along with interest & 18 Percent per anum from the dete of embezzlement as per documents till its full and final realization of due amount along with cost and charges from the defendants jointly and severely

Publication Issued to :
5. Jyoti Sharma
Spouse :- Sameer Sharma
NB-283/B Adda Hoshiarpur Road, Laxmipur Jalandhar, Tehsil and Distt. Jalandhar.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 27.02.2024 at 10:00 A.M.

Additional Civil Judge (Senior Division), Mukerian
Dated this day of 20 -01-2024

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਹਰਮਿੰਦਰ ਸਿੰਘ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਸ਼ਾਹਕੋਟ

ਮਾਲ ਰਿਕਾਰਡ ਪਿੰਡ ਸੰਗਤਪੁਰ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਿਚ ਗੁਰਦੇਵ ਸਿੰਘ ਪੁੱਤਰ ਦਸੌਂਧਾ ਸਿੰਘ ਪੁੱਤਰ ਬੰਤਾ ਸਿੰਘ, ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ ਨੇ ਦਰਖਾਸਤ ਪੇਸ਼ ਕੀਤੀ ਹੈ ਕਿ ਸੁਖਦੇਵ ਸਿੰਘ ਪੁੱਤਰ ਦਸੌਂਧੀ ਸਿੰਘ ਪੁੱਤਰ ਬੰਤਾ ਤੋਂ ਬਦਲ ਕੇ ਸੁਖਦੇਵ ਸਿੰਘ ਉਰਫ ਗੁਰਦੇਵ ਸਿੰਘ ਪੁੱਤਰ ਦਸੌਂਧੀ ਉਰਫ ਦਸੌਂਧਾ ਸਿੰਘ ਪੁੱਤਰ ਬੰਤਾ, ਵਾਸੀ ਸੰਗਤਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਦਾ ਨਾਂਅ ਦਰੁਸਤ ਕਰਨ ਸਬੰਧੀ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਅਦਾਲਤ ਵਿਚ ਦਰਖਾਸਤ ਪ੍ਰਾਪਤ ਹੋਈ ਹੈ ਕਿ ਮਾਲ ਰਿਕਾਰਡ ਵਿਚ ਸੁਖਦੇਵ ਸਿੰਘ ਪੁੱਤਰ ਦਸੌਂਧੀ ਸਿੰਘ ਪੁੱਤਰ ਬੰਤਾ ਦਾ ਸਹੀ ਨਾਂਅ ਸੁਖਦੇਵ ਸਿੰਘ ਉਰਫ ਗੁਰਦੇਵ ਸਿੰਘ ਪੁੱਤਰ ਦਸੌਂਧੀ ਸਿੰਘ ਉਰਫ ਦਸੌਂਧਾ ਸਿੰਘ ਪੁੱਤਰ ਬੰਤਾ ਕਰਨ ਸਬੰਧੀ ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 10.02.2024 ਤੱਕ ਇਸ ਅਦਾਲਤ ਵਿਚ ਅਸ਼ਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 23.01.2024 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ ਹੈ।

ਸਹਾਇਕ ਕੁਲੈਕਟਰ, ਦਰਜਾ ਅੱਵਲ, ਸ਼ਾਹਕੋਟ
ਨੰ: 67/ਰੀਡਰ ਮਿਤੀ 23.01.24

COURT NOTICE

(U/o 5 Rule 20 CPC)
In the Court of
Sh. Vineet Kumar Narang
Additional Principal Judge Family
Court-II, Jalandhar
GW/278/2023
CNR No. PBJL01-014008-2023
Next Date :- 22-04-2024
Jaspreet Kaur W/o Karandeep Singh
Address : 23-A Guru Gobind Singh Nagar, Jalandhar
Vs.
1) Karandeep Singh S/o Late Indermohan Singh
Address : 36-Bx, Model Town Extension,Ludhiana
2) General Public
Address - General Public
Petition Under Guardian and Wards Act
Publication Issued to :General Public
General Public

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 22.04.2024 at 10:00 A.M.

For details logon to https://highcourtchd.gov.in/?trs=district notice&district=Jalandhar

Additional Principal Judge Family Court-II, Jalandhar
Dated this day of 22-01-2024

COURT NOTICE

(U/o 5 Rule 20 CPC)
In the Court of
Ms. Rajni Chhokra
Principal Judge, Family Court ,
Khadoor Sahib
CNR No. PBTTF4-000080-2023
Next Date :- 23-02-2024
H.M. A-52/23
Petition U/S-13

Sukhdev Singh S/o Thakur Singh, R/o Village Sangur Kot, Teh. Khadoor Sahib, Distt. Tarn Taran

Vs.
Manjit Kaur
Publication Issued to : Manjit Kaur
Spouse :- Sukhdev Singh D/o Dhian Singh
C/o Daljit Singh (Brother) R/o Vill. Waghe Wala, P.O. Khai Pheme Ke, Tehsil and Distt. Ferozepur.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 23.02.2024 at 10:00 A.M.

For details logon to https://highcourtchd.gov.in/?trs=district notice&district= Tarn Taran

Principal Judge, Family Court, Khadoor Sahib
Dated this day of 09-01-2024

PUBLIC NOTICE

It hereby informs to public at large that Deepak Barpagga has avail loan from AU SMALL FINANCE BANK LIMITED have its branch office at Jalandhar. That Deepak Barpagga S/o Harmesh Lal is owner of Property Measuring 7 Marla 5 Sarsai Comprising Under Khasra No. 62//19/3, 22, 23, 24/1, 24/2, 79//2, 3, 4/1, 4/2, 5, 6, 7/1, 7/2, 8, 9/1, 14, 26/1, 27, 80//2/1 Situated at Village Garshankar, Tehsil Gargshankar, District Hoshiarpur vide Sale deed No. 1384 Dated 01.12.2020. This property was earlier earlier large area as owned by Narinder Kumar S/o Ajit Singh and Narinder Kumar S/o Ajit Singh died, and his property devolved upon Jaswinder Kaur W/o Narinder Kumar vide will dated 20.05.2012, which is duly mutated vide mutation no.26673 and Jaswinder Kaur W/o Narinder Kumar executed a sale deed for area measuring 7 Marla 5 Sarsai in favour of Kamlesh Rani W/o Dharamvir Gandhi vide sale deed no.616 dated 22.05.2013, which is duly mutated vide mutation no.26704 and Kamlesh Rani W/o Dharamvir Gandhi executed a sale deed for area measuring 7 Marla 5 Sarsai in favour of Sarabjit Singh S/o Kesar Singh vide sale deed no.993 dated 13.08.2015, which is duly mutated vide mutation no.27425 and Sarabjit Singh S/o Kesar Singh executed a sale deed for area measuring 7 Marla 5 Sarsai in favour of Deepak Barpagga S/o Harmesh Lal vide sale deed no.1384 dated 01.12.2020, which is duly mutated vide mutation no.26363. That earlier sale deed no.993 dated 13.08.2015 and sale deed no.616 dated 22.05.2013 are lost and not available with Borrower. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised by depositing the aforesaid document to any person/bank/corporation/financial institution may approach the undersigned and submit objection within 7 days from the date of this public notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

ਪੰਜਾਬ ਮੰਡੀ ਬੋਰਡ

ਪੰਜਾਬ ਮੰਡੀ ਬੋਰਡ

ਸ਼ਾਰਟ ਟਰਮ ਈ-ਟੈਂਡਰਿੰਗ ਨੋਟਿਸ ਨੰਬਰ : 01 ਮਿਤੀ 23.01.2024

ਦਫਤਰ ਕਾਰਜਕਾਰੀ ਇੰਜੀਨੀਅਰ (ਸ), ਪੰਜਾਬ ਮੰਡੀ ਬੋਰਡ, ਤਰਨ ਤਾਰਨ ਵੱਲੋਂ ਮਾਰਕੀਟ ਕਮੇਟੀ ਖਡੂਰ ਸਾਹਿਬ ਅਧੀਨ ਪੈਂਦੇ Repair of internal roads & laying DB flooring/interlocking tiles at sub yard Fatehabad Distt. Tarn Taran ਦਾ ਕੰਮ ਕਰਵਾਉਣ ਲਈ ਪੰਜਾਬ ਮੰਡੀ ਬੋਰਡ ਪਾਸੋਂ ਪ੍ਰਵਾਨਿਤ ਰਜਿਸਟਰਡ ਯੋਗ ਠੇਕੇਦਾਰਾਂ/ਫਰਮਾਂ/ਸਹਿਕਾਰੀ ਸਭਾਵਾਂ ਪਾਸੋਂ ਪ੍ਰਤੀਸ਼ਤ ਦਰ ਉੱਤੇ ਈ-ਟੈਂਡਰਿੰਗ ਸਾਈਟ http://eproc.punjab.gov.in ਰਾਹੀਂ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ।

ਇਸ ਟੈਂਡਰ ਨੋਟਿਸ ਦੇ ਨਿਯਮਾਂ ਅਤੇ ਸ਼ਰਤਾਂ ਸੰਬੰਧੀ ਹੋਰ ਜਾਣਕਾਰੀ ਲਈ ਪੰਜਾਬ ਸਰਕਾਰ ਦੀ ਈ-ਟੈਂਡਰਿੰਗ ਸਾਈਟ http://eproc.punjab.gov.in ਤੋਂ ਹਵਾਲਾ ਲਿਆ ਜਾ ਸਕਦਾ ਹੈ।

ਨੋਟ :-ਕੋਰੀਜੰਡਮ ਕੇਵਲ http://eproc.punjab.gov.in ਵੈੱਬਸਾਈਟ 'ਤੇ ਹੀ ਜਾਰੀ ਕੀਤਾ ਜਾਵੇਗਾ।

ਸਹੀ /ਕਾਰਜਕਾਰੀ ਇੰਜੀਨੀਅਰ (ਸ),
ਪੰਜਾਬ ਮੰਡੀ ਬੋਰਡ, ਤਰਨ ਤਾਰਨ

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਹਰਮਿੰਦਰ ਸਿੰਘ ਸਿੱਧੂ ਨਾਇਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਭੋਗਪੁਰ (ਜਲੰਧਰ)

ਕੇਸ ਅਨੁਮਾਨ :-27/ਤਕਸੀਮ/ਐੱਨ ਟੀ
ਕੇਸ ਅਨੁਮਾਨ :-ਮਨਜੀਤ ਸਿੰਘ ਬਨਾਮ ਸੁਰਿਦਰ ਸਿੰਘ ਵਗੈਰਾ,
ਵਾਕਿਆ ਪਿੰਡ ਸੰਧਮ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਨੋਟਿਸ ਟੂ : ਸਰਵਸ੍ਰੀ
1. ਸੁਰਿਦਰ ਸਿੰਘ ਪੁੱਤਰ ਬਾਵਾ ਸਿੰਘ, 2. ਸੁਰਜੀਤ ਕੌਰ ਪੁੱਤਰੀ ਬਾਵਾ ਸਿੰਘ, 3. ਸੁਰਿਦਰ ਕੌਰ ਪੁੱਤਰੀ ਹਰਭਜਨ ਸਿੰਘ, 4. ਰਾਜਵੀਰ ਕੌਰ ਪੁੱਤਰੀ ਹਰਭਜਨ ਸਿੰਘ, 5 ਪਰਮਜੀਤ ਕੌਰ ਪੁਤਰੀ ਹਰਭਜਨ ਸਿੰਘ, 6. ਜਸਪ੍ਰੀਤ ਕੌਰ ਪੁੱਤਰੀ ਹਰਭਜਨ ਸਿੰਘ, 7. ਮਨਦੀਪ ਕੌਰ ਸੰਘਾ ਪਤਨੀ ਸਤੁਵਿਦਰ ਕੌਰ ਸੰਘਾ, 8. ਜਗਗਰੂਪ ਸਿੰਘ ਸੰਘਾ ਪੁੱਤਰ ਕਰਨੈਲ ਸਿੰਘ, 9. ਕੁਲਵੀਰ ਕੌਰ ਪਤਨੀ ਸੁਰਿਦਰ ਸਿੰਘ, 10. ਕਰਨੈਲ ਸਿੰਘ ਪੁੱਤਰ ਬਾਵਾ ਸਿੰਘ, 11. ਸਤਪਾਲ ਚੰਦ ਪੁੱਤਰ ਪੂਰਨ ਚੰਦ, 12. ਨਸੀਬ ਚੰਦਰ ਪੁੱਤਰ ਭਗਤ ਸਿੰਘ, 13. ਦੇਵ ਰਾਜ ਪੁੱਤਰ ਗਰੀਬ ਦਾਸ, 14 ਪੂਰਨ ਚੰਦ ਪੁੱਤਰ ਗਰੀਬ ਦਾਸ, 15. ਜਗਤ ਸਿੰਘ ਪੁੱਤਰ ਮੰਗਲ ਰਾਮ, ਸਾਰੇ ਵਾਸੀਆਨ ਪਿੰਡ ਸੰਧਮ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 17. ਪੰਜਾਬ ਗ੍ਰਾਮੀਣ ਬੈਂਕ ਬਰਾਂਚ ਭੋਗਪੁਰ, ਜ਼ਿਲ੍ਹਾ ਜਲੰਧਰ।

ਵਾਕਿਆ : ਪਿੰਡ ਸੰਧਮ

ਉਪਰੋਕਤ ਅਨੁਵਾਨ ਵਾਲਾ ਕੇਸ ਤਕਸੀਮ ਵਾਕਿਆ ਸੰਧਮ ਫਰੀਕ ਦੋਮ ਨੂੰ ਪਾਰਟੀ ਬਣਾ ਕੇ ਫਰੀਕ ਅੱਵਲ ਵੱਲੋਂ ਦਾਇਰ ਕੀਤਾ ਹੈ, ਪਰ ਨਾ ਹੀ ਨੋਟਿਸ ਟੂ ਵਿਚ ਦਰਸਾਏ ਫਰੀਕ ਦੋਮ ਵੱਲੋਂ ਕੋਈ ਵੀ ਆਪ ਹਾਜ਼ਰ ਨਹੀਂ ਆਏ ਅਤੇ ਨਾ ਹੀ ਉਨ੍ਹਾਂ ਦੀ ਤਰਫੋਂ ਕੋਈ ਹੋਰ ਹਾਜ਼ਰ ਹੋਇਆ। ਇਸ ਲਈ ਅਦਾਲਤ ਨੇ ਫੈਸਲਾ ਕੀਤਾ ਹੈ ਕਿ ਫਰੀਕ ਦੋਮ ਦੀ ਇਤਲਾਹ ਨਹੀਂ ਹੋ ਰਹੀ। ਇਸ ਲਈ ਇਸ ਅਖਬਾਰ ਪ੍ਰਕਾਸ਼ਨਾ ਰਾਹੀਂ ਫਰੀਕ ਫੋਮ ਦੀ ਇਤਲਾਹ ਕਰਵਾਈ ਜਾਂਦੀ ਹੈ ਕਿ ਇਸ ਨੋਟਿਸ ਰਾਹੀਂ ਉਹ ਮਿਤੀ 6.2.2024 ਨੂੰ ਦੁਪਹਿਰ 1.30 ਵਜੇ ਅਦਾਲਤ ਵਿਚ ਹਾਜ਼ਰ ਹੋ ਕੇ ਪੈਰਵੀ ਕਰਨ, ਹਾਜ਼ਰ ਨਾ ਆਉਣ ਦੀ ਸੂਰਤ ਵਿਚ ਉਨ੍ਹਾਂ ਦੇ ਖਿਲਾਫ ਐੱਕਸ ਪਾਰਟੀ ਕਰ ਦਿੱਤੀ ਜਾਵੇਗੀ ਕਿ ਉਨ੍ਹਾਂ ਦਾ ਕੋਈ ਇਤਰਾਜ਼ ਨਹੀਂ ਹੋਵੇਗਾ।

ਸਹਾਇਕ ਕੁਲੈਕਟਰ ਦਰਜਾ ਅੱਵਲ,
ਭੋਗਪੁਰ, ਜ਼ਿਲ੍ਹਾ ਜਲੰਧਰ।
ਨੰ: 715/ਆਰ ਮਿਤੀ : 22.1.24

PUBLIC NOTICE

**It is hereby inform to the general public that we are going to mortgage a property measuring 7 Marlas

24-JAN-PAGE-7.qxd 1/23/2024 10:25 PM Page 1

ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ ਟਰੈਕਟਰ ਮਾਰਚ ਦੀਆਂ ਤਿਆਰੀਆਂ ਜ਼ੋਰਾਂ 'ਤੇ

ਲੁਧਿਆਣਾ (ਐੱਮ ਐੱਸ ਭਾਟੀਆ)

ਦੇਸ਼ ਵਿਆਪੀ ਸੱਦੇ 'ਤੇ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨਾਂ ਤੇ ਸੁਤੰਤਰ ਫੈਡਰੇਸ਼ਨ/ਐਸੋਸੀਏਸ਼ਨ ਵੱਲੋਂ ਕੇਂਦਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ, ਕਿਸਾਨ ਵਿਰੋਧੀ, ਲੋਕ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ ਵਿੱਚ 26 ਜਨਵਰੀ ਨੂੰ ਲੁਧਿਆਣਾ ਵਿਖੇ ਨਗਰ ਵਿੱਚ ਵੱਡੀ ਗਿਣਤੀ ਵਿੱਚ ਟਰੈਕਟਰ ਤੇ ਵਾਹਨ ਮਾਰਚ ਕੀਤਾ ਜਾਏਗਾ।ਇਹ ਮਾਰਚ ਮੁੱਲਾਪੁਰ ਤੋਂ ਸ਼ੁਰੂ ਹੋ ਕੇ ਮਿਲਕ ਪਲਾਂਟ ਹੁੰਦੇ ਹੋਏ ਭਾਰਤ ਨਗਰ ਚੌਕ, ਉਸ ਤੋਂ ਬਾਅਦ ਗਿੱਲ ਚੌਕ ਤੋਂ ਫਿਰ ਅਰੋੜਾ ਪੈਲੇਸ ਤੇ ਦਾਣਾ ਮੰਡੀ ਤੱਕ ਕੀਤਾ ਜਾਏਗਾ।ਇਸ ਸੰਬੰਧੀ ਅੱਜ ਟ੍ਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਹੋਈ, ਜਿਸ ਵਿੱਚ ਏਟਕ, ਸੀਟੂ ਤੇ ਸੀ ਟੀ ਯੂ ਦੇ ਸਾਥੀਆਂ ਨੇ ਭਾਗ ਲਿਆ। ਏਟਕ ਵੱਲੋਂ ਕਾਮਰੇਡ ਡੀ ਪੀ ਮੌੜ, ਵਿਜੇ ਕੁਮਾਰ, ਐੱਮ ਐੱਸ ਭਾਟੀਆ, ਰਮੇਸ਼ ਰਤਨ, ਚਮਕੌਰ ਸਿੰਘ, ਸੀਟੂ ਵੱਲੋਂ ਕਾਮਰੇਡ ਜੋਗਿੰਦਰ ਰਾਮ, ਸੀ ਟੀ ਯੂ ਵੱਲੋਂ ਕਾਮਰੇਡ ਜਗਦੀਸ਼ ਤੇ ਕਾਮਰੇਡ ਪਰਮਜੀਤ ਸ਼ਾਮਲ ਹੋਏ।ਮੀਟਿੰਗ ਉਪਰੰਤ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਮਜ਼ਦੂਰਾਂ ਤੇ ਕਿਸਾਨਾਂ ਦੇ ਵਿੱਚ

ਇਸ ਪ੍ਰੋਗਰਾਮ ਬਾਰੇ ਬਹੁਤ ਉਤਸ਼ਾਹ ਹੈ ਤੇ ਉਹ ਵੱਡੀ ਗਿਣਤੀ ਵਿੱਚ ਇਸ ਵਿੱਚ ਝੰਡੇ, ਮਾਟੋ ਤੇ ਤਖ਼ਤੀਆਂ ਲੈ ਕੇ ਸ਼ਾਮਲ ਹੋਣਗੇ।ਸਾਥੀਆਂ ਨੇ ਦੱਸਿਆ ਕਿ ਮੋਦੀ ਸਰਕਾਰ ਹਰ ਪੱਖੋਂ ਫੇਲ੍ਹ ਹੋ ਚੁੱਕੀ ਹੈ, ਬੇਰੋਜ਼ਗਾਰੀ ਲਗਾਤਾਰ ਵੱਧ ਰਹੀ ਹੈ, ਮਹਿੰਗਾਈ ਨੇ ਹਾਹਾਕਾਰ ਮਚਾਈ ਹੈ, ਕਿਸਾਨਾਂ ਨਾਲ ਕੀਤਾ ਗਿਆ ਇੱਕ ਵੀ ਵਾਅਦਾ ਮੋਦੀ ਨੇ ਪੂਰਾ ਨਹੀਂ ਕੀਤਾ ਅਤੇ ਲਗਾਤਾਰ ਝੂਠ ਬੋਲ ਕੇ ਕਿਸਾਨਾਂ ਨੂੰ ਵਰਗਲਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਹਾਲੇ ਵੀ ਦਨਦਨਾ ਰਿਹਾ ਹੈ।ਆਰਥਿਕ ਵਿਕਾਸ ਦੇ ਝੂਠੇ ਆਂਕੜੇ ਪੇਸ਼ ਕੀਤੇ ਜਾ ਰਹੇ ਹਨ, ਜਦੋਂਕਿ ਸੱਚਾਈ ਹੈ ਕਿ ਦੇਸ਼ ਬਹੁਤ ਵੱਡੇ ਕਰਜ ਵਿੱਚ ਡੁੱਬ ਚੁੱਕਿਆ ਹੈ।ਇਸ ਸਭ ਕਾਰਨ ਲੋਕਾਂ ਵਿੱਚ ਰੋਸ ਵਧ ਰਿਹਾ ਹੈ।ਇਨ੍ਹਾਂ ਹਾਲਾਤਾਂ ਵਿੱਚ ਆਰ ਐੱਸ ਐੱਸ ਦੀ ਥਾਪੜੀ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵੱਲੋਂ ਸਮਾਜਿਕ ਸਦ-ਭਾਵਨਾ ਨੂੰ ਤੋੜਨ ਦੀ ਪੂਰੀ ਸਾਜ਼ਿਸ਼ ਰਚੀ ਜਾ ਰਹੀ ਹ, ਜਿਸ ਨਾਲ ਦੇਸ਼ ਦਾ ਭਵਿੱਖ ਖਤਰੇ ਵਿੱਚ ਪੈ ਗਿਆ ਹੈ ਅਤੇ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਮਿਹਨਤ ਕਸ਼ ਲੋਕਾਂ ਦਾ ਜਿੱਥੇ ਅੱਜ ਇੱਕ ਪਾਸੇ ਆਪਣੇ ਹੱਕਾਂ ਦੀ ਰਾਖੀ ਦਾ ਪ੍ਰਸ਼ਨ ਹੈ, ਨਾਲ ਹੀ ਦੇਸ਼ ਦੀ ਏਕਤਾ, ਅਖੰਡਤਾ, ਸਮਾਜਿਕ ਸਦਭਾਵਨਾ ਤੇ ਸੁਰੱਖਿਆ ਦਾ ਸਵਾਲ ਬਹੁਤ ਵੱਡਾ ਹੈ, ਜਿਸ ਦੇ ਲਈ ਕਿ ਉਨ੍ਹਾਂ ਨੂੰ ਅੱਗੇ ਆਣਾ ਪੈ ਰਿਹਾ ਹੈ।ਉਪਰੋਕਤ ਮਾਰਚ ਵਿੱਚ ਇਨ੍ਹਾਂ ਗੱਲਾਂ ਨੂੰ ਉਜਾਗਰ ਕਰਦੇ ਹੋਏ ਕਿਸਾਨ ਤੇ ਮਜ਼ਦੂਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

ਚਿੱਪ ਵਾਲੇ ਬਿਜਲੀ ਮੀਟਰ ਲਗਾਉਣ ਦਾ ਭਾਕਿਯੂ ਵੱਲੋਂ ਵਿਰੋਧ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਤੇ ਸ਼ੇਰਪੁਰ ਦੀ ਮੀਟਿੰਗ ਬਲਾਕ ਪ੍ਰਧਾਨ ਭੂਪਿੰਦਰ ਸਿੰਘ ਭੁੱਲਰਹੇੜੀ ਅਤੇ ਸ਼ੇਰਪੁਰ ਦੇ ਮੀਤ ਪ੍ਰਧਾਨ ਸੁਰਜੀਤ ਸਿੰਘ ਘਨੌਰੀ ਖੁਰਦ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਟਰੈਕਟਰ ਪਰੇਡ ਵਿੱਚ ਸ਼ਾਮਲ ਹੋਣ ਲਈ ਮੀਟਿੰਗ ਵਿੱਚ ਵਿਚਾਰਾਂ ਕੀਤੀਆਂ ਗਈਆਂ।

ਮੀਟਿੰਗ ਵਿੱਚ ਕਿਰਪਾਲ ਸਿੰਘ ਬਟੂਹਾ ਨੇ ਚਿੱਪ ਵਾਲੇ ਮਹਿਕਮਾ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵੱਲੋਂ ਮੀਟਰ ਲਗਾਉਣ ਦਾ ਵਿਰੋਧ ਕੀਤਾ ਗਿਆ ਤੇ ਦੋਸ਼ ਲਗਾਇਆ ਕਿ ਜਿਨ੍ਹਾਂ ਮੀਟਰਾਂ ਦੀ ਖਪਤ ਘੱਟ ਹੈ, ਉਨ੍ਹਾਂ ਮੀਟਰਾਂ ਨੂੰ ਸਾਜ਼ਿਸ਼ ਤਹਿਤ ਡੀ ਕੋਡ ਕਰਕੇ ਨਵੇਂ ਮੀਟਰ ਲਾਏ ਜਾ ਰਹੇ ਹਨ।ਇਸੇ ਦੌਰਾਨ ਜਥੇਬੰਦੀ ਦਾ ਵਫ਼ਦ ਐਕਸੀਅਨ ਧੂਰੀ ਨੂੰ ਵੀ ਮਿਲਿਆ।ਇਸ ਮੌਕੇ ਗੁਰਜੀਤ ਸਿੰਘ ਭੜੀ ਮਾਨਸਾ ਜਨਰਲ ਸਕੱਤਰ, ਗੁਰਬਚਨ ਸਿੰਘ ਸੀਨੀ. ਮੀਤ ਪ੍ਰਧਾਨ, ਸੁਖਪਾਲ ਸਿੰਘ ਕਾਂਝਲਾ, ਕਰਮਜੀਤ ਸਿੰਘ ਕਾਂਝਲਾ, ਜਸਵੀਰ ਸਿੰਘ, ਜੀਤ ਸਿੰਘ, ਹਰਦੀਪ ਸਿੰਘ, ਬਲਵਿਦਰ ਸਿੰਘ, ਭਗਤ ਸਿੰਘ, ਸੁਰਜੀਤ ਸਿੰਘ ਤੇ ਜਿੰਦਰ ਸਿੰਘ ਹਾਜ਼ਰ ਸਨ।

ਐੱਨ ਓ ਸੀ ਦੀ ਸਮੱਸਿਆ ਦੇ ਹੱਲ ਦੀਆਂ ਸੰਭਾਵਨਾਵਾਂ ਵਧੀਆਂ

ਮਾਨਸਾ (ਆਤਮਾ ਸਿੰਘ ਪਮਾਰ)-ਐੱਨ ਓ ਸੀ ਕਰਕੇ ਆਮ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਤੇ ਲੁੱਟ ਨੂੰ ਰੋਕਣ, ਸ਼ਰਤਾਂ ਨੂੰ ਸਰਲ ਕਰਨ ਸਬੰਧੀ ਸ਼ਹਿਰ ਦੀਆਂ ਧਾਰਮਿਕ, ਸਮਾਜਿਕ, ਵਪਾਰਕ, ਜਨਤਕ, ਕਿਸਾਨ, ਮਜ਼ਦੂਰ ਜਥੇਬੰਦੀਆਂ ਤੇ ਰਾਜਨੀਤਕ ਧਿਰਾਂ ਵੱਲੋਂ ਮਾਨਸਾ ਸੰਘਰਸ਼ ਕਮੇਟੀ ਦੇ ਬੈਨਰ ਹੇਠ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ ਪ੍ਰਧਾਨ ਵਪਾਰ ਮੰਡਲ, ਗੁਰਲਾਭ ਸਿੰਘ ਮਾਹਲ ਐਡਵੋਕੇਟ ਆਗੂ ਸੰਵਿਧਾਨ ਬਚਾਓ ਮੰਚ, ਕ੍ਰਿਸ਼ਨ ਚੌਹਾਨ, ਡਾ. ਧੰਨਾ ਮੱਲ ਗੋਇਲ, ਸੁਰੇਸ਼ ਨੰਦਗੜ੍ਹੀਆ ਪ੍ਰਧਾਨ ਕਰਿਆਨਾ ਐਸੋਸੀਏਸ਼ਨ, ਬਲਜੀਤ ਸ਼ਰਮਾ, ਮਨਜੀਤ ਸਦਿਉੜਾ ਆਗੂ ਵਪਾਰ ਮੰਡਲ ਦੀ ਅਗਵਾਈ ਹੇਠ ਐੱਨ ਓ ਸੀ ਦੇ ਮਾਮਲੇ 'ਤੇ ਸ਼ਹਿਰ ਵਾਸੀਆਂ ਦਾ ਇਕੱਠ ਕੀਤਾ ਗਿਆ ਸੀ, ਜਿਸ ਤੋਂ ਬਾਅਦ ਮਾਨਯੋਗ ਡਿਪਟੀ ਕਮਿਸ਼ਨਰ ਮਾਨਸਾ ਨੂੰ 23 ਅਕਤੂਬਰ ਨੂੰ ਮਿਲ ਕੇ ਮਾਨਸਾ ਸ਼ਹਿਰ ਦਾ ਲਾਲ ਡੋਰਾ ਏਰੀਆ ਨਿਰਧਾਰਤ ਕਰਨ ਲਈ ਕਿਹਾ ਸੀ, ਜਿਸ 'ਤੇ ਮਾਨਯੋਗ ਡਿਪਟੀ ਕਮਿਸ਼ਨਰ ਮਾਨਸਾ ਵੱਲੋਂ ਨਗਰ ਕੌਂਸਲ ਪ੍ਰਧਾਨ ਵਿਜੈ ਕੁਮਾਰ ਸਿੰਗਲਾ ਤੇ ਏ ਡੀ ਸੀ ਜਨਰਲ ਦੀ ਡਿਊਟੀ ਲਗਾਈ ਗਈ ਸੀ ਕਿ ਇਸ ਸਬੰਧ ਵਿੱਚ ਇਕ ਕਮੇਟੀ ਬਣਾਈ ਜਾਵੇ, ਜਿਸ 'ਤੇ ਨਗਰ ਕੌਂਸਲ ਵੱਲੋਂ ਬਣਾਈ ਕਮੇਟੀ ਨੇ ਲਾਲ ਡੋਰਾ ਖੇਤਰ ਮਾਨਸਾ ਸ਼ਹਿਰ ਦਾ ਇਲਾਕਾ ਨਿਸ਼ਚਿਤ ਕਰ ਦਿੱਤਾ ਗਿਆ ਹੈ, ਜਿਸ ਨਾਲ ਮਾਨਸਾ ਸ਼ਹਿਰ ਵਿੱਚ ਐੱਨ ਓ ਸੀ ਦੀ ਸਮੱਸਿਆ ਦਾ ਹੱਲ ਹੋਣਾ ਦੀ ਉਮੀਦ ਬਣ ਗਈ ਹੈ। ਇਸ ਵਫਦ ਵਿੱਚ ਸ਼ਾਮਲ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸਾਬਕਾ ਵਿਧਾਇਕ ਸ੍ਰ. ਨਾਜਰ ਸਿੰਘ

ਮਾਨਸ਼ਾਹੀਆ, ਸ੍ਰੀ ਪ੍ਰੇਮ ਅਰੋੜਾ ਸਾਬਕਾ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ, ਐਡਵੋਕੇਟ ਕੁਲਵਿੰਦਰ ਉੱਡਤ, ਸ੍ਰੀ ਮੱਖਣ ਜਿੰਦਲ ਆਗੂ ਬੀ ਜੇ ਪੀ, ਐਡਵੋਕੇਟ ਈਸ਼ਵਰ ਗੋਇਲ, ਕਿਸਾਨ ਆਗੂਆਂ ਕਾਮਰੇਡ ਗੁਰਜੰਟ ਮਾਨਸਾ, ਨਿਰਮਲ ਝੰਡੂਕੇ, ਮਹਿੰਦਰ ਭੈਣੀ ਬਾਘਾ, ਐਡਵੋਕੇਟ ਕੁਲਵਿੰਦਰ ਉੱਡਤ, ਪ੍ਰਸ਼ੋਤਮ ਅੱਗਰਵਾਲ, ਲਲਿਤ ਸ਼ਰਮਾ, ਪੱਤਰਕਾਰ ਆਤਮਾ ਸਿੰਘ ਪਮਾਰ, ਇੰਦਰ ਸੈਨ, ਪਾਲੀ ਜੈਨ, ਸੰਜੇ ਜੈਨ ਆਦਿ ਸ਼ਹਿਰ ਨਿਵਾਸੀ ਸ਼ਾਮਲ ਹੋਏ।ਬਲਜੀਤ ਸਸ਼ਮਾ ਪ੍ਰਧਾਨ ਪ੍ਰੋਪਰਟੀ ਡੀਲਰ ਐਸੋਸੀਏਸ਼ਨ ਤੇ ਗੁਰਲਾਭ ਸਿੰਘ ਮਾਹਲ ਐਡਵੋਕੇਟ ਨੇ ਮਾਨਸਾ ਸ਼ਹਿਰ ਦਾ ਜੋ ਏਰੀਆ ਲਾਲ ਡੋਰੇ ਵਿੱਚੋਂ ਰਹਿ ਗਿਆ ਹੈ, ਉਸ ਏਰੀਏ ਨੂੰ ਵੀ ਸ਼ਾਮਲ ਕਰਨ ਦੀ ਮੰਗ ਕੀਤੀ ਹੈ।

ਵਿਧਾਇਕਾਂ ਰਾਹੀਂ ਵਿੱਤ ਮੰਤਰੀ ਨੂੰ ਭੇਜੇ ਜਾਣਗੇ ਮੰਗ ਪੱਤਰ : ਅਸ਼ੋਕ ਕੁਮਾਰ

ਮਾਨਸਾ (ਪਮਾਰ)-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁਲਾਜ਼ਮਾਂ ਦਾ ਪੇਂਡੂ ਭੱਤਾ ਤੁਰੰਤ ਬਹਾਲ ਕੀਤਾ ਜਾਵੇ।ਇਸ ਸਬੰਧੀ ਗੱਲਬਾਤ ਕਰਦਿਆਂ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਆਗੂ ਅਸ਼ੋਕ ਫਫੜੇ ਨੇ ਕਿਹਾ ਕਿ ਪੇਂਡੂ ਭੱਤਾ ਮੁਲਾਜ਼ਮਾਂ ਦਾ ਹੱਕ ਹੈ।ਉਨ੍ਹਾ ਕਿਹਾ ਕਿ ਇਸ ਸਬੰਧੀ ਜਥੇਬੰਦੀ ਵੱਲੋਂ ਪੰਜਾਬ ਭਰ ਦੇ ਵਿਧਾਇਕਾਂ ਰਾਹੀਂ ਵਿੱਤ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜੇ ਜਾਣਗੇ।

ਜਥੇਬੰਦੀ ਦੇ ਪ੍ਰੈੱਸ ਸਕੱਤਰ ਜਸਵੀਰ ਸਿੰਘ ਸੋਢੀ ਹੁਸ਼ਿਆਰਪੁਰ ਨੇ ਕਿਹਾ ਕਿ ਸ਼ਹਿਰਾਂ ਤੋਂ ਦੂਰ ਪਿੰਡਾਂ 'ਚ ਕੰਮ ਕਰਦੇ ਮੁਲਾਜ਼ਮਾਂ ਲਈ ਹਾਊਸ ਰੈਂਟ ਘੱਟ ਰੱਖਿਆ ਗਿਆ ਸੀ, ਪਰ ਉਨ੍ਹਾਂ ਮੁਲਾਜ਼ਮਾਂ ਨੂੰ ਸ਼ਹਿਰਾਂ ਦੇ ਮੁਲਾਜ਼ਮਾਂ ਨਾਲੋਂ ਵੱਖਰਾ ਪੇਂਡੂ ਭੱਤਾ ਦਿੱਤਾ ਜਾਂਦਾ ਸੀ ਤਾਂ ਜੋ ਅਧਿਆਪਕ ਦੂਰ-ਦੁਰਾਡੇ ਆਪਣੇ ਵਹੀਕਲਾਂ ਵਿੱਚ ਡੀਜ਼ਲ, ਪੈਟਰੋਲ ਪਵਾ ਸਕਣ।ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਵਿਧਾਇਕਾਂ ਰਾਹੀਂ 1 ਫਰਵਰੀ ਤੋਂ 10 ਫਰਵਰੀ ਤੱਕ ਮੰਗ ਪੱਤਰ ਵਿੱਤ ਮੰਤਰੀ ਪੰਜਾਬ ਨੂੰ ਭੇਜੇ ਜਾਣਗੇ।

ਕਾਤਰਾਂ

ਡੇਰਾ ਮੰਗਲ ਗਿਰੀ ਦਾ ਸਾਲਾਨਾ ਸਮਾਗਮ ਭਲਕੇ

ਜਗਰਾਉਂ (ਸੰਜੀਵ ਅਰੋੜਾ)-ਜਗਰਾਉਂ ਦੇ ਪ੍ਰਾਚੀਨ ਡੇਰਾ ਬਾਬਾ ਮੰਗਲ ਗਿਰੀ 'ਚ ਆਯੋਧਿਆ ਵਿਖੇ ਸ੍ਰੀ ਰਾਮ ਮੰਦਰ 'ਚ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ 'ਚ ਸ਼ਹਿਰ 'ਚ ਦੀਪਮਾਲਾ ਕੀਤੀ ਗਈ। ਇਸ ਤੋਂ ਇਲਾਵਾ ਡੇਰੇ 'ਚ ਬਾਬਾ ਮੰਗਲ ਗਿਰੀ ਦੀ ਮਿੱਠੀ ਯਾਦ ਵਿੱਚ ਸਾਲਾਨਾ ਸਮਾਗਮ 25 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ। ਡੇਰੇ 'ਚ ਹੋਣ ਜਾ ਰਹੇ ਸਾਲਾਨਾ ਮੁੱਖ ਸਮਾਗਮ ਨੂੰ ਲੈ ਕੇ ਡੇਰੇ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ। ਡੇਰੇ 'ਚ ਸ੍ਰੀ ਪੰਚਦਸ ਨਾਮ ਜੂਨਾ ਅਖਾੜਾ ਦੇ ਗੱਦੀ ਨਿਸ਼ਾਨ ਸੰਤਾਂ ਦੀਆਂ ਸਮਾਧੀਆਂ, ਮੰਦਰ ਦੀ ਖੂਬਸੂਰਤੀ ਲਈ ਪੱਥਰ ਦੇ ਕਾਰੀਗਰ ਜੁਟੇ ਹੋਏ ਹਨ। ਮੁੱਖ ਸੇਵਾਦਾਰ ਮਹੰਤ ਦੌਲਤ ਗਿਰੀ ਨੇ ਦੱਸਿਆ ਕਿ 25 ਜਨਵਰੀ ਨੂੰ ਸਾਰਾ ਦਿਨ ਹੀ ਸਾਲਾਨਾ ਧਾਰਮਿਕ ਸਮਾਗਮ ਦੀ ਗੂੰਜ ਰਹੇਗੀ। ਇਸ ਸਮਾਗਮ ਵਿੱਚ ਜੂਨਾ ਅਖਾੜੇ ਸਮੇਤ ਵੱਖ-ਵੱਖ ਅਖਾੜਿਆਂ ਦੇ ਸੰਤ ਮਹਾਪੁਰਸ਼ ਦੇਸ਼ ਭਰ ਤੋਂ ਪਹੁੰਚ ਰਹੇ ਹਨ। ਸਵੇਰੇ ਅਭਿਸ਼ੇਕ ਸਮਾਗਮ, ਹਵਨ ਯੁੱਗ ਹੋਵੇਗਾ। ਉਨ੍ਹਾਂ ਸ਼ਰਧਾਲੂਆਂ ਨੂੰ ਇਸ ਧਾਰਮਿਕ ਸਮਾਗਮ ਵਿੱਚ ਪਹੁੰਚ ਕੇ ਹਾਜ਼ਰੀ ਲਵਾਉਣ ਦੀ ਅਪੀਲ ਕੀਤੀ।

ਸਮਾਜ ਸੇਵੀ ਪ੍ਰਕਾਸ਼ ਚੰਦ ਦਾ ਦੇਹਾਂਤ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਜ਼ਿੰਦਗੀ ਦਾ ਲੰਮਾਂ ਸਮਾਂ ਸਮਾਜ ਸੇਵਾ ਦੇ ਲੇਖੇ ਲਗਾਉਣ ਵਾਲੇ ਸਰਬ ਭਾਰਤੀਯ ਸੇਵਾ ਸੰਮਤੀ ਧੂਰੀ ਦੇ ਲੰਮਾਂ ਸਮਾਂ ਪ੍ਰਧਾਨ ਰਹੇ ਅਤੇ ਹੁਣ ਸਰਪ੍ਰਸਤ ਪ੍ਰਕਾਸ਼ ਚੰਦ (ਚਾਹ ਵਾਲਿਆਂ) ਦਾ ਦੇਹਾਂਤ ਹੋ ਗਿਆ।ਉਹ ਲੰਮੇ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸਨ।ਅੱਜ ਉਨ੍ਹਾਂ ਦਾ ਸਥਾਨਕ ਰਾਮ ਬਾਗ ਧੂਰੀ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਇਸ ਮੌਕੇ ਵੱਖ ਵੱਖ ਧਾਰਮਿਕ, ਵਪਾਰਿਕ, ਸਮਾਜਿਕ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼ਿਰਕਤ ਕਰਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਪਰਿਵਾਰਕ ਸੂਤਰਾਂ ਅਨੁਸਾਰ ਸ੍ਰੀ ਪ੍ਰਕਾਸ਼ ਚੰਦ ਨਮਿੱਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 4 ਫ਼ਰਵਰੀ ਨੂੰ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਸਿੰਗਲਾ ਪੈਲੇਸ ਸੰਗਰੂਰ ਰੋਡ, ਧੂਰੀ ਵਿਖੇ ਹੋਵੇਗੀ।

ਸੜਕ ਹਾਦਸੇ 'ਚ ਜ਼ਖਮੀ ਦੀ ਇਲਾਜ ਦੌਰਾਨ ਮੌਤ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬੀਤੇ ਦਿਨੀਂ ਸਰਹਿੰਦ ਨਜ਼ਦੀਕ ਵਾਪਰੇ ਇੱਕ ਸੜਕ ਹਾਦਸੇ 'ਚ ਗੰਭੀਰ ਜ਼ਖਮੀ ਹੋਏ ਮੁੰਨਾ ਅੰਸਾਰੀ (25) ਵਾਸੀ ਬਿਹਾਰ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 13 ਜਨਵਰੀ ਦੀ ਸ਼ਾਮ ਸਵਾ ਕੁ ਸੱਤ ਵਜੇ ਦੇ ਕਰੀਬ ਨਵਦੀਪ ਕੁਮਾਰ ਵਾਸੀ ਬਸੀ ਪਠਾਣਾਂ ਆਪਣੀ ਹੁੰਡਾਈ ਕਾਰ 'ਚ ਮੁੰਨਾ ਅੰਸਾਰੀ ਨੂੰ ਨਾਲ ਬਿਠਾ ਕੇ ਸਰਹਿੰਦ ਦੇ ਚੂੰਨੀ ਰੋਡ 'ਤੇ ਸਥਿਤ ਹੋਟਲ ਰੁਤਬਾ ਕੋਲੋਂ ਲੰਘ ਰਿਹਾ ਸੀ ਤਾਂ ਤੇਜ਼ ਰਫ਼ਤਾਰ ਮਰਸਡੀਜ਼ ਗੱਡੀ ਨੰਬਰ ਸੀ ਐੱਚ-7112 ਦੇ ਨਾਮਾਲੂਮ ਚਾਲਕ ਨੇ ਉਨ੍ਹਾਂ ਦੀ ਗੱਡੀ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਨਵਦੀਪ ਕੁਮਾਰ ਤੇ ਮੁੰਨਾ ਅੰਸਾਰੀ ਜ਼ਖਮੀ ਹੋ ਗਏ ਅਤੇ ਇਲਾਜ ਦੌਰਾਨ ਮੁੰਨਾ ਅੰਸਾਰੀ ਦੀ ਮੌਤ ਹੋ ਗਈ।ਨਵਦੀਪ ਕੁਮਾਰ ਦੇ ਬਿਆਨਾਂ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਮਰਸਡੀਜ਼ ਕਾਰ ਦੇ ਨਾਮਾਲੂਮ ਚਾਲਕ ਵਿਰੁੱਧ ਅ/ਧ 279,337,427,304-ਏ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਸਬ-ਇੰਸਪੈਕਟਰ ਸੁਰੇਸ਼ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਅੱਜ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਡਾ. ਸੇਨੂ ਦੁੱਗਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦਫਤਰ ਵੱਲੋਂ 24 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।ਜ਼ਿਲ੍ਹਾ ਬਿਓਰੋ ਆਫ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫਸਰ ਮੈਡਮ ਵੈਸ਼ਾਲੀ ਨੇ ਦੱਸਿਆ ਕਿ ਪਲੇਸਮੈਂਟ ਕੈਂਪ ਵ

24-Jan-PAGE-8.qxd 1/23/2024 10:32 PM Page 1

ਖੁੱਡਾ ਲਾਹੌਰਾ ਤੇ ਜੱਸੂ ਨਿਵਾਸੀਆਂ 'ਚ ਪੰਜਾਬੀ ਮੰਚ ਦੇ ਰੋਸ ਮਾਰਚ ਲਈ ਭਾਰੀ ਉਤਸ਼ਾਹ

ਚੰਡੀਗੜ੍ਹ, (ਗੁਰਜੀਤ ਸਿੰਘ ਬਿੱਲਾ):-ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ 21 ਫ਼ਰਵਰੀ ਨੂੰ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਖਿਲਾਫ਼ ਕੱਢੇ ਜਾਣ ਵਾਲੇ ਰੋਸ ਮਾਰਚ ਦੇ ਲਈ ਪਿੰਡ ਖੁੱਡਾ ਲਾਹੌਰਾ ਅਤੇ ਖੁੱਡਾ ਜੱਸੂ ਦੇ ਲੋਕਾਂ ਵਿੱਚ ਵੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਜਦੋਂ ਦੋਵੇਂ ਪਿੰਡਾਂ ਦੀ ਸਾਂਝੀ ਮੀਟਿੰਗ ਵਿੱਚ ਔਰਤਾਂ ਸਮੇਤ ਮੋਹਤਬਰ ਵਿਅਕਤੀਆਂ ਨੇ ਰੋਸ ਮਾਰਚ ਵਿੱਚ ਪੰਜਾਬੀ ਹਿਤੈਸ਼ੀਆਂ ਦੀ ਸ਼ਮੂਲੀਅਤ ਕਰਵਾਉਣ ਦਾ ਭਰੋਸਾ ਦਿੱਤਾ। ਮੰਚ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਨੇ ਦੱਸਿਆ ਕਿ ਪਿੰਡ ਖੁੱਡਾ ਲਾਹੌਰਾ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਵਰਨ ਸਿੰਘ ਚਾਹਲ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਪੇਂਡੂ ਸੰਘਰਸ਼ ਕਮੇਟੀ ਦੇ ਸਰਪ੍ਰਸਤ ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਰਾਕੇਸ਼ ਕੁਮਾਰ ਸਾਬਕਾ ਸਰਪੰਚ ਖੁੱਡਾ ਲਾਹੌਰਾ, ਕਿਸਾਨ ਆਗੂ ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਤਰਕਸ਼ੀਲ ਸੋਸਾਇਟੀ ਚੰਡੀਗੜ੍ਹ ਤੋਂ ਜੋਗਾ ਸਿੰਘ ਅਤੇ ਗਿਆਨੀ ਬਲਦੇਵ ਸਿੰਘ ਵੀ ਸ਼ਾਮਿਲ ਹੋਏ। ਉਨ੍ਹਾਂ ਦੱਸਿਆ ਕਿ ਮੰਚ ਵੱਲੋਂ ਪਿੰਡਾਂ ਵਿੱਚ ਰੋਸ ਮਾਰਚ ਵਾਸਤੇ ਲਾਮਬੰਦੀ ਲਈ ਕੀਤੀਆਂ ਜਾ ਰਹੀਆਂ ਮੀਟਿੰਗਾਂ ਨੂੰ ਲੋਕਾਂ ਦਾ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਇਸ ਤੋਂ ਪਹਿਲਾਂ ਪਿੰਡ ਬਹਿਲਾਣਾ, ਹੱਲੋਮਾਜਰਾ, ਰਾਏਪੁਰ ਕਲਾਂ ਅਤੇ ਰਾਏਪੁਰ ਖੁਰਦ ਵਿਖੇ ਵੀ ਮੀਟਿੰਗਾਂ ਹੋ ਚੁੱਕੀਆਂ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੀਆਂ। ਖੁੱਡਾ ਲਾਹੌਰਾ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸਵਰਨ ਸਿੰਘ ਚਾਹਲ ਨੇ ਵਿਸ਼ਵਾਸ ਦਿਵਾਇਆ ਕਿ ਮਾਂ ਬੋਲੀ ਪੰਜਾਬੀ ਦੇ ਲਈ ਮੰਚ ਵੱਲੋਂ ਕੀਤੇ ਜਾ ਰਹੇ ਯਤਨਾਂ ਵਿੱਚ ਉਨ੍ਹਾਂ ਦੇ ਪਿੰਡ ਵਾਸੀ ਸਮੇਂ-ਸਮੇਂ 'ਤੇ ਪੂਰਾ ਸਹਿਯੋਗ ਦਿੰਦੇ ਰਹਿਣਗੇ ਅਤੇ 21 ਫ਼ਰਵਰੀ ਦੇ ਰੋਸ ਮਾਰਚ ਵਿੱਚ ਵੱਡੀ ਗਿਣਤੀ ਲੋਕੀਂ ਸ਼ਾਮਿਲ ਹੋਣਗੇ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕ ਯੂ.ਟੀ. ਪ੍ਰਸ਼ਾਸਨ ਨੂੰ ਇਸ ਖਿੱਤੇ ਦੀ ਬੋਲੀ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਲਗਾਤਾਰ ਯਤਨਸ਼ੀਲ ਰਹਿਣਗੇ ਅਤੇ ਪ੍ਰਸ਼ਾਸਨ ਨੂੰ ਝੁਕਾ ਕੇ ਰਹਿਣਗੇ।

ਮੰਚ ਦੇ ਅਹੁਦੇਦਾਰਾਂ ਨੇ ਪਿੰਡ ਵਾਸੀਆਂ ਨੂੰ ਦੱਸਿਆ ਕਿ 21 ਫ਼ਰਵਰੀ ਨੂੰ ਸੈਕਟਰ 34 ਸਥਿਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਇਕੱਤਰ ਹੋ ਕੇ ਵੱਡੀ ਗਿਣਤੀ ਪੰਜਾਬੀ ਹਿਤੈਸ਼ੀ ਆਪੋ ਆਪਣੀਆਂ ਕਾਰਾਂ ਅਤੇ ਸਕੂਟਰਾਂ/ਮੋਟਰਸਾਈਕਲਾਂ ਉਤੇ ਰੋਸ ਮਾਰਚ ਕੱਢਣਗੇ ਜੋ ਕਿ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਅਤੇ ਪਿੰਡਾਂ ਵਿੱਚੋਂ ਦੀ ਹੁੰਦਾ ਹੋਇਆ ਪਿੰਡ ਖੁੱਡਾ ਅਲੀਸ਼ੇਰ ਦੇ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਵੇਗਾ।

ਆਂਗਣਵਾੜੀ ਢਾਂਚੇ ਬਾਰੇ ਰੋਟਰੀ ਕਲੱਬ ਨੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੱਥ ਮਿਲਾਇਆ

ਸਾਹਿਬਜਾਦਾ ਅਜੀਤ ਸਿੰਘ ਨਗਰ,(ਗੁਰਜੀਤ ਬਿੱਲਾ)- ਰੋਟਰੀ ਕਲੱਬ ਮੋਹਾਲੀ ਮਿਡਟਾਊਨ ਨੇ 0 ਤੋਂ 6 ਸਾਲ ਦੇ ਬੱਚਿਆਂ ਵਿੱਚ ਕੁਪੋਸ਼ਣ ਨੂੰ ਦੂਰ ਕਰਨ ਲਈ ਪੰਜਾਬ ਸਰਕਾਰ ਦੇ ਸ਼ਲਾਘਾਯੋਗ ਕੰਮ ਵਿੱਚ ਸਹਿਯੋਗ ਦੇਣ ਲਈ ਆਂਗਣਵਾੜੀ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੱਥ ਮਿਲਾਇਆ ਹੈ। ਇਸ ਦੀ ਸ਼ੁਰੂਆਤ ਵਜੋਂ, ਕਲੱਬ ਨੇ ਜਰੂਰੀ ਵਸਤਾਂ ਦੀਆਂ 20 ਕਿੱਟਾਂ ਜਿਵੇਂ ਕਿ ਕੁਰਸੀਆਂ, ਭੋਜਨ ਪਰੋਸਣ ਵਾਲੀਆਂ ਪਲੇਟਾਂ, ਗਲਾਸ, ਪਾਣੀ ਦਾ ਡਿਸਪੈਂਸਰ ਤੋਂ ਇਲਾਵਾ ਖਾਣਾ ਪਕਾਉਣ ਲਈ ਇੱਕ ਵੱਡਾ ਪਤੀਲਾ ਸੌਂਪਿਆ। ਕਲੱਬ ਨੇ ਅਗਲੇ ਤਿੰਨ ਸਾਲਾਂ ਤੱਕ ਬਾਕੀ ਆਂਗਣਵਾੜੀਆਂ ਲਈ ਅਜਿਹੀਆਂ 500 ਹੋਰ ਕਿੱਟਾਂ ਮੁਹੱਈਆ ਕਰਵਾਉਣ ਲਈ ਵੀ ਵਚਨਬੱਧਤਾ ਪ੍ਰਗਟਾਈ। ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਰੋਟਰੀ ਕਲੱਬ ਮੁਹਾਲੀ ਮਿਡਟਾਊਨ ਜ਼ਿਲ੍ਹਾ 3080 ਦਾ ਧੰਨਵਾਦ ਕਰਦਿਆਂ ਕੋਵਿਡ ਅਤੇ ਹੜ੍ਹਾਂ ਆਦਿ ਵਰਗੇ ਔਖੇ ਸਮਿਆਂ ਤੋਂ ਲੈ ਕੇ ਪ੍ਰਸ਼ਾਸਨ ਨਾਲ ਕਲੱਬ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਾਂਝ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਉਹ ਬਚਪਨ ਤੋਂ ਹੀ ਪ੍ਰਤੀਯੋਗੀ ਅਤੇ ਚੈਰੀਟੇਬਲ ਗਤੀਵਿਧੀਆਂ ਵਿੱਚ ਹਿੱਸਾ ਲੈ ਕੇ ਇਨ੍ਹਾਂ ਸੰਸਥਾਵਾਂ ਨਾਲ ਜੁੜੇ ਰਹੇ ਹਨ ਅਤੇ ਕਲੱਬ ਨਾਲ ਜੁੜੇ ਮੈਂਬਰਾਂ ਦੀ ਇਮਾਨਦਾਰੀ, ਸੰਜੀਦਗੀ ਅਤੇ ਸਮਰਪਣ ਨੂੰ ਜਾਣਦੇ ਹਨ। ਉਨ੍ਹਾਂ ਕਿਹਾ ਕਿ ਜਿਵੇਂ ਲੋਕ ਭਲਾਈ ਹਮੇਸ਼ਾ ਹੀ ਸਰਕਾਰਾਂ ਦਾ ਸਭ ਤੋਂ ਉਪਰਲਾ ਏਜੰਡਾ ਰਹਿੰਦਾ ਹੈ, ਉਸੇ ਤਰ੍ਹਾਂ ਹੀ ਇਨ੍ਹਾਂ ਸੰਸਥਾਵਾਂ ਦਾ ਕੰਮ ਵੀ ਹੈ, ਜੋ ਸਮਾਜ ਦੀ ਬਿਹਤਰੀ ਲਈ ਇਕ ਜਾਂ ਦੂਜੇ ਢੰਗ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 0 ਤੋਂ 6 ਸਾਲ ਦੀ ਉਮਰ ਦੇ ਹਰੇਕ ਬੱਚੇ ਦੇ ਕੁਪੋਸ਼ਣ ਨੂੰ ਦੂਰ ਕਰਨ ਲਈ ਵਚਨਬੱਧ ਹੈ। ਕਿਉਂਕਿ ਕੋਮਲ ਉਮਰ ਨਾਜੁਕ ਹੁੰਦੀ ਹੈ ਅਤੇ ਪੂਰਕ ਭੋਜਨ ਪੋਸਣ ਦੀ ਲੋੜ ਹੁੰਦੀ ਹੈ, ਇਸ ਲਈ ਅਸੀਂ ਮੋਹਾਲੀ ਵਿੱਚ ਆਉਣ ਵਾਲੀ ਪੀੜ੍ਹੀ ਦੀ ਸਿਹਤ ਲਈ ਕਾਫੀ ਸੁਹਿਰਦ ਹਾਂ ਅਤੇ ਸਕੂਲਾਂ ਦੇ ਨਾਲ-ਨਾਲ ਆਂਗਣਵਾੜੀਆਂ ਵਿੱਚ ਘਰੇਲੂ ਰਸੋਈ ਬਗੀਚੀਆਂ ਸ਼ੁਰੂ ਕੀਤੀਆਂ ਹਨ ਜਿੱਥੇ ਜਿੱਥੇ ਵੀ ਹਰੀਆਂ ਸਬਜੀਆਂ ਉਗਾਉਣ ਲਈ ਜਗ੍ਹਾ ਉਪਲਬਧ ਹੈ। ਅਨੀਮੀਆ ਅਤੇ ਹੋਰ ਕਮੀਆਂ ਨੂੰ ਦੂਰ ਕਰਨ ਲਈ ਪੂਰਕ ਪੋਸ਼ਣ, ਗੁੜ ਅਤੇ ਮਿਡ-ਡੇ-ਮੀਲ ਦਿੱਤਾ ਜਾ ਰਿਹਾ ਹੈ। ਉਨ੍ਹਾਂ ਮਾਨਵ ਸੇਵਾ ਦੀ ਵਿਰਾਸਤ ਨੂੰ ਅੱਗੇ ਤੋਰਨ ਲਈ ਰੋਟਰੀ ਕਲੱਬ ਮੋਹਾਲੀ ਮਿਡਟਾਊਨ ਦਾ ਧੰਨਵਾਦ ਕੀਤਾ। ਕਲੱਬ ਦੇ ਜ਼ਿਲ੍ਹਾ ਗਵਰਨਰ ਰਵੀ ਪ੍ਰਕਾਸ਼, ਪ੍ਰਧਾਨ ਅਮਰਜੀਤ ਸਿੰਘ, ਡਾਇਰੈਕਟਰ ਕਮਿਊਨਿਟੀ ਸਰਵਿਸ ਹਰਜੀਤ ਸਿੰਘ ਸਮੇਤ ਕਲੱਬ ਦੇ ਅਹੁਦੇਦਾਰਾਂ ਨੇ ਡਿਪਟੀ ਕਮਿਸ਼ਨਰ ਨੂੰ ਭਵਿੱਖ ਵਿੱਚ ਵੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਇਨ੍ਹਾਂ ਸਮਾਜ ਸੇਵੀ ਕੰਮਾਂ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਜ਼ਿਲ੍ਹਾ ਪ੍ਰੀਸਦ, ਐਸ.ਏ.ਐਸ ਨਗਰ (ਮੁਹਾਲੀ) ਕੰਪਲੈਕਸ ਵਿਖੇ ਹੋਏ ਸਮਾਗਮ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫਸਰ ਗਗਨਦੀਪ ਸਿੰਘ ਅਤੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਅਮਨਿੰਦਰ ਪਾਲ ਸਿੰਘ ਚੌਹਾਨ ਵੀ ਹਾਜਰ ਸਨ।

ਇਲਾਕੇ 'ਚ ਪੜ੍ਹੱਲੇ ਨਾਲ ਵਿਕਦੀ ਹੈ ਕਾਤਲ ਡੋਰ

ਅੱਪਰਾ (ਨਿਰਮਲ ਗੁੜਾ) ਹਰ ਵਾਰ ਦੀ ਤਰ੍ਹਾਂ ਲੋਹੜੀ ਨਿਕਲਦਿਆਂ ਪਤੰਗ ਉਡਾਣ ਵਾਲੀ ਕਾਤਲ ਡੋਰ ਵਿਕਣ ਲੱਗ ਚੁੱਕੀ ਹੈ। ਗੁਰਾਇਆ, ਦੁਸਾਂਝ ਕਲਾਂ, ਅੱਪਰਾ ਇਲਾਕੇ ਭਰ ਵਿੱਚ ਇਹ ਡੋਰ ਆਮ ਵਿਕ ਰਹੀ ਹੈ ਅਤੇ ਬੱਚੇ ਇਸ ਕਾਤਲ ਡੋਰ ਨਾਲ ਪਤੰਗ ਉਡਾਉਂਦੇ ਆਮ ਵੇਖੇ ਜਾ ਸਕਦੇ ਹਨ । ਜ਼ਿਕਰਯੋਗ ਹੈ ਕਿ ਚਾਇਨਾ ਡੋਰ ਦੇ ਨਾਂਅ 'ਤੇ ਵਿਕਣ ਵਾਲੀ ਕਾਤਲ ਡੋਰ ਨਾਲ ਬਹੁਤ ਸਾਰੇ ਹਾਦਸੇ ਵਾਪਰ ਚੁੱਕੇ ਹਨ। ਜਦੋਂ ਪਤੰਗ ਉਡਾਏ ਜਾਂਦੇ ਹਨ ਜਾਂ ਤਾਂ ਬੱਚਿਆਂ ਕੋਲੋਂ ਪਤੰਗ ਛੁੱਟ ਜਾਂਦਾ ਹੈ ਜਾਂ ਫਿਰ ਪੇਚਾ ਲਗਾ ਕੇ ਡੋਰ ਅੱਧ ਵਿਚਕਾਰ ਤੋਂ ਕੱਟ ਦਿੱਤੀ ਜਾਂਦੀ ਹੈ। ਜਿਸ ਕਾਰਨ ਉਡਦਾ ਹੋਇਆ ਪਤੰਗ ਦੂਰ ਜਾ ਡਿਗਦਾ ਹੈ ਅਤੇ ਡੋਰ ਜਦੋਂ ਰਸਤਿਆਂ ਵਿੱਚ ਡਿਗਦੀ ਹੈ ਤਾਂ ਟੂ ਵੀਲਰਾਂ 'ਤੇ ਜਾਣ ਵਾਲੇ ਵਿਆਕਤੀ ਇਸ ਡੋਰ ਦੀ ਲਪੇਟ ਵਿੱਚ ਆ ਜਾਂਦੇ ਹਨ । ਇਸ ਡੋਰ ਨਾਲ ਬਹੁਤ ਸਾਰੇ ਲੋਕ ਜਾਨ ਗੁਆ ਚੁੱਕੇ ਹਨ ਅਤੇ ਬਹੁਤ ਸਾਰੇ ਜਖਮੀ ਹੋ ਚੁੱਕੇ ਹਨ । ਜਦੋਂ ਦੁਕਾਨਦਾਰਾਂ ਨੂੰ ਪੁੱਛਦੇ ਹਾਂ ਤਾਂ ਕਹਿੰਦੇ ਹਨ ਕਿ ਇਹ ਚਾਇਨਾ ਡੋਰ ਨਹੀਂ ਹੈ। ਇਲਾਕੇ ਭਰ ਦੇ ਲੋਕਾਂ ਦਾ ਕਹਿਣਾ ਹੈ ਕਿ ਇਸ ਕਾਤਲ ਡੋਰ ਨੂੰ ਬੰਦ ਕੀਤਾ ਜਾਵੇ ।

ਸਵੀਪ ਵੈਨ ਰਾਹੀਂ ਵੋਟਰਾਂ ਨੂੰ ਈ ਵੀ ਐਮ ਸੈੱਟ ਬਾਰੇ ਜਾਣਕਾਰੀ ਦਿੱਤੀ

ਮਹਿਤਪੁਰ (ਰਾਜਾ) ਐਸ ਡੀ ਐਮ ਸ਼ਾਹਕੋਟ ਦੀਆਂ ਹਦਾਇਤਾਂ ਦੇ ਮੁਤਾਬਿਕ ਸਵੀਪ ਵੈਨ ਰਾਹੀਂ ਵੋਟਰਾਂ ਨੂੰ ਈਵੀਐਮ ਸੈੱਟ ਬਾਰੇ ਜਾਣਕਾਰੀ ਦਿੱਤੀ ਗਈ। ਰੂਟ ਪਲੈਨ ਮੁਤਾਬਕ ਮਹਿਤਪੁਰ, ਸੰਗੋਵਾਲ, ਬਘੇਲਾ ਆਦਿ ਵਿਖੇ ਵੋਟਰਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੁਪਰਵਾਈਜਰ ਰਕੇਸ਼ ਕੁਮਾਰ, ਵਰਿੰਦਰ ਸਿੰਘ, ਏਰੀਏ ਦੇ ਸਮੂਹ ਬੀਐਲਓ ਹਾਜਰ ਸਨ। ਇਸ ਦੌਰਾਨ ਜਲੰਧਰ ਤੋਂ ਸੰਦੀਪ ਗੁਪਤਾ, ਸ੍ਰੀਮਤੀ ਮੋਨਿਕਾ ਗੁਪਤਾ ਅਤੇ ਮਾਸਟਰ ਮਦਾਸ ਕੁਮਾਰ ਗੁਪਤਾ ਵਰਲਡ ਰਿਕਾਰਡ ਹੋਲਡਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਵੀਪ ਨੋਡਲ ਅਫਸਰ ਸੁਰਿੰਦਰ ਵਿਜ ਨੇ ਵੋਟਰਾਂ ਦਾ ਧੰਨਵਾਦ ਕੀਤਾ।

ਵੋਟਰ ਸੂਚੀ ਦੀ ਵਿਸ਼ੇਸ਼ ਸੁਧਾਈ ਤੋਂ ਬਾਅਦ ਹੋਈ ਅੰਤਿਮ ਪ੍ਰਕਾਸ਼ਨਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ 1 ਜਨਵਰੀ 2024 ਦੀ ਯੋਗਤਾ ਮਿਤੀ ਦੇ ਆਧਾਰ 'ਤੇ ਤਿਆਰ ਕੀਤੀ ਗਈ ਫੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਗਈ ਹੈ। ਉਹ ਆਪਣੇ ਦਫ਼ਤਰ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਉਪਲਬੱਧ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਤੋਂ ਬਾਅਦ ਜ਼ਿਲ੍ਹੇ ਵਿੱਚ ਹੁਣ 1257237 ਵੋਟਰ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੋ ਗਈ ਹੈ, ਉਹ ਆਪਣਾ ਨਾਮ ਵੋਟਰ ਸੂਚੀਆਂ ਵਿੱਚ ਸ਼ਾਮਿਲ ਕਰਵਾਉਣ ਦੇ ਲਈ ਫਾਰਮ ਨੰਬਰ 6 ਵਿੱਚ ਅਪਲਾਈ ਕਰ ਸਕਦੇ ਹਨ, ਵੋਟਰ ਸੂਚੀਆਂ ਵਿੱਚ ਸ਼ਾਮਿਲ ਨਾਮ 'ਤੇ ਇਤਰਾਜ਼ ਕਰਨ ਜਾਂ ਵੋਟ ਕਟਵਾਉਣ ਦੇ ਲਈ ਫਾਰਮ ਨੰਬ 7, ਵੋਟਰ ਸੂਚੀ ਵਿੱਚ ਪਹਿਲਾਂ ਤੋਂ ਦਰਜ ਕਿਸੇ ਤਰ੍ਹਾਂ ਦੀ ਸੋਧ ਕਰਨ ਦੇ ਲਈ ਫਾਰਮ ਨੰਬਰ 8 ਭਰ ਕੇ ਬੂਥ ਲੈਵਲ ਅਧਿਕਾਰੀਆਂ/ਸਹਾਇਕ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਦੇ ਦਫ਼ਤਰ/ਚੋਣ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਜਾਂ ਵੋਟਰ ਹੈਲਪਲਾਈਨ ਐਪ ਜਾਂ https://voters.eci.gov.in ਪੋਰਟਲ ਰਾਹੀਂ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਉਨ੍ਹਾਂ ਇਸ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ/ਸਕੱਤਰਾਂ ਨੂੰ ਅਪੀਲ ਕੀਤੀ ਕਿ ਪੋਲੰਗ ਬੂਥਾਂ 'ਤੇ ਬੂਥ ਲੈਵਲ ਅਧਿਕਾਰੀਆਂ ਦੀ ਸਹਾਇਤਾ ਦੇ ਲਈ ਬੂਥ ਲੈਵਲ ਏਂਜੰਟਾਂ ਦੀ ਨਿਯੁਕਤੀ ਕੀਤੀ ਜਾਵੇ। ਇਸ ਮੌਕੇ 'ਤੇ ਤਹਿਸੀਲਦਾਰ ਚੋਣਾਂ ਸਰਬਜੀਤ ਸਿੰਘ, ਕਾਨੂੰਗੋ ਦੀਪਕ ਕੁਮਾਰ, ਕਾਨੂੰਗੋ ਲਖਵੀਰ ਸਿੰਘ ਤੋਂ ਇਲਾਵਾ ਆਮ ਆਦਮੀ ਪਾਰਟੀ ਤੋਂ ਜੈ ਰਾਮ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਰਘੂ ਟੰਡਨ, ਸੀ.ਪੀ.ਆਈ (ਐਮ) ਤੋਂ ਬਲਵਿੰਦਰ ਸਿੰਘ, ਗੁਰਮੇਜ ਸਿੰਘ ਅਤੇ ਬਹੁਜਨ ਸਮਾਜ ਪਾਰਟੀ ਤੋਂ ਮਦਨ ਸਿੰਘ ਵੀ ਮੌਜੂਦ ਸਨ।

ਪੰਜਾਬ ਸਰਕਾਰ ਵੱਲੋਂ 22 ਨੂੰ ਛੁੱਟੀ ਨਾ ਕਰਨਾ ਸਨਾਤਨ ਵਿਰੋਧੀ ਹੋਣ ਦਾ ਸਬੂਤ: ਪ੍ਰਿਤਪਾਲ ਸਿੰਘ

ਚੰਡੀਗੜ੍ਹ (ਗੁਰਜੀਤ ਬਿੱਲਾ): ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਬੁਲਾਰੇ ਪ੍ਰਿਤਪਾਲ ਸਿੰਘ ਬਲੀਏਵਾਲ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ 22 ਜਨਵਰੀ ਨੂੰ ਪੰਜਾਬ ਵਿੱਚ ਛੁੱਟੀ ਨਾ ਐਲਾਨਣ 'ਤੇ ਤਿੱਖਾ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਕਰੋੜਾਂ ਲੋਕਾਂ ਦੇ ਧਾਰਮਿਕ ਅਧਿਕਾਰਾਂ ਦਾ ਘਾਣ ਕੀਤਾ ਹੈ ਅਤੇ ਪੰਜਾਬ ਦੇ ਲੋਕਾਂ ਦੀ ਆਸਥਾ ਨਾਲ ਖਿਲਵਾੜ ਕੀਤਾ ਹੈ। ਪ੍ਰਿਤਪਾਲ ਸਿੰਘ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਪੰਜਾਬ ਵਿਰੋਧੀ, ਹਿੰਦੂ ਵਿਰੋਧੀ ਅਤੇ ਸਨਾਤਨ ਵਿਰੋਧੀ ਹੈ।

ਪੰਜਾਬ ਸਰਕਾਰ ਨੇ 22 ਜਨਵਰੀ ਦੇ ਇਸ ਇਤਿਹਾਸਕ ਦਿਹਾੜੇ 'ਤੇ ਪੰਜਾਬ 'ਚ ਛੁੱਟੀ ਦਾ ਐਲਾਨ ਨਾ ਕਰਕੇ ਇਸਦਾ ਸਪੱਸ਼ਟ ਸਬੂਤ ਦਿੱਤਾ ਹੈ ਤੇ ਪੰਜਾਬ ਦੇ ਕਰੋੜਾਂ ਪੰਜਾਬੀ ਸਨਾਤਨੀ ਭੈਣ-ਭਰਾਵਾਂ ਅਤੇ ਬੱਚਿਆਂ ਨੂੰ ਇਸ ਇਤਿਹਾਸਕ ਪਲ ਦੇ ਗਵਾਹ ਹੋਣ ਤੋਂ ਰੋਕ ਕੇ, ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ। ਉਨ੍ਹਾਂ ਦੇ ਦਿਲਾਂ ਵਿੱਚ ਸ੍ਰੀ ਰਾਮ ਜੀ ਪ੍ਰਤੀ ਪ੍ਰੇਮ ਅਤੇ ਸ਼ਰਧਾ ਦੀ ਭਾਵਨਾ ਨੂੰ ਰੋਕਣ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਪੂਰਾ ਦੇਸ਼ ਇਸ ਸਾਲ ਦੀ ਦੂਜੀ ਦੀਵਾਲੀ ਮਨਾ ਰਿਹਾ ਹੈ ਤਾਂ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੇ ਕਰੋੜਾਂ ਲੋਕਾਂ ਦੀਆਂ ਖੁਸ਼ੀ 'ਚ 'ਰੰਗ ਚ ਭੰਗ' ਕਰਨ ਦਾ ਕੰਮ ਕੀਤਾ ਹੈ, ਜਿਸ ਲਈ ਪੰਜਾਬ ਵਾਸੀ ਭਗਵੰਤ ਮਾਨ ਸਰਕਾਰ ਨੂੰ ਕਦੇ ਵੀ ਮੁਆਫ ਨਹੀਂ ਕਰਨਗੇ।

ਜਿੰਪਾ ਨੇ ਭਗਵਾਨ

24-Jan-PAGE-9.qxd 1/23/2024 10:31 PM Page 1

ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮੰਗੂਵਾਲ ਵਿਖੇ ਬਣੇ ਲੰਗਰ ਹਾਲ ਦਾ ਉਦਘਾਟਨ

ਬਹਿਰਾਮ (ਅਵਤਾਰ ਕਲੇਰ)-ਪਿੰਡ ਮੰਗੂਵਾਲ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਪਿੰਡ ਦੇ ਜੰਮਪਲ ਕੈਨੇਡਾ ਨਿਵਾਸੀ ਕਾਮਰੇਡ ਸੁਰਿੰਦਰ ਸਿੰਘ ਹੀਰ ਅਤੇ ਉਨ੍ਹਾਂ ਦੀ ਪਤਨੀ ਗੁਰਮੀਤ ਕੌਰ ਹੀਰ ਦੇ ਪਰਵਾਰ ਵਲੋਂ ਆਪਣੇ ਬਜ਼ੁਰਗਾਂ,ਪਿਤਾ ਸਵਰਗਵਾਸੀ ਬਖਸ਼ੀਸ਼ ਸਿੰਘ ਅਤੇ ਮਾਤਾ ਸਵਰਗਵਾਸੀ ਪ੍ਰੀਤਮ ਕੌਰ ਦੀ ਯਾਦ ਵਿੱਚ ਉਸਾਰੇ ਵੱਡਾ ਲੰਗਰ ਹਾਲ ਦਾ ਉਦਘਾਟਨ ਕਰਕੇ ਗੁਰਦੁਆਰਾ ਕਮੇਟੀ ਅਤੇ ਸੰਗਤ ਦੇ ਹਵਾਲੇ ਕੀਤਾ ਗਿਆ। ਇਸ ਸੰਬੰਧੀ ਇੰਟਰਨੈਸ਼ਨਲ ਫੁੱਟਬਾਲ ਕੋਚ ਸਰਬਜੀਤ ਮੰਗੂਵਾਲ ਨੇ ਦੱਸਿਆ ਕਿ ਸਾਥੀ ਸੁਰਿੰਦਰ ਸਿੰਘ ਹੀਰ ਹਮੇਸ਼ਾ ਹੀ ਸਮਾਜ ਭਲਾਈ ਦੇ ਕੰਮਾਂ ਵਿਚ ਵੱਧ-ਚੜ੍ਹ ਕੇ ਹਿੱਸਾ ਪਾਉਂਦੇ ਰਹੇ ਹਨ। ਉਨ੍ਹਾਂ ਦੇ ਪਰਵਾਰ ਨੇ ਹੁਣ ਵੀ ਇਸ ਲੰਗਰ ਹਾਲ ਦੀ ਉਸਾਰੀ ਲਈ 15 ਲੱਖ ਰੁਪਏ ਤੋਂ ਵੱਧ ਰਕਮ ਖ਼ਰਚ ਕਰਕੇ ਲੋਕ ਭਲਾਈ ਦਾ ਕੰਮ ਕੀਤਾ ਹੈ। ਕਾਮਰੇਡ ਸੁਰਿੰਦਰ ਸਿੰਘ ਹੀਰ ਕੈਨੇਡਾ ਦਾ ਕਹਿਣਾ ਹੈ ਕਿ ਆਮ ਤੇ ਗਰੀਬ ਲੋਕ ਵੀ ਮੀਂਹ-ਹਨੇਰੀ ਵਿੱਚ ਆਪਣਾ ਫੰਕਸ਼ਨ ਕਰਕੇ ਇਸ ਹਾਲ ਫਾਇਦਾ ਲੈ ਸਕਣਗੇ। ਇਸ ਮੌਕੇ ਹੀਰ ਪਰਵਾਰ ਦੇ ਮੈਂਬਰਾਂ ਵਿਚ ਸੁਰਿੰਦਰ ਸਿੰਘ, ਗੁਰਮੀਤ ਕੌਰ, ਕਾਮਰੇਡ ਜਸਵੰਤ ਖਟਕੜ ,ਸਾਬਕਾ ਪੰਚਾਇਤ ਅਫ਼ਸਰ ਜੋਗਿੰਦਰ ਸਿੰਘ ਕੰਵਲ,ਕਹਾਣੀਕਾਰ ਅਜਮੇਰ ਸਿੰਘ ਸਿੱਧੂ,ਪ੍ਰੋ ਭੁਪਿੰਦਰ ਸਿੰਘ ਭਰੋਮਜਾਰਾ ਤੇ ਕਾਮਰੇਡ ਹਰੀ ਰਾਮ ਰਸੂਲਪੁਰੀ ਨੇ ਵੀ ਸੰਬੋਧਨ ਕੀਤਾ।

ਕਰਨ ਸਿੰਘ ਡੀ ਟੀ ਓ ਵੱਲੋਂ ਹਸਪਤਾਲ ਨੂੰ ਕੰਬਲ ਭੇਟ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੰਬੀ)- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ ਵੱਲੋਂ ਇੱਥੇ ਦੇ ਸਰਕਾਰੀ ਹਸਪਤਾਲ ਵਿੱਚ ਮਰੀਜ਼ਾਂ ਦੀ ਸੇਵਾ ਨੂੰ ਸਮਰਪਿਤ ਭੇਜੇ ਗਏ ਕੰਬਲ ਅਤੇ ਚਾਦਰਾਂ ਸਾਬਕਾ ਸੰਸਦ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ ਨੇ ਸੀਨੀਅਰ ਮੈਡੀਕਲ ਅਫਸਰ ਡਾ. ਗੋਬਿੰਦ ਟੰਡਨ ਨੂੰ ਭੇਂਟ ਕੀਤੇ ।ਮਾਂਗਟ ਨੇ ਦੱਸਿਆ ਕਿ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ ਵੱਲੋਂ ਹਸਪਤਾਲ ਵਿੱਚ ਮਰੀਜ਼ਾਂ ਦੀ ਸੇਵਾ ਨੂੰ ਸਮਰਪਿਤ 11 ਕੰਬਲ ਅਤੇ 10 ਚਾਦਰਾਂ ਭੇਂਟ ਕੀਤੀਆਂ ਗਈਆਂ ਹਨ ਤਾਂ ਜੋ ਕਿ ਸਰਦੀ ਦੇ ਮੌਸਮ ਵਿੱਚ ਹਸਪਤਾਲ ਵਿਖੇ ਦਾਖਲ ਹੋਣ ਵਾਲੇ ਮਰੀਜ਼ਾਂ ਨੂੰ ਕੋਈ ਵੀ ਸਮੱਸਿਆ ਪੇਸ਼ ਨਾ ਆਵੇ । ਉਨ੍ਹਾਂ ਦੱਸਿਆ ਕਿ ਡਾ ਗੋਬਿੰਦ ਟੰਡਨ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਹਸਪਤਾਲ ਵਿੱਚ ਜੇਕਰ ਕਿਸੇ ਵੀ ਚੀਜ਼ ਦੀ ਲੋੜ ਪੈਂਦੀ ਹੈ ਤਾਂ ਅਕਾਲੀ ਦਲ ਦੇ ਆਗੂਆਂ ਵੱਲੋਂ ਉਸ ਲੋੜ ਨੂੰ ਪੂਰਾ ਕਰਨ ਲਈ ਹਰ ਯਤਨ ਕੀਤਾ ਜਾਵੇਗਾ ਤਾਂ ਜੋ ਮਰੀਜ਼ ਪ੍ਰੇਸ਼ਾਨ ਨਾ ਹੋ ਸਕਣ । ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ 10 ਜਨਵਰੀ ਨੂੰ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਸਪਤਾਲ ਵਿੱਚ ਮਰੀਜ਼ਾਂ ਦੀ ਸੇਵਾ ਨੂੰ ਸਮਰਪਿਤ ਕੰਬਲ ਭੇਂਟ ਕੀਤੇ ਗਏ ਸਨ । ਇਸ ਮੌਕੇ ਸਟਾਫ ਨਰਸ ਜਸਵਿੰਦਰ ਕੌਰ, ਬਾਈ ਪਰਮਿੰਦਰ ਸਿੰਘ ਸੋਖੋਂ, ਅਵਤਾਰ ਸਿੰਘ ਘੁੰਮਣ, ਗੁਰਦੀਪ ਸਿੰਘ ਭਲਵਾਨ ਅਤੇ ਚਰਨਜੀਤ ਕੌਰ ਆਦਿ ਹਾਜਰ ਸਨ ।

ਬ੍ਰਾਹਮਣ ਮੰਡਲ ਖਾਟੀ ਧਾਮ ਨੇ ਮਨਾਇਆ ਰਾਮ ਲੱਲਾ ਬਿਰਾਜਮਾਨ ਦਿਵਸ

ਫਗਵਾੜਾ (ਡਾ. ਰਮਨ, ਢੱਡਾ) ਅਯੁੱਧਿਆ ਧਾਮ ਵਿਖੇ ਰਾਮਲਲਾ ਦੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀ ਖੁਸ਼ੀ 'ਚ ਬ੍ਰਾਹਮਣ ਮੰਡਲ (ਰਜਿ.) ਖਾਟੀ ਧਾਮ ਨੇ ਬੰਗਾ ਰੋਡ ਫਗਵਾੜਾ ਵਿਖੇ ਅਸ਼ੋਕ ਸ਼ਰਮਾ ਦੀ ਅਗਵਾਈ ਹੇਠ ਛੋਲੇ, ਪੂਰੀ, ਖੀਰ ਦਾ ਲੰਗਰ ਲਗਾਇਆ। ਇਸ ਦੌਰਾਨ ਲੱਡੂਆਂ ਦਾ ਪ੍ਰਸ਼ਾਦ ਵੀ ਵੰਡਿਆ ਗਿਆ। ਅਸ਼ੋਕ ਸ਼ਰਮਾ ਤੋਂ ਇਲਾਵਾ ਮੰਡਲ ਪ੍ਰਧਾਨ ਜੋਤੀ ਸ਼ਰਮਾ, ਜਨਰਲ ਸਕੱਤਰ ਹਰਮੇਸ਼ ਪਾਠਕ, ਖਜ਼ਾਨਚੀ ਹਰੀ ਓਮ ਸ਼ਰਮਾ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਨੇ ਬੜੇ ਪਿਆਰ ਤੇ ਸਤਿਕਾਰ ਨਾਲ ਲੰਗਰ ਦੀ ਸੇਵਾ ਵਰਤਾਈ। ਸ੍ਰੀ ਰਾਮ ਭਗਤਾਂ ਨੂੰ ਵਧਾਈ ਦੇਣ ਲਈ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਆਪ ਪਾਰਟੀ ਦੇ ਸੀਨੀਅਰ ਯੂਥ ਆਗੂ ਹਰਨੂਰ ਸਿੰਘ ਹਰਜੀ ਮਾਨ, ਯੂਥ ਭਾਜਪਾ ਆਗੂ ਆਸ਼ੂ ਸਾਂਪਲਾ ਤੋਂ ਇਲਾਵਾ ਸ਼ਿਵ ਸੈਨਾ ਦੇ ਸੀਨੀਅਰ ਆਗੂ ਇੰਦਰਜੀਤ ਕਰਵਲ, ਰਾਜੇਸ਼ ਪਲਟਾ, ਵਿਪਨ ਸ਼ਰਮਾ, ਮਾਰਕੀਟ ਕਮੇਟੀ ਫਗਵਾੜਾ ਦੇ ਸਾਬਕਾ ਚੇਅਰਮੈਨ ਨਰੇਸ਼ ਭਾਰਦਵਾਜ, ਸਾਬਕਾ ਕੌਂਸਲਰ ਮਨੀਸ਼ ਪ੍ਰਭਾਕਰ, ਸਾਬਕਾ ਕੌਂਸਲਰ ਅਨੁਰਾਗ ਮਾਨਖੰਡ, 'ਆਪ' ਪਾਰਟੀ ਦੇ ਬਲਾਕ ਪ੍ਰਧਾਨ ਵਰੁਣ ਬੰਗੜ, ਭਾਜਪਾ ਮਹਿਲਾ ਮੋਰਚਾ ਆਗੂ ਭਾਰਤੀ ਸ਼ਰਮਾ, ਸੀਮਾ ਰਾਣਾ, ਰਵਿਦਾਸ ਟਾਈਗਰ ਫੋਰਸ ਪੰਜਾਬ ਦੇ ਪ੍ਰਧਾਨ ਲਵ ਕੁਮਾਰ ਅਤੇ ਹੋਰ ਪਤਵੰਤਿਆਂ ਨੇ ਵਿਸ਼ੇਸ਼ ਹਾਜ਼ਰੀ ਲਗਵਾਈ। ਉਨ੍ਹਾਂ ਕਿਹਾ ਕਿ ਮਰਿਯਾਦਾ ਪੁਰਸ਼ੋਤਮ ਭਗਵਾਨ ਰਾਮ ਦਾ ਸਮੁੱਚਾ ਜੀਵਨ ਪ੍ਰੇਮ, ਤਿਆਗ, ਰਹਿਮ ਅਤੇ ਬਹਾਦਰੀ ਨਾਲ ਭਰਪੂਰ ਹੈ ਜੋ ਕਿ ਬਹੁਤ ਹੀ ਪ੍ਰੇਰਨਾਦਾਇਕ ਹੈ। ਅੱਜ ਦੇ ਯੁੱਗ ਵਿੱਚ ਜੇਕਰ ਲੋਕ ਉਹਨਾਂ ਦੇ ਆਦਰਸ਼ਾਂ ਨੂੰ ਅਪਣਾ ਲੈਣ ਤਾਂ ਭਾਰਤ ਵਿੱਚ ਮੁੜ ਤੋਂ ਰਾਮ ਰਾਜ ਦੀ ਸਥਾਪਨਾ ਹੋ ਸਕਦੀ ਹੈ। ਇਸ ਮੌਕੇ ਚੇਤਨ ਸ਼ਰਮਾ, ਸੰਦੀਪ ਸ਼ਰਮਾ, ਰਾਜਨ ਸ਼ਰਮਾ, ਅਮਿਤ ਸ਼ਰਮਾ, ਕਮਲ ਕੌਸ਼ਲ, ਕੁਲਦੀਪ ਸ਼ਰਮਾ, ਰੋਹਿਤ ਸ਼ਰਮਾ, ਬ੍ਰਿਜ ਲਾਲ, ਤਰੁਣ ਪਰੂਥੀ, ਦੀਪਕ ਸ਼ਰਮਾ, ਰਾਜੀਵ ਸ਼ਰਮਾ, ਯਤਿਨ ਸ਼ਰਮਾ, ਰਜਤ ਭਨੋਟ, ਵਿਸ਼ਵ ਟਾਹ, ਸ਼ੁਭੀ, ਰਵੀਪਾਲ ਸ਼ਰਮਾ, ਡਾ. ਪਵਨ ਸ਼ਰਮਾ, ਜਯੰਤ ਕੁਮਾਰ, ਲੌਕਿਕ ਸ਼ਰਮਾ, ਦੈਵਿਕ ਸ਼ਰਮਾ, ਰਚਿਤ ਸ਼ਰਮਾ, ਰਾਘਵ ਸ਼ਰਮਾ, ਰਾਜ ਭਾਰਦਵਾਜ, ਰਾਜ ਕੁਮਾਰ ਸ਼ੇਰਾ, ਹਨੀ ਭੀਮ ਆਦਿ ਹਾਜ਼ਰ ਸਨ।

ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਜਲਦ ਸ਼ੁਰੂ ਕਰੇਗੀ ਫਰਿਸ਼ਤੇ ਸਕੀਮ : ਡਾ. ਬਲਬੀਰ ਸਿੰਘ

ਚੰਡੀਗੜ੍ਹ (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਮੁੱਖ 'ਫਰਿਸ਼ਤੇ ਸਕੀਮ', ਜਿਸ ਤਹਿਤ ਸੜਕ ਹਾਦਸਿਆਂ ਦੇ ਪੀੜਤਾਂ ਦਾ ਮੁਫਤ ਇਲਾਜ ਕੀਤਾ ਜਾਵੇਗਾ, ਦੇ ਮੱਦੇਨਜ਼ਰ, ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਸੋਮਵਾਰ ਨੂੰ ਸਾਰੇ ਪ੍ਰਾਈਵੇਟ ਹਸਪਤਾਲਾਂ ਨੂੰ ਇਸ ਲੋਕ ਪੱਖੀ ਯੋਜਨਾ ਵਾਸਤੇ ਰਜਿਸਟਰ ਕਰਨ ਲਈ ਕਿਹਾ ਤਾਂ ਜੋ ਸੜਕੀ ਹਾਦਸਿਆਂ ਦਾ ਸ਼ਿਕਾਰ ਹੋਏ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਈਆਂ ਜਾ ਸਕਣ । ਉਨ੍ਹਾਂ ਕਿਹਾ ,"ਅਸੀਂ ਸੜਕ ਹਾਦਸਾ ਪੀੜਤਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ 'ਗੋਲਡਨ ਆਵਰ' ਦੀ ਵੱਧ ਤੋਂ ਵੱਧ ਤੇ ਸੁਚੱਜੀ ਵਰਤੋਂ ਕਰਨਾ ਚਾਹੁੰਦੇ ਹਾਂ ਅਤੇ ਪੰਜਾਬ ਸਰਕਾਰ ਵੱਲੋਂ ਬਿਨਾਂ ਕੌਮੀਅਤ, ਜਾਤ-ਪਾਤ ਜਾਂ ਸਮਾਜਿਕ-ਆਰਥਿਕ ਸਥਿਤੀ ਦੇ ਭੇਦਭਾਵ ਤੋਂ ਸਾਰੇ ਸੜਕ ਹਾਦਸਾ ਪੀੜਤਾਂ ਦਾ ਨੇੜਲੇ ਹਸਪਤਾਲਾਂ ਸਮੇਤ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਫਤ ਇਲਾਜ ਯਕੀਨੀ ਬਣਾਇਆ ਜਾਵੇਗਾ। ਜ਼ਿਕਰਯੋਗ ਹੈ ਕਿ 'ਗੋਲਡਨ ਆਵਰ ' ਸੜਕ ਦੁਰਘਟਨਾ ਤੋਂ ਬਾਅਦ ਪਹਿਲਾ ਮਹੱਤਵਪੂਰਨ ਘੰਟਾ ਹੁੰਦਾ ਹੈ, ਜਿਸ ਦੌਰਾਨ ਜੇਕਰ ਕਿਸੇ ਗੰਭੀਰ ਜ਼ਖਮੀ ਵਿਅਕਤੀ ਨੂੰ ਬਣਦੀ ਦੇਖਭਾਲ ਮਿਲ ਜਾਵੇ, ਤਾਂ ਉਸਦੇ ਬਚਣ ਦੀ ਸੰਭਾਵਨਾ ਬਹੁਤ ਵੱਧ ਜਾਂਦੀ ਹੈ। ਡਾ: ਬਲਬੀਰ ਸਿੰਘ ਨੇ ਨਿੱਜੀ ਸਿਹਤ ਸੰਭਾਲ ਸੰਸਥਾਵਾਂ ਤੋਂ ਸਹਾਇਤਾ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਰਾਜ ਭਰ ਦੇ ਹਸਪਤਾਲਾਂ, ਖਾਸ ਤੌਰ 'ਤੇ ਟਰਸ਼ਰੀ ਅਤੇ ਸੈਕੰਡਰੀ ਦੇਖਭਾਲ ਪ੍ਰਦਾਨ ਕਰਨ ਵਾਲੇ ਹਸਪਤਾਲਾਂ ਨੂੰ ਕੀਮਤੀ ਜਾਨਾਂ ਬਚਾਉਣ ਲਈ ਇਸ ਸਕੀਮ ਨਾਲ ਜੁੜਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਸੂਚੀਬੱਧ ਹਸਪਤਾਲਾਂ ਨੂੰ ਰਾਸ਼ਟਰੀ ਸਿਹਤ ਅਥਾਰਟੀ ਦੁਆਰਾ ਪਰਿਭਾਸ਼ਿਤ ਐਚਬੀਪੀ 2.2 ਪੈਕੇਜ ਦਰਾਂ ਦੇ ਅਨੁਸਾਰ ਮੁਆਵਜ਼ਾ ਦਿੱਤਾ ਜਾਵੇਗਾ। ਰਾਜ ਸਿਹਤ ਏਜੇਂਸੀ ਨੇ ਸੜਕ ਹਾਦਸਦਾ ਪੀੜਤਾਂ ਦੇ ਇਲਾਜ ਲਈ 52 ਪੈਕੇਜਾਂ ਦੀ ਸ਼ਨਾਖਤ ਕੀਤੀ ਹੈ। ਜ਼ਿਕਰਯੋਗ ਹੈ ਕਿ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐੱਮ.ਏ.) ਪੰਜਾਬ ਪਹਿਲਾਂ ਹੀ ਇਸ ਯੋਜਨਾ ਦਾ ਹਿੱਸਾ ਬਣ ਕੇ ਇਸ ਨੇਕ ਕਾਰਜ ਲਈ ਸਹਿਯੋਗ ਦੇ ਚੁੱਕਾ ਹੈ। ਸਿਹਤ ਮੰਤਰੀ ਨੇ ਬਾਕੀ ਹਸਪਤਾਲਾਂ ਨੂੰ ਵੀ ਅੱਗੇ ਆਉਣ ਅਤੇ ਇਸ ਸਕੀਮ ਅਧੀਨ ਰਜਿਸਟਰਡ ਹੋਣ ਲਈ ਸੱਦਾ ਦਿੱਤਾ। ਉਨ੍ਹਾਂ ਨੂੰ ਰਜਿਸਟਰੇਸ਼ਨ ਸੰਬੰਧੀ ਕਿਸੇ ਵੀ ਸਵਾਲ ਲਈ ਆਪਣੇ ਸਬੰਧਤ ਜ਼ਿਲ੍ਹੇ ਦੇ ਸਿਵਲ ਸਰਜਨਾਂ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ। ਬਲਬੀਰ ਸਿੰਘ ਨੇ ਕਿਹਾ, "ਹੁਣ ਤੱਕ ਰਾਜ ਦੇ 384 ਹਸਪਤਾਲ ਫਰਿਸ਼ਤੇ ਸਕੀਮ ਤਹਿਤ ਰਜਿਸਟਰਡ ਹੋ ਚੁੱਕੇ ਹਨ, ਜਿਨ੍ਹਾਂ ਵਿੱਚੋਂ 146 ਸਰਕਾਰੀ ਹਸਪਤਾਲ ਅਤੇ 238 ਪ੍ਰਾਈਵੇਟ ਹਸਪਤਾਲ ਹਨ। ਅਗਾਮੀ ਪ੍ਰਮੁੱਖ ਫਰਿਸ਼ਤੇ ਸਕੀਮ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸੜਕ ਹਾਦਸੇ ਦੇ ਪੀੜਤ ਨੂੰ ਇਲਾਜ ਲਈ ਹਸਪਤਾਲ ਲਿਜਾਣ ਵਾਲੇ ਵਿਅਕਤੀ ਨੂੰ 2000 ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਦੋਂ ਤੱਕ ਪੁਲੀਸ ਵੱਲੋਂ ਕਿਸੇ ਕਿਸਮ ਦੀ ਕੋਈ ਪੁੱਛਗਿੱਛ ਨਹੀਂ ਕੀਤੀ ਜਾਵੇਗੀ ਜਦੋਂ ਤੱਕ ਸੜਕ ਦੁਰਘਟਨਾ ਦੇ ਸ਼ਿਕਾਰ ਨੂੰ ਹਸਪਤਾਲ ਲੈ ਕੇ ਆਇਆ ਵਿਅਕਤੀ ਖੁਦ ਚਸ਼ਮਦੀਦ ਗਵਾਹ ਬਣਨ ਦੀ ਇੱਛਾ ਨਹੀਂ ਪ੍ਰਗਟਾਉਂਦਾ। ਜ਼ਿਕਰਯੋਗ ਹੈ ਇਹ ਸਕੀਮ ਵੱਖ-ਵੱਖ ਮਾਮਲਿਆਂ ਵਿੱਚ ਜਾਰੀ ਮਾਨਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਨਾਲ ਮੇਲ ਖਾਂਦੀ ਹੈ, ਜੋ ਜਨਤਾ ਨੂੰ ਦੁਰਘਟਨਾ ਪੀੜਤਾਂ ਨੂੰ ਨਜ਼ਦੀਕੀ ਸਰਕਾਰੀ ਜਾਂ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਲਿਆਉਣ ਦੀ ਅਪੀਲ ਕਰਦੀ ਹੈ।

ਠੰਢ 'ਚ ਬਜ਼ੁਰਗਾਂ ਤੇ ਬੱਚਿਆਂ ਦਾ ਰੱਖਿਆ ਜਾਵੇ ਖਾਸ ਧਿਆਨ : ਡਾ. ਵਿਧਾਨ ਚੰਦਰ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋ)-ਕੜਾਕੇ ਦੀ ਪੈ ਰਹੀ ਸਰਦੀ ਨੂੰ ਮੁੱਖ ਰੱਖਦੇ ਹੋਏ ਇਸ ਮੌਸਮ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਡਾ.ਵਿਧਾਨ ਚੰਦਰ ਵੱਲੋਂ ਜਾਣਕਾਰੀ ਦਿੰਦੇ ਕਿਹਾ ਕਿ ਇਸ ਵੇਲੇ ਸਮੇਂ ਸਰਦੀ ਦੇ ਨਾਲ-ਨਾਲ ਸ਼ੀਤ ਲਹਿਰ ਸ਼ੁਰੂ ਹੋ ਚੁੱਕੀ ਹੈ, ਜਿਸ ਵਿੱਚ ਜ਼ਿਆਦਾਤਰ ਬਜ਼ੁਰਗ ਅਤੇ ਛੋਟੇ ਬੱਚੇ ਜਿਆਦਾ ਪ੍ਰਭਾਵਿਤ ਹੁੰਦੇ ਹਨ ਤੇ ਸਰਦੀ ਲੱਗਣ ਨਾਲ ਕਈ ਤਰਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਬਜ਼ੁਰਗ ਅਤੇ ਦਿੱਲ ਦੇ ਰੋਗਾਂ ਦੇ ਮਰੀਜ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜਿਆਦਾ ਠੰਡ ਅਤੇ ਧੁੰਦ ਹੋਣ ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ। ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆਂ ਹੋਣ ਦਾ ਖਤਰਾ ਜਿਆਦਾ ਰਹਿੰਦਾ ਹੈ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨ। ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜ਼ਰੂਰ ਪਾਈਆਂ ਜਾਣ। ਉਨ੍ਹਾਂ ਦੱਸਿਆ ਕਿ ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਜਿਸ ਨਾਲ ਬੰਦ ਕਮਰੇ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ। ਠੰਡ ਨਾਲ ਪੀੜਤ ਮਰੀਜਾਂ ਦੇ ਇਲਾਜ ਲਈ ਹਸਪਤਾਲਾ ਵਿੱਚ ਲੋੜੀਂਦੇ ਇੰਤਜਾਮ ਹਨ। ਡਾ. ਵਿਧਾਨ ਚੰਦਰ ਨੇਂ ਕਿਹਾ ਕਿ ਦਮਾ ਅਤੇ ਸਾਹ ਦੀ ਬਿਮਾਰੀ ਦੇ ਮਰੀਜ ਬਹੁਤੀ ਜਿਆਦਾ ਠੰਡ ਹੋਣ 'ਤੇ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ ਅਤੇ ਖੁਰਾਕ ਵਿੱਚ ਵੀ ਗਰਮ ਚੀਜਾਂ ਜਿਵੇਂ ਸੂਪ, ਚਾਹ, ਕਾਫੀ, ਸੰਤੁਲਿਤ ਖੁਰਾਕ ਦਾ ਸੇਵਨ ਕਰਨ।ਇਸ ਮੌਸਮ ਵਿੱਚ ਗਰਮ ਕਪੜੇ ਦੋ ਜਾਂ ਤਿੰਨ ਪਰਤਾਂ ਵਿੱਚ ਪਾਏ ਜਾਣ ਤਾਂ ਜੋ ਸ਼ਰੀਰ ਦਾ ਤਾਪਮਾਨ ਨਾਰਮਲ ਬਣਿਆ ਰਹੇ। ਸ਼ਰੀਰ ਵਿੱਚ ਪਾਣੀ ਦੀ ਘਾਟ ਨੂੰ ਪੂਰਾ ਕਰਨ ਲਈ ਥੋੜੇ ਥੋੜੇ ਸਮੇਂ ਜਾਂ ਲੋੜ ਅਨੁਸਾਰ ਕੋਸਾ ਜਾਂ ਗਰਮ ਗੁਨਗੁਨਾ ਪਾਣੀ ਪੀਤਾ ਜਾਵੇ, ਸੰਤੁਲਿਤ ਖੁਰਾਕ ਦਾ ਸੇਵਨ ਕੀਤਾ ਜਾਵੇ।

ਉਹਨਾਂ ਕਿਹਾ ਕਿ ਸਰਦੀ ਲੱਗਣ ਨਾਲ ਆਮ ਤੌਰ 'ਤੇ ਫ਼ਲੂ ਹੋ ਜਾਂਦਾ ਹੈ। ਠੰਡ ਵਿਚ ਕੰਬਣੀ ਆਉਣ ਨੂੰ ਵੀ ਨਜਰ ਅੰਦਾਜ ਨਾ ਕੀਤਾ ਜਾਵੇ, ਕਿਉਂਕਿ ਇਹ ਪਹਿਲਾ ਸੰਕੇਤ ਹੈ ਕਿ ਤੁਹਾਡਾ ਸ਼ਰੀਰ ਗਰਮੀ ਗਵਾ ਰਿਹਾ ਹੈ। ਅਜਿਹੀ ਹਾਲਤ ਵਿੱਚ ਸ਼ਰਾਬ ਦਾ ਸੇਵਨ ਹਾਈਪੋਥਰਮੀਆ (ਸਰੀਰ ਦੇ ਤਾਪਮਾਨ ਵਿੱਚ ਗਿਰਾਵਟ) ਕਾਰਨ ਮੌਤ ਦੇ ਜੋਖਮ ਨੂੰ ਹੋਰ ਵਧਾ ਦਿੰਦਾ ਹੈ। ਸੰਘਣੀ ਧੁੰਦ ਕਾਰਨ ਯਾਤਾਯਾਤ ਦੌਰਾਨ ਦੁਰਘਟਨਾਵਾਂ ਤੋਂ ਬਚਾਅ ਲਈ ਬੇਲੋੜੀ ਯ

24-JAN-PAGE-10.qxd 1/23/2024 10:24 PM Page 1

ਤਰਕਸ਼ੀਲ ਆਗੂ ਆਤਮਾ ਸਿੰਘ ਨਹੀਂ ਰਹੇ, ਮ੍ਰਿਤਕ ਸਰੀਰ ਡਾਕਟਰੀ ਖੋਜ ਕਾਰਜਾਂ ਲਈ ਸੀ ਐੱਮ ਸੀ ਨੂੰ ਭੇਟ

ਹਸਪਤਾਲ ਵੱਲੋਂ ਸਰਟੀਫਿਕੇਟ ਲੈਂਦੇ ਹੋਏ ਮ੍ਰਿਤਕ ਆਤਮਾ ਸਿੰਘ ਦੀ ਧਰਮ ਪਤਨੀ, ਬੇਟਾ ਤੇ ਭਰਾ।

ਲੁਧਿਆਣਾ (ਪੱਤਰ ਪ੍ਰੇਰਕ)

ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੇ ਵਿੱਤ ਮੁਖੀ ਸ੍ਰ. ਆਤਮਾ ਸਿੰਘ, ਜੋ ਬੀਤੇ ਦਿਨ ਅਚਾਨਕ ਹੀ ਦਿਲ ਦਾ ਦੌਰਾ ਪੈਣ ਕਾਰਨ 21 ਜਨਵਰੀ ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਉਹ ਸਮਾਜ ਵਿੱਚੋਂ ਅੰਧਵਿਸ਼ਵਾਸਾਂ ਦੇ ਪਏ ਹਨੇਰੇ ਨੂੰ ਵਿਗਿਆਨਕ ਵਿਚਾਰਧਾਰਾ ਦੇ ਪਸਾਰੇ ਰਾਹੀਂ ਖਤਮ ਕਰਕੇ ਇਕ ਨਵਾਂ ਮਨੁੱਖੀ ਬਰਾਬਰੀ 'ਤੇ ਅਧਾਰਤ ਸਮਾਜ ਸਿਰਜਣ ਲਈ ਲਗਾਤਾਰ ਯਤਨਸ਼ੀਲ ਰਹੇ। ਉਨ੍ਹਾ ਦੇ ਇਸ ਬੇਵਕਤੀ ਵਿਛੋੜੇ ਨਾਲ ਜਿੱਥੇ ਪਰਵਾਰ ਨੂੰ ਗਹਿਰਾ ਸਦਮਾ ਲੱਗਾ ਹੈ, ਉੱਥੇ ਦੁਨੀਆ ਭਰ ਦੇ ਤਰਕਸ਼ੀਲ ਹਲਕਿਆਂ ਵਿੱਚ ਵੀ ਬੇਹੱਦ ਗਹਿਰਾ ਦੁੱਖ ਮਹਿਸੂਸ ਕੀਤਾ ਜਾ ਰਿਹਾ ਹੈ। ਤਰਕਸ਼ੀਲ ਸੁਸਾਇਟੀ ਦੇ ਜ਼ੋਨ ਲੁਧਿਆਣਾ ਜਥੇਬੰਦਕ ਮੁਖੀ ਜਸਵੰਤ ਜੀਰਖ ਤੇ ਇਕਾਈ ਮੁਖੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਆਤਮਾ ਸਿੰਘ ਨੇ ਜਿੱਥੇ ਜਿਉਂਦੇ ਸਮੇਂ ਆਪਣੀਆਂ ਸੇਵਾਵਾਂ ਸਮਾਜ ਲੇਖੇ ਲਾਈਆਂ, ਉੱਥੇ ਮੌਤ ਉਪਰੰਤ ਵੀ ਆਪਣਾ ਮ੍ਰਿਤਕ ਸਰੀਰ ਡਾਕਟਰੀ ਖੋਜ ਕਾਰਜਾਂ ਲਈ ਸੀ ਐੱਮ ਸੀ ਹਸਪਤਾਲ ਲੁਧਿਆਣਾ ਨੂੰ ਦੇਣ ਦੀ ਵਸੀਅਤ ਕੀਤੀ ਹੋਈ ਸੀ। ਉਨ੍ਹਾਂ ਦੀ ਇਹ ਇੱਛਾ ਪੂਰੀ ਕਰਨ ਲਈ ਉਨ੍ਹਾ ਦੀ ਧਰਮ ਪਤਨੀ, ਬੇਟੇ ਤੇ ਨੂੰਹ ਵੱਲੋਂ ਤਰਕਸ਼ੀਲ ਸੁਸਾਇਟੀ ਦਾ ਪੂਰਾ ਸਹਿਯੋਗ ਦਿੱਤਾ ਗਿਆ, ਜਿਸ ਅਨੁਸਾਰ ਉਨ੍ਹਾ ਦਾ ਮ੍ਰਿਤਕ ਸਰੀਰ ਡਾਕਟਰੀ ਖੋਜ ਕਾਰਜਾਂ ਲਈ ਸੀ ਐੱਮ ਸੀ ਲੁਧਿਆਣਾ ਨੂੰ ਦਿੱਤਾ ਗਿਆ। ਉਨ੍ਹਾ ਦੀਆਂ ਅੱਖਾਂ ਵੀ ਪੁਨਰ ਜੋਤ ਅੱਖਾਂ ਦੇ ਹਸਪਤਾਲ ਡਾ. ਰਮੇਸ਼ ਨੂੰ ਲੋੜਵੰਦਾਂ ਦੇ ਲਗਾਉਣ ਲਈ ਦਿੱਤੀਆਂ ਗਈਆਂ। ਇਸ ਮੌਕੇ ਸੁਸਾਇਟੀ ਦੇ ਸੂਬਾ ਜਥੇਬੰਦਕ ਮੁਖੀ ਰਾਜਿੰਦਰ ਭਦੌੜ ਤੇ ਜ਼ੋਨ ਮੁਖੀ ਜਸਵੰਤ ਜੀਰਖ ਨੇ ਸਮਾਜ ਵਿੱਚ ਪ੍ਰਚਲਤ ਵੇਲਾ ਵਹਾ ਚੁੱਕੀਆਂ ਰਸਮਾਂ ਤੇ ਅੰਧਵਿਸ਼ਵਾਸੀ ਕਦਰਾਂ ਕੀਮਤਾਂ ਛੱਡ ਕੇ ਵਿਗਿਆਨਕ ਨਜ਼ਰੀਆ ਅਪਣਾਉਣ ਲਈ ਤਰਕਸ਼ੀਲ ਵਿਚਾਰਾਂ ਦੀ ਲੋੜ 'ਤੇ ਜ਼ੋਰ ਦਿੱਤਾ। ਜ਼ੋਨ ਲੁਧਿਆਣਾ ਦੀਆਂ ਸਾਰੀਆਂ ਇਕਾਈਆਂ ਜਗਰਾਓਂ, ਸੁਧਾਰ, ਲੁਧਿਆਣਾ, ਕੋਹਾੜਾ, ਮਲੇਰਕੋਟਲਾ ਦੇ ਕਾਕੁੰਨ ਤੇ ਪਰਿਵਾਰਕ ਮੈਂਬਰਾਂ ਸਮੇਤ ਉਨ੍ਹਾਂ ਦੇ ਰਿਸ਼ਤੇਦਾਰ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

ਪਲਾਟਾਂ ਦੀ ਅਲਾਟਮੈਂਟ ਨਾ ਹੋਣ 'ਤੇ ਸੰਘਰਸ਼ ਦੀ ਚੇਤਾਵਨੀ

ਮੂਨਕ (ਰਾਜਪਾਲ ਸਿੰਗਲਾ)-ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰਭਗਵਾਨ ਸਿੰਘ ਮੂਨਕ ਤੇ ਜ਼ਿਲ੍ਹਾ ਆਗੂ ਗੋਪੀ ਗਿਰ ਕਲਰਭੈਣੀ ਨੇ ਕਿਹਾ ਕਿ ਪਿੰਡ ਸਲੇਮਗੜ੍ਹ ਵਿਖੇ 6 ਕਨਾਲ 8 ਮਰਲੇ ਸਾਂਝੀ ਜੁਮਲਾ ਮਾਲਕਨ ਜ਼ਮੀਨ ਦੇ ਰਕਬੇ ਵਿੱਚ ਪੰਜਾਬ ਸਰਕਾਰ ਨੇ ਸਨ 1975 ਵਿੱਚ 26 ਬੇ-ਘਰੇ ਲੋੜਵੰਦ ਮਜ਼ਦੂਰ ਪਰਿਵਾਰਾਂ ਨੂੰ ਪਲਾਟ ਅਲਾਟ ਕੀਤੇ ਗਏ ਸਨ, ਪਰ ਮਾਲ ਤੇ ਪੰਚਾਇਤ ਮਹਿਕਮੇ ਦੀ ਨਜਾਇਜ਼ ਕਾਬਜ਼ਦਾਰ ਵਿਅਕਤੀਆਂ ਨਾਲ ਮਿਲੀਭੁਗਤ ਕਰਕੇ ਸਮੇਂ ਸਿਰ ਇਸ ਦਾ ਇੰਤਕਾਲ ਦਰਜ ਨਾ ਹੋਣ ਕਾਰਨ ਇਨ੍ਹਾਂ ਪਲਾਟਾਂ ਦੇ ਕਬਜ਼ੇ ਉਕਤ ਅਲਾਟੀਆਂ ਨੂੰ ਨਹੀਂ ਦਿੱਤੇ ਗਏ ਸੀ, ਇਸ ਤੋਂ ਬਾਅਦ ਇਸ ਜ਼ਮੀਨ 'ਤੇ ਕੁਝ ਸਰਦੇ ਪੁਜਦੇ ਜ਼ਿਮੀਂਦਾਰ ਪਰਵਾਰਾਂ ਨੇ ਆਰਜ਼ੀ ਕੰਬਜ਼ਾ ਕਰਕੇ ਇਸ ਨੂੰ ਵਰਤਣਾ ਸ਼ੁਰੂ ਕਰ ਦਿੱਤਾ ਸੀ, ਪ੍ਰੰਤੂ ਸਨ 2013 ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਸੰਘਰਸ਼ ਦੇ ਜ਼ੋਰ ਨਜਾਇਜ਼ ਕਬਜ਼ਾ ਹਟਾ ਕੇ ਜ਼ਿਲ੍ਹਾ ਕੁਲੈਕਟਰ ਦੇ ਪੁਰਾਣੇ ਹੁਕਮ ਨੰਬਰ 966 ਨੂੰ ਲਾਗੂ ਕਰਵਾਉਂਦੇ ਹੋਏ ਉਕਤ ਜ਼ਮੀਨ ਦੇ ਦੋ ਇੰਤਕਾਲ ਦਰਜ ਕਰਵਾਉਣ ਵਿੱਚ ਕਾਮਯਾਬ ਹੋ ਗਏ ਸੀ। ਇੰਤਕਾਲ ਨੰਬਰ 3552 ਪੰਜਾਬ ਸਰਕਾਰ ਦੇ ਨਾਮ ਤੇ ਇੰਤਕਾਲ ਨੰਬਰ 3553 ਅਲਾਟੀਆਂ ਦੇ ਨਾਮ, ਜਿਸ ਦੀ ਨਕਲ ਕਾਪੀ ਸਾਡੇ ਕੋਲ ਮੌਜੂਦ ਹੈ, ਪਰ ਹੁਣ ਲੋੜ ਪੈਣ 'ਤੇ ਅਸੀਂ ਇਸ ਜ਼ਮੀਨ ਦੀ ਨਵੀਂ ਫਰਦ ਜਮਾਂਬੰਦੀ ਲਈ ਤਾਂ ਪੜ੍ਹਤ ਸਰਕਾਰ ਵਿੱਚ ਇੰਤਕਾਲ ਖੁਰਦ-ਬੁਰਦ ਹੋ ਗਏ, ਪਰ ਪਟਵਾਰੀ ਦੀ ਜਮਾਂਬੰਦੀ ਵਿੱਚ ਮੌਜੂਦ ਹਨ ਇਸ ਲਈ ਪੜ੍ਹਤ ਸਰਕਾਰ ਦੀ ਦਰੁਸਤੀ ਕਰਵਾਉਣ ਲਈ ਤਹਿਸੀਲਦਾਰ ਸਾਹਿਬ ਅਤੇ ਐੱਸ ਡੀ ਐੱਮ ਸਾਹਿਬ ਨੂੰ ਲਿਖਤੀ ਦਰਖਾਸਤ ਰਾਹੀਂ ਡੈਪੂਟੇਸ਼ਨ ਮਿਲ ਚੁੱਕੇ ਹਾਂ ਤੇ ਉਕਤ ਅਧਿਕਾਰੀਆਂ ਨੇ ਉਪਰੋਕਤ ਮਸਲੇ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਹੈ, ਜੇਕਰ ਸਬੰਧਤ ਅਧਿਕਾਰੀਆਂ ਨੇ ਮਸਲਾ ਹੱਲ ਨਾ ਕੀਤਾ ਤਾਂ ਮੱਸਲਾ ਹੱਲ ਕਰਾਉਣ ਤੱਕ ਲਗਾਤਾਰ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਜੰਟ ਸਿੰਘ ਢੀਂਡਸਾ, ਬਲਵਿੰਦਰ ਸਿੰਘ ਕਲਰਭੈਣੀ, ਪਰਮਜੀਤ ਕੌਰ, ਕਰਮਜੀਤ ਕੌਰ ਸਲੇਮਗੜ੍ਹ ਮੌਜੂਦ ਸਨ।

ਅਯੁੱਧਿਆ 'ਚ ਭਗਵਾਨ ਸ੍ਰੀ ਰਾਮ ਲੱਲਾ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਮੌਕੇ ਮੰਡੀ ਗੋਬਿੰਦਗੜ੍ਹ ਦੇ ਕ੍ਰਿਸ਼ਨਾ ਮੰਦਰ ਵਿੱਚ ਰੱਖੇ ਸਮਾਗਮ ਵਿੱਚ ਸੰਸਦ ਮੈਂਬਰ ਡਾ. ਅਮਰ ਸਿੰਘ ਤੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦਾ ਸਵਾਗਤ ਕਰਦੇ ਹੋਏ ਮੰਦਰ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਤੇ ਮੈਂਬਰ।

ਅਯੁੱਧਿਆ ਵਿਖੇ ਭਗਵਾਨ ਸ੍ਰੀ ਰਾਮ ਲੱਲਾ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਮੌਕੇ ਮੰਡੀ ਗੋਬਿੰਦਗੜ੍ਹ ਦੇ ਸ੍ਰੀ ਨੈਣਾਂ ਦੇਵੀ ਮੰਦਰ ਵਿੱਚ ਰੱਖੇ ਸਮਾਗਮ ਦੌਰਾਨ ਸੰਸਦ ਮੈਂਬਰ ਡਾ. ਅਮਰ ਸਿੰਘ ਤੇ ਸਾਬਕਾ ਵਿਧਾਇਕ ਕਾਕਾ ਰਣਦੀਪ ਸਿੰਘ ਦਾ ਸਵਾਗਤ ਕਰਦੇ ਮੰਦਰ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਤੇ ਮੈਂਬਰ। (ਤਸਵੀਰਾਂ ਤੇ ਵੇਰਵਾ : ਲਖਵੀਰ ਸਿੰਘ ਤੇ ਹਰਚਰਨ ਉੱਪਲ, ਮੰਡੀ ਗੋਬਿੰਦਗੜ੍ਹ)

ਗਣਤੰਤਰਤਾ ਦਿਵਸ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ੍ਰ. ਗੁਰਸ਼ਰਨ ਸਿੰਘ ਆਈ.ਜੀ.ਪੀ. ਫਰੀਦਕੋਟ ਰੇਂਜ ਫਰੀਦਕੋਟ ਦੀ ਨਿਗਰਾਨੀ ਹੇਠ ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ 26 ਜਨਵਰੀ ਗਣਤੰਤਰ ਦਿਵਸ ਦੇ ਮੱਦੇਨਜ਼ਰ ਜ਼ਿਲ੍ਹੇ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਜ਼ਿਲ੍ਹੇ ਅੰਦਰ ਵੱਖ-ਵੱਖ ਥਾਵਾਂ 'ਤੇ ਪੁਲਸ ਵੱਲੋਂ ਫਲੈਗ ਮਾਰਚ ਕੱਢਿਆ ਗਿਆ ਤੇ ਬੱਸ ਸਟੈਂਡ ਤੇ ਰੇਲਵੇ ਸਟੇਸ਼ਨਾਂ 'ਤੇ ਸਰਚ ਅਭਿਆਨ ਚਲਾਇਆ ਗਿਆ। ਇਸ ਦੇ ਨਾਲ ਹੀ ਗੁਰਸ਼ਰਨ ਸਿੰਘ ਸੰਧੂ ਆਈ ਜੀ ਫਰੀਦਕੋਟ ਰੇਂਜ ਤੇ ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਸ੍ਰੀ ਮੁਕਤਸਰ ਸਾਹਿਬ, ਮਲੋਟ ਤੇ ਗਿੱਦੜਬਾਹਾ ਵਿਖੇ ਪਰੇਡ ਦਾ ਨਿਰੀਖਣ ਕੀਤਾ ਗਿਆ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸੇ ਤਹਿਤ ਹੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਣ ਵਾਲੇ ਸਮਾਗਮ ਦੇ ਸਬੰਧ ਵਿੱਚ ਸਟੇਡੀਅਮ ਵਿੱਚ ਪਹੁੰਚ ਕੇ ਪਰੇਡ ਦਾ ਨਿਰੀਖਣ ਕੀਤਾ ਗਿਆ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਤੇ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਹਦਾਇਤਾਂ ਜਾਰੀ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ 26 ਜਨਵਰੀ ਗਣਤੰਤਰਤਾ ਦਿਵਸ ਮੌਕੇ ਆਉਣ ਵਾਲੀ ਪਬਲਿਕ ਦੇ ਵਹੀਕਲਾਂ ਲਈ ਨਿਧਾਰਿਤ ਥਾਵਾਂ 'ਤੇ ਪਾਰਕਿੰਗਾਂ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਟ੍ਰੈਫਿਕ ਨੂੰ ਨਿਰਵਿਘਨ ਚਲਾਇਆ ਜਾ ਸਕੇ।

ਗੈਰ-ਕਾਨੂੰਨੀ ਲਿੰਗ ਜਾਂਚ ਕਰਨ/ਕਰਾਉਣ ਵਾਲੇ ਦੀ ਦਿੱਤੀ ਜਾਵੇ ਤੁਰੰਤ ਸੂਚਨਾ : ਡਾ. ਦਵਿੰਦਰਜੀਤ ਕੌਰ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਲਿੰਗ ਅਨੁਪਾਤ ਵਿੱਚ ਸਮਾਨਤਾ ਲਿਆਉਣ ਤੇ ਬੇਟੀ ਬਚਾਓ ਬੇਟੀ ਪੜ੍ਹਾਓ ਦੀ ਜਾਗਰੂਕਤਾ ਲਈ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੀ ਅਗਵਾਈ ਵਿੱਚ ਪੀ.ਸੀ.ਪੀ.ਐੱਨ.ਡੀ.ਟੀ. ਜ਼ਿਲ੍ਹਾ ਐਪ੍ਰੋਪ੍ਰੀਏਟ ਅਥਾਰਟੀ ਦੇ ਮੈਂਬਰਾਂ ਦੀ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸ਼ਾਮਲ ਹੋਏ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਲਿੰਗ ਅਨੁਪਾਤ ਵਿੱਚ ਸੁਧਾਰ ਲਿਆਉਣ ਲਈ ਮਾਨਸਿਕ ਸੋਚ ਬਦਲਣ ਦੀ ਜ਼ਰੂਰਤ ਹੈ।ਇਸ ਲਈ ਸਮਾਜ ਵਿੱਚ ਪੀ.ਸੀ.ਪੀ.ਐੱਨ.ਡੀ.ਟੀ. ਐਕਟ ਲਾਗੂ ਕਰਵਾਉਣ ਨਾਲ ਭਾਵੇਂ ਲਿੰਗ ਅਨੁਪਾਤ ਵਿੱਚ ਕਾਫੀ ਸੁਧਾਰ ਹੋਇਆ ਹੈ, ਪ੍ਰੰਤੂ ਅਜੇ ਹੋਰ ਸੁਧਾਰ ਲਈ ਕੁੜੀਆਂ ਪ੍ਰਤੀ ਸਮਾਜ ਦੀ ਮਾਨਸਿਕ ਸੋਚ ਬਦਲਣ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਕੁੜੀ ਤੇ ਮੁੰਡੇ ਵਿੱਚ ਫਰਕ ਨਾ ਸਮਝਣ ਅਤੇ ਐਕਟ ਦੀਆਂ ਧਾਰਾਵਾਂ ਸਬੰਧੀ ਜਾਗਰੂਕ ਕਰਨ ਲਈ ਕੈਂਪ ਲਗਾਏ ਜਾਣ।ਇਸ ਮੌਕੇ ਪੀ ਸੀ ਪੀ ਐੱਨ ਡੀ ਟੀ ਐਕਟ ਅਤੇ ਐਕਟ ਦੀ ਉਲਘੰਣਾ ਕਰਕੇ ਲਿੰਗ ਦੀ ਜਾਂਚ ਕਰਨ ਤੇ ਕਰਵਾਉਣ ਵਾਲਿਆਂ ਨੂੰ ਦਿੱਤੀਆਂ ਜਾਣ ਵਾਲੀਆਂ ਸਜ਼ਾਵਾਂ ਤੇ ਜੁਰਮਾਨੇ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।

ਇਸ ਮੀਟਿੰਗ ਵਿੱਚ ਡਾ. ਦਵਿੰਦਰਜੀਤ ਕੌਰ ਨੇ ਸਮੂਹ ਮੈਂਬਰਾਂ ਨੂੰ ਅੱਜ ਦੇ ਏਜੰਡੇ ਬਾਰੇ ਵਿਸਥਾਰ ਸਹਿਤ ਜਾਣੂ ਕਰਵਾਇਆ।ਕਮੇਟੀ ਵੱਲੋਂ ਅਜੰਡੇ ਵਿੱਚ ਦਰਜ ਮੁੱਦਿਆਂ 'ਤੇ ਵਿਸਥਾਰ ਸਹਿਤ ਚਰਚਾ ਕਰਦਿਆਂ ਸਹਿਮਤੀ ਪ੍ਰਗਟ ਕੀਤੀ ਗਈ।ਡਾਕਟਰ ਦਵਿੰਦਰਜੀਤ ਕੌਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਤੇ ਗੈਰ-ਕਾਨੂੰਨੀ ਤਰੀਕੇ ਨਾਲ ਕਿਸੇ ਵੱਲੋਂ ਲਿੰਗ ਜਾਂਚ ਕੀਤੀ ਜਾਂ ਕਰਵਾਈ ਜਾਂਦੀ ਹੈ, ਉਸ ਦੀ ਸੂਚਨਾ ਤੁਰੰਤ ਸਿਹਤ ਵਿਭਾਗ ਨੂੰ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

ਪਲੇਸਮੈਂਟ ਕੈਂਪ ਅੱਜ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਤੇ ਸਵੈ-ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ 24 ਜਨਵਰੀ ਨੂੰ ਸਥਾਨਕ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਡੀ.ਬੀ.ਈ.ਈ. ਬਠਿੰਡਾ ਸ੍ਰੀ ਸੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ ਜ਼ਕੀਤਜ਼ਾ ਹੈਲਥ ਕੇਅਰ ਵੱਲੋਂ ਡਰਾਈਵਰ ਤੇ ਈ.ਐੱਮ.ਟੀ. ਦੀਆਂ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ। ਡਰਾਈਵਰ ਲਈ ਯੋਗਤਾ ਦਸਵੀਂ ਤੇ ਘੱਟੋ-ਘੱਟ ਛੇ ਮਹੀਨੇ ਦਾ ਡਰਾਇਵਿੰਗ ਦਾ ਤਜਰਬਾ ਹੋਣਾ ਜ਼ਰੂਰੀ ਹੈ। ਉਨ੍ਹਾ ਦੱਸਿਆ ਕਿ ਈ.ਐੱਮ.ਟੀ. ਦੀ ਅਸਾਮੀ ਲਈ ਯੋਗਤਾ ਬਾਰਵੀਂ ਮੈਡੀਕਲ ਜਾਂ ਨਾਨ-ਮੈਡੀਕਲ, ਡੀ. ਫਾਰਮਾ, ਬੀ. ਫਾਰਮਾ, ਜੀ.ਐੱਨ.ਐੱਮ., ਏ.ਐੱਨ.ਐੱਮ. ਨਾਲ ਛੇ ਮਹੀਨੇ ਦਾ ਮਰੀਜ਼ਾਂ ਦੀ ਸੰਭਾਲ, ਫਸਟ ਸਟੇਟ ਦਾ ਤਜਰਬਾ ਹੋਣਾ ਚਾਹੀਦਾ ਹੈ। ਇਨ੍ਹਾਂ ਅਸਾਮੀਆਂ ਲਈ ਕੇਵਲ ਪੁਰਸ਼ ਪ੍ਰਾਰਥੀ ਹੀ ਯੋਗ ਹਨ।

ਸ੍ਰੀ ਹਰੀ ਮੰਦਰ ਕਮੇਟੀ ਨੇ ਸ਼ੋਭਾ ਯਾਤਰਾ ਕੱਢੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸ੍ਰੀ ਅਯੋਧਿਆ ਧਾਮ ਵਿਖੇ ਸ੍ਰੀ ਰਾਮ ਲੱਲਾ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਵਿੱਚ ਸ੍ਰੀ ਹਰੀ ਮੰਦਰ ਕਮੇਟੀ ਥਰਮਲ ਕਾਲੋਨੀ ਲਹਿਰਾ ਮੁਹੱਬਤ ਵੱਲੋਂ ਰਾਮ ਚੰਦਰ ਜੀ ਦੀ ਸ਼ੋਭਾ ਯਾਤਰਾ ਕੱਢੀ ਗਈ। ਸ਼ੋਭਾ ਯਾਤਰਾ ਦੌਰਾਨ ਡੀ ਜੇ ਦੀ ਧਮਕ ਤੇ ਸੰਗੀਤ ਦੀ ਧੁਨੀ 'ਤੇ ਭਜਨ ਗਾਉਂਦੇ ਤੇ ਖੁਸ਼ੀ ਵਿੱਚ ਝੂਮਦੇ ਹੋਏ ਰਾਮ ਭਗਤਾਂ ਨੇ ਹੱਥਾਂ ਵਿੱਚ ਝੰਡੇ ਝੁਲਾਏ ਹੋਏ ਸਨ। ਸ਼ੋਭਾ ਯਾਤਰਾ ਬਾਅਦ ਦੁਪਹਿਰ ਸਥਾਨਕ ਮਾਰਕੀਟ ਕੰਪਲੈਕਸ ਤੋਂ ਸ਼ੁਰੂ ਹੋਈ ਤੇ ਕਾਲੋਨੀ ਵਿੱਚ ਦੀ ਹੁੰਦੀ ਹੋਈ ਸ਼ਾਮ 5 ਵਜੇ ਸ੍ਰੀ ਹਰੀ ਮੰਦਰ ਪੁੱਜੀ। ਰਸਤੇ 'ਚ ਪੜਾਅ ਦੌਰਾਨ ਸ਼ੋਭਾ ਯਾਤਰਾ ਵਿੱਚ ਸ਼ਾਮਲ ਰਾਮ ਭਗਤਾਂ ਲਈ ਚਾਹ ਤੇ ਮੱਠੀਆਂ ਆਦਿ ਦੇ ਲੰਗਰ ਲਗਾਏ ਗਏ। ਸ਼ੋਭਾ ਯਾਤਰਾ ਦੀ ਸਮਾਪਤੀ ਉਪਰੰਤ ਸ੍ਰੀ ਹਰੀ ਮੰਦਰ ਵਿਖੇ ਸ੍ਰੀ ਸੁੰਦਰ ਕਾਂਡ ਜੀ ਦੇ ਪਾਠ ਕੀਤੇ ਗਏ ਤੇ ਦੀਪ ਮਾਲਾ ਵੀ ਕੀਤੀ ਗਈ।

ਖੇਤੀਬਾੜੀ ਵਿਭਾਗ ਨੇ ਤੇਲ ਬੀਜ ਫ਼ਸਲਾਂ ਨੂੰ ਉਤਸ਼ਾਹਤ ਕਰਨ ਲਈ ਕਿੱਟਾਂ ਵੰਡੀਆਂ

ਜਗਰਾਓਂ (ਸੰਜੀਵ ਅਰੋੜਾ)-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਲੁਧਿਆਣਾ ਨੇ ਫ਼ਸਲੀ ਵਿਭਿੰਨਤਾ ਤਹਿਤ ਹਾੜ੍ਹੀ ਦੀਆਂ ਤੇਲਬੀਜ ਫ਼ਸਲਾਂ ਖਾਸ ਕਰਕੇ ਕਨੋਲਾ ਸਰ੍ਹੋਂ ਨੂੰ ਉਤਸ਼ਾਹਤ ਕਰਨ ਲਈ ਗੋਭੀ ਸਰ੍ਹੋਂ ਕਿਸਮ ਜੀਐੱਸਸੀ-7 ਦੀਆਂ ਮਿੰਨੀ ਕਿੱਟ

24-JAN-PAGE-11-Majha-24.qxd 1/23/2024 11:06 PM Page 1

ਆਸ਼ਾ ਵਰਕਰਾਂ ਤੇ ਫੈਸਿਲੀਟੇਟਰਜ਼ ਨੇ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)- ਆਲ ਇੰਡੀਆ ਆਸ਼ਾ ਵਰਕਰਜ਼ ਤੇ ਆਸ਼ਾ ਫੈਸਿਲੀਟੇਟਰ ਏਟਕ ਗਰੁੱਪ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂਅ ਡਿਪਟੀ ਕਮਿਸ਼ਨਰ ਤੇ ਸਿਵਲ ਸਰਜਨ ਨੂੰ ਮੰਗ ਪੱਤਰ ਸੌਂਪਦੇ ਹੋਏ ਜ਼ਿਲਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਘੱਟੋ ਘੱਟ ਤਨਖਾਹ ਤੋਂ ਘੱਟ ਦੇ ਕੇ ਕੰਮ ਨਹੀਂ ਲਿਆ ਜਾ ਸਕਦਾ।ਮਨਜਿੰਦਰ ਕੌਰ ਨੇ ਆਖਿਆ ਕਿ ਆਸ਼ਾ ਵਰਕਰਾਂ ਤੇ ਆਸ਼ਾ ਫੈਸਿਲੀਟੇਟਰਜ਼ ਨੂੰ ਪੇਅ ਕਮਿਸ਼ਨ ਅਨੁਸਾਰ ਘੱਟੋ ਘੱਟ 26 ਹਜ਼ਾਰ ਰੁਪੈ ਤਨਖਾਹ ਨਾਲ ਰੈਗੂਲਰ ਕੀਤਾ ਜਾਵੇ।ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਉਨ੍ਹਾਂ ਨਾਲ ਵਾਅਦਾ ਕੀਤਾ ਸੀ ਕਿ 2500 ਰੁਪੈ ਵਾਧਾ ਕਰਕੇ ਘੱਟ ਘੱਟ 10 ਹਜ਼ਾਰ ਰੁਪੈ ਆਸ਼ਾ ਫੈਸਿਲੀਟੇਟਰਜ਼ ਦਾ ਟੂਰ ਮਨੀ ਦੁੱਗਣਾ, ਛੇ ਮਹੀਨੇ ਦੀ ਪ੍ਰਸੂਤੀ ਛੁੱਟੀ, ਪੰਜ ਲੱਖ ਰੁਪੈ ਦਾ ਬੀਮਾ ਆਦਿ ਮੰਗਾਂ ਮੰਨੀਆਂ ਸਨ। ਸਰਦੀਆਂ ਤੇ ਗਰਮੀਆਂ ਦਾ ਭੱਤਾ ਵਧਾ ਕੇ 1500 ਰੁਪੈ, 10 ਆਸ਼ਾ ਵਰਕਰਜ਼ ਪਿੱਛੇ ਇਕ ਫੈਸਿਲੀਟੇਟਰਜ਼ ਭਰਤੀ ਕਰਨ ਦੀਆਂ ਮੰਗਾਂ ਵੀ ਅਜੇ ਲਟਕਦੀਆਂ ਪਈਆਂ ਹਨ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਆਸ਼ਾ ਵਰਕਰਜ ਤੇ ਆਸ਼ਾ ਫੈਸਿਲੀਟੇਟਰਜ ਨੂੰ ਸੇਵਾਮੁਕਤ ਹੋਣ ਤੋਂ ਬਾਅਦ ਸੇਵਾ ਦੌਰਾਨ ਪਹਿਲੀ ਮਿਲਣ ਵਾਲੀ ਤਨਖਾਹ ਤੋਂ ਅੱਧੀ ਪੈਨਸ਼ਨ ਲਗਾਈ ਜਾਵੇ।ਜੇਕਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਹੱਕੀ ਮੰਗਾਂ ਵੱਲ ਜਲਦੀ ਧਿਆਨ ਨਾ ਦਿੱਤਾ ਗਿਆ ਤਾਂ ਸਰਕਾਰ ਖਿਲਾਫ ਤਿੱਖਾ ਸੰਘਰਸ਼ ਵਿੱਢਣ ਤੋ ਗੁਰੇਜ਼ ਨਹੀਂ ਕੀਤਾ ਜਾਵੇਗਾ।ਸਿਵਲ ਸਰਜਨ ਨੂੰ ਮੰਗ ਪੱਤਰ ਸੌਂਪਣ ਤੋਂ ਬਾਅਦ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਣ ਲਈ ਡੀਸੀ ਦੀ ਗੈਰਹਾਜ਼ਰੀ ਵਿਚ ਡੀ. ਆਰ. ਓ, ਸਰਬਜੀਤ ਸਿੰਘ ਬਿੰਦ ਨੂੰ ਦਿੱਤਾ। ਇਸ ਮੌਕੇ ਸੂਬਾ ਜਨਰਲ ਸਕੱਤਰ ਸੀਮਾ ਸੋਹਲ, ਮੀਤ ਪ੍ਰਧਾਨ ਸਰਬਜੀਤ ਕੌਰ, ਖਜਾਨਚੀ ਰਾਜਵਿੰਦਰ ਕੌਰ, ਬਲਾਕ ਪ੍ਰਧਾਨ ਅਮਨਦੀਪ ਕੌਰ, ਸੈਕਟਰੀ ਵੀਰਪਾਲ ਕੌਰ, ਗੁਰਵੰਤ ਕੌਰ ਮੀਆਂਵਿੰਡ, ਰਾਜਵਿੰਦਰ ਕੌਰ ਘਰਿਆਲਾ, ਮਮਤਾ ਰਾਣੀ, ਮਨਜੀਤ ਕੌਰ ਕਿਰਤੋਵਾਲ, ਪਰਮਿੰਦਰ ਕੌਰ, ਗੁਰਪ੍ਰੀਤ ਕੌਰ, ਰਣਜੀਤ ਕੌਰ ਕੋਟਦਾਤਾ ਆਦਿ ਹਾਜ਼ਰ ਸਨ।

'ਕਾਰਨ ਦੱਸੋ ਨੋਟਿਸ' ਖਿਲਾਫ ਖੇਤੀਬਾੜੀ ਵਿਭਾਗ ਦੇ ਕਾਮਿਆਂ ਵੱਲੋਂ ਤਿੰਨ ਦਿਨਾ ਰੋਸ ਪ੍ਰਦਰਸ਼ਨ ਆਰੰਭ

ਟਾਂਗਰਾ (ਲਾਡੀ ਮੱਲ੍ਹੀ)-ਜੁਆਇੰਟ ਐਕਸ਼ਨ ਕਮੇਟੀ ਵੱਲੋਂ ਸਰਕਾਰ ਵੱਲੋਂ ਜਾਰੀ ਬੇਬੁਨਿਆਦ ਨੋਟਿਸ ਰੱਦ ਨਾ ਹੋਣ ਤੱਕ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਪੱਤਰਕਾਰਾਂ ਨੂੰ ਸਾਂਝੇ ਤੌਰ 'ਤੇ ਇਹ ਜਾਣਕਾਰੀ ਦੇਣ ਮੌਕੇ ਜੁਆਇੰਟ ਐਕਸ਼ਨ ਕਮੇਟੀ ਦੇ ਮੈਂਬਰ ਸਤਵਿੰਦਰਬੀਰ ਸਿੰਘ ਏ ਡੀ ਓ ਤਰਸਿੱਕਾ, ਸੁਖਰਾਜਬੀਰ ਸਿੰਘ ਖੇਤੀਬਾੜੀ ਅਫ਼ਸਰ, ਪ੍ਰਭਜੋਤ ਚੇਤਨਪੁਰਾ, ਸਿਮਰਜੀਤ ਏ ਈ ਓ, ਜੋਰਾਵਰ ਸਿੰਘ ਸਬ ਇੰਸਪੈਕਟਰ, ਸੁਖਬੀਰ ਸਿੰਘ ਸੰਧੂ ਸਰਪ੍ਰਸਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਅੰਮ੍ਰਿਤਸਰ ਦੀਆਂ ਸਮੂਹ ਜਥੇਬੰਦੀਆਂ ਜਿਸ ਵਿਚ ਖੇਤੀਬਾੜੀ ਅਫਸਰ ਐਸੋਸੀਏਸ਼ਨ, ਪਲਾਂਟ ਡਾਕਟਰਜ਼ ਸਰਵਿਸਿਜ਼ ਐਸੋਸੀਏਸ਼ਨ, ਖੇਤੀਬਾੜੀ ਵਿਸਥਾਰ ਅਫਸਰ ਐਸੋਸੀਏਸ਼ਨ, ਖੇਤੀਬਾੜੀ ਸਬ-ਇੰਸਪੈਕਟਰ ਐਸੋਸੀਏਸ਼ਨ ਵੱਲੋਂ ਸਾਂਝੇ ਤੌਰ 'ਤੇ ਸੀਆਰਐੱਮ. ਸਕੀਮ ਅਧੀਨ ਪਰਾਲੀ ਪ੍ਰਬੰਧਨ ਲਈ ਸਬਸਿਡੀ ਉਪਰ ਦਿੱਤੀਆਂ ਮਸ਼ੀਨਾਂ ਦੀ ਗੁੰਮਸ਼ੁਦਗੀ/ਕਿਸਾਨਾਂ ਵਲੋਂ ਖੇਤੀਬਾੜੀ ਮਸ਼ੀਨਰੀ ਵੇਚ ਦਿੱਤੇ ਜਾਣ ਬਾਬਤ ਵਿਭਾਗ ਦੇ ਬੇਕਸੂਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦੋਸ਼ੀ ਠਹਿਰਾਉਂਦੇ ਹੋਏ ਸਰਕਾਰ ਵੱਲੋ ਜੋ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਸਨ, ਦੇ ਵਿਰੋਧ ਵਿਚ ਖੇਤੀ ਭਵਨ ਅੰਮ੍ਰਿਤਸਰ ਵਿਖੇ ਤਿੰਨ ਦਿਨਾ ਰੋਸ ਪ੍ਰਦਰਸ਼ਨ ਆਰੰਭ ਕੀਤਾ ਗਿਆ।ਇਸ ਦੌਰਾਨ ਸਾਂਝੇ ਐਕਸ਼ਨ ਫਰੰਟ ਵੱਲੋਂ ਸੰਬੋਧਨ ਕਰਦਿਆਂ ਸਤਵਿੰਦਰਬੀਰ ਸਿੰਘ ਏਡੀਓ ਤਰਸਿੱਕਾ ਨੇ ਦੱਸਿਆ ਗਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਰਕਾਰ ਵਲੋਂ ਕਰਨ ਦੱਸੋ ਨੋਟਿਸ ਜਾਰੀ ਕਰਨਾ ਬਿਲਕੁਲ ਬੇਬੁਨਿਆਦ ਹੈ, ਕਿਉਂਕਿ ਸੀ ਆਰਐੱਮ ਸਕੀਮ ਤਹਿਤ ਸਬਸਿਡੀ ਲਈ ਲਾਭਪਾਤਰੀ ਖੇਤੀਬਾੜੀ ਵਿਭਾਗ ਦੇ ਆਨਲਾਈਨ ਪੋਰਟਲ ਰਾਹੀਂ ਅਰਜ਼ੀਆਂ ਦਿੰਦੇ ਹਨ, ਜਿਸ ਉਪਰੰਤ ਜ਼ਿਲੇ ਦੇ ਡਿਪਟੀ ਕਮਿਸ਼ਨਰ ਦੀ ਅਗਵਾਈ 'ਚ ਗਠਿਤ ਟੀਮ ਵੱਲੋਂ ਪਾਰਦਰਸ਼ੀ ਢੰਗ ਨਾਲ ਅਰਜ਼ੀਆਂ ਲਈ ਡਰਾਅ ਕੱਢੇ ਜਾਂਦੇ ਹਨ।ਇਸ ਉਪਰੰਤ ਕਿਸਾਨਾਂ ਵੱਲੋਂ ਖਰੀਦੀਆਂ ਗਈਆਂ ਮਸ਼ੀਨਾਂ ਦੀ ਵਿਭਾਗ ਵੱਲੋਂ ਨਿਰਧਾਰਤ ਜਗ੍ਹਾ ਤੇ ਟੀਮਾਂ ਵੱਲੋਂ ਮੌਕੇ ਤੇ ਜਾ ਕੇ ਫਿਜ਼ੀਕਲ ਵੈਰੀਫਿਕੇਸ਼ਨ ਕੀਤੀ ਜਾਂਦੀ ਹੈ ਅਤੇ ਇਸ ਤੋਂ ਉਪਰੰਤ ਇਸ ਸਬੰਧੀ ਲੋੜੀਂਦੇ ਦਸਤਾਵੇਜ਼ ਪੂਰੇ ਹੋਣ ਤੇ ਹੀ ਸਬੰਧਤ ਕੇਸ ਉੱਚ ਅਧਿਕਾਰੀਆਂ ਨੂੰ ਭੇਜਿਆ ਜਾਂਦਾ ਹੈ ਅਤੇ ਸਬਸਿਡੀ ਦੀ ਰਕਮ ਸਿੱਧੀ ਡੀਬੀਟੀ ਵਿਧੀ ਰਾਹੀਂ ਕਿਸਾਨ ਦੇ ਖਾਤੇ ਵਿਚ ਜਾਂ ਕਿਸਾਨ ਦੀ ਸਹਿਮਤੀ ਨਾਲ ਫਰਮ ਦੇ ਖਾਤੇ ਵਿੱਚ ਟਰਾਂਸਫਰ ਕੀਤੀ ਜਾਂਦੀ ਹੈ। ਜਥੇਬੰਦੀ ਦੇ ਨੁਮਾਇੰਦਿਆਂ ਵੱਲੋਂ ਦੱਸਿਆ ਗਿਆ ਕਿ ਵਿਭਾਗ ਦੇ ਮੁਲਾਜ਼ਮਾਂ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਫੀਲਡ ਸਟਾਫ ਵੱਲੋਂ ਸਮੇਂ-ਸਮੇਂ 'ਤੇ ਵੈਰੀਫਿਕੇਸ਼ਨ ਨਾ ਕਰਕੇ ਡਿਊਟੀ 'ਚ ਕੁਤਾਹੀ ਵਰਤਣ ਦੇ ਦੋਸ਼ ਲਗਾ ਕੇ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤੇ ਗਏ ਹਨ ਅਤੇ ਖੇਤੀਬਾੜੀ ਵਿਭਾਗ ਦੇ ਇਮਾਨਦਾਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦੋਸ਼ੀ ਬਣਾਇਆ ਜਾ ਰਿਹਾ ਹੈ।ਇਸ ਦੌਰਾਨ ਸਮੂਹ ਕੇਡਰਾਂ ਵੱਲੋਂ ਦੱਸਿਆ ਗਿਆ ਕਿ ਸਬਸਿਡੀ ਜਾਰੀ ਕਰਨ ਦੀ ਇਸ ਆਨਲਾਈਨ ਪ੍ਰਕਿਰਿਆ 'ਚ ਕਿਸੇ ਵੀ ਗੜਬੜੀ ਦੀ ਕੋਈ ਗੁੰਜਾਇਸ਼ ਨਹੀਂ ਰਹਿੰਦੀ ਪਰ ਉੱਚ ਅਧਿਕਾਰੀਆਂ ਵੱਲੋਂ ਇਨ੍ਹਾਂ ਮਸ਼ੀਨਾਂ ਨੂੰ ਗੁੰਮਸ਼ੁਦਾ ਕਰਾਰ ਕਰਦੇ ਹੋਏ ਇਸ ਦਾ ਦੋਸ਼ ਵੈਰੀਫਾਇੰਗ ਅਧਿਕਾਰੀਆਂ ਅਤੇ ਕਰਮਚਾਰੀਆਂ ਉਪਰ ਥੋਪ ਦਿੱਤਾ ਗਿਆ ਹੈ, ਜੋ ਦਿਨ ਰਾਤ ਕਿਸਾਨ ਹਿੱਤ ਵਿਚ ਕੰਮ ਕਰਨ ਵਾਲੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਕਰਮਚਾਰੀਆਂ ਦਾ ਮਨੋਬਲ ਢੇਗੇਗਾ ਅਤੇ ਖੇਤੀ ਸਟਾਫ ਦੀ ਕਿਸਾਨ ਭਲਾਈ ਸਮਰਪਿਤ ਭਾਵਨਾ ਨੂੰ ਢਾਹ ਲਾਵੇਗਾ।ਇਸ ਸਬੰਧੀ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਇਹ ਬੇ-ਬੁਨਿਆਦ ਨੋਟਿਸ ਵਾਪਸ ਲੈਣ ਦੀ ਮੰਗ ਕੀਤੀ ਗਈ ਅਤੇ ਅਜਿਹਾ ਨਾ ਹੋਣ ਦੀ ਸੂਰਤ 'ਚ ਸੰਘਰਸ਼ ਹੋਰ ਤਿੱਖਾ ਕਰਨ ਦੀ ਚਿਤਾਵਨੀ ਦਿੱਤੀ ਗਈ।

ਮਾਤਾ-ਪਿਤਾ ਵੱਲੋਂ ਅੱਖਾਂ ਤੇ ਪੁੱਤਰ ਵੱਲੋਂ ਪੂਰਾ ਸਰੀਰ ਦਾਨ ਕਰਨ ਦਾ ਪ੍ਰਣ !

ਕਲਾਨੌਰ (ਮਨਦੀਪ ਕੋਹਲੀ)-ਇਸ ਦੇਸ਼ ਵਿੱਚ ਕਈ ਲੋਕ ਆਪਣੇ ਆਪਣੇ ਤਰੀਕੇ ਨਾਲ ਗਿੰਨੀਜ਼ ਬੁੱਕ ਲਿਮਕਾ ਬੁੱਕ ਆਫ ਰਿਕਾਰਡ ਵਿੱਚ ਨਾਂਅ ਦਰਜ ਕਰਾਉਣ ਤੱਕ ਜਾਂਦੇ ਹਨ ਪਰ ਕਈ ਲੋਕ ਚੁੱਪ-ਚਾਪ ਦੇਸ਼ ਦੀ ਸੇਵਾ ਕਰਦੇ ਰਹਿੰਦੇ ਹਨ।

ਇਸੇ ਤਰ੍ਹਾਂ ਦਾ ਇਤਿਹਾਸਿਕ ਕਸਬਾ ਕਲਾਨੌਰ ਵਿੱਚ ਪਰਿਵਾਰ ਹੈ ਇੰਦਰ ਸਿੰਘ ਦਾ ਜਿਨ੍ਹਾਂ ਦੀ ਉਮਰ 70 ਸਾਲ ਹੈ ਅਤੇ ਉਹ ਪਸ਼ੂ ਪਾਲਣ ਵਿਭਾਗ ਵਿੱਚ ਨੌਕਰੀ ਵੀ ਕਰ ਚੁੱਕੇ ਹਨ ਅਤੇ ਉਨ੍ਹਾਂ ਦੀ ਪਤਨੀ ਮਨਜੀਤ ਕੌਰ ਦੀ ਉਮਰ 65 ਸਾਲ ਹੈ ਜਿਨ੍ਹਾਂ ਨੇ ਆਪਣੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਹੋਇਆ ਹੈ ਅਤੇ ਇੰਦਰ ਸਿੰਘ ਦੇ ਦੋਵੇਂ ਲੜਕੇ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਂਦੇ ਹਨ ਵੱਡਾ ਲੜਕਾ ਲਖਬੀਰ ਸਿੰਘ ਦਿਓਲ ਜੋ ਕਿ ਪਹਿਲ ਐੱਨਜੀਓ ਦਾ ਮੈਂਬਰ ਅਤੇ ਦੁਬਈ ਪੀਸੀਟੀ ਦਾ ਵਲੰਟੀਅਰ ਵੀ ਹੈ, ਵੱਲੋਂ 30 ਤੋਂ ਜ਼ਿਆਦਾ ਵਾਰ ਖੂਨ ਦਾਨ ਕੀਤਾ ਗਿਆ ਹੈ ਅਤੇ ਆਪਣਾ ਪੂਰਾ ਸਰੀਰ ਦਾਨ ਕਰਨ ਦਾ ਵੀ ਫੈਸਲਾ ਕੀਤਾ ਹੋਇਆ ਹੈ ਤੇ ਫਾਰਮ ਭਰਿਆ ਹੋਇਆ ਹੈ।

ਇੱਥੇ ਹੀ ਬੱਸ ਨਹੀਂ ਲਖਬੀਰ ਸਿੰਘ ਦਿਓਲ ਦੀ ਧਰਮ ਪਤਨੀ ਗੁਰਪ੍ਰੀਤ ਕੌਰ ਵੱਲੋਂ ਵੀ ਕਈ ਵਾਰ ਖੂਨ ਦਾਨ ਕੀਤਾ ਜਾ ਚੁੱਕਾ ਹੈ। ਇਹ ਸਾਰਾ ਪਰਿਵਾਰ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਲੈਂਦਾ ਹੈ। ਲਖਬੀਰ ਸਿੰਘ ਦਿਓਲ ਵੱਲੋਂ ਦੁਬਈ ਵਿੱਚ ਹੋਈ ਪੰਜ ਕਿਲੋਮੀਟਰ ਮੈਰਾਥੋਨ ਦੌੜ ਵਿੱਚ ਵੀ ਹਿੱਸਾ ਲਿਆ ਗਿਆ। ਇੰਦਰ ਸਿੰਘ ਦੇ ਛੋਟੇ ਬੇਟੇ ਰਣਬੀਰ ਸਿੰਘ ਦਿਓਲ (ਦਿਓਲ ਬੂਟ ਹਾਊਸ) ਵੱਲੋਂ ਵੀ 25 ਵਾਰ ਦੇ ਕਰੀਬ ਖੂਨਦਾਨ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਖੂਨਦਾਨ ਕਰਕੇ ਬਹੁਤ ਖੁਸ਼ੀ ਮਹਿਸੂਸ ਹੁੰਦੀ ਹੈ। ਉਨ੍ਹਾਂ ਨੇ ਕਿਹਾ ਕਿ ਜੋ ਵੀ ਤੰਦਰੁਸਤ ਇਨਸਾਨ ਹੈ ਉਸ ਨੂੰ ਆਪਣੀ ਜ਼ਿੰਦਗੀ ਵਿੱਚ ਖੂਨ ਦਾਨ ਕਰਨਾ ਚਾਹੀਦਾ ਹੈ। ਤੁਹਾਡਾ ਕੀਤਾ ਗਿਆ ਇਹ ਖੂਨਦਾਨ ਕਿਸੇ ਦੀ ਜ਼ਿੰਦਗੀ ਬਚਾ ਸਕਦਾ ਹੈ।

ਰਾਮ ਮੰਦਿਰ ਦੇ ਉਦਘਾਟਨ ਨਾਲ ਇਸ ਦੀ ਹੋਂਦ ਨੂੰ ਨਕਾਰਦੀਆਂ ਗਾਧਾਵਾਂ ਦਾ ਸਦਾ ਲਈ ਅੰਤ : ਪ੍ਰੋ: ਮੰਮਣਕੇ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਭਾਜਪਾ ਦੇ ਸੂਬਾਈ ਬੁਲਾਰੇ ਤੇ ਇੰਪਰੂਵਮੇਂਟ ਟਰੱਸਟ ਦੇ ਸਾਬਕਾ ਚੇਅਰਮੈਨ ਪ੍ਰੋ: ਗੁਰਵਿੰਦਰ ਸਿੰਘ ਮੰਮਣਕੇ ਨੇ ਦੇਸ਼ ਵਾਸੀਆਂ ਤੇ ਖ਼ਾਸ ਕਰਕੇ ਪੰਜਾਬ ਦੇ ਲੋਕਾਂ ਵਲੋਂ ਰਵਾਇਤੀ ਮਾਣ ਮੱਤੀ ਫਿਰਕੂ ਸਦਭਾਵਨਾ ਨੂੰ ਹੋਰ ਮਜ਼ਬੂਤੀ ਦਿੰਦਿਆਂ ਹਿੰਦੂ ਭਾਈਚਾਰੇ ਵੱਲੋਂ ਅਯੁੱਧਿਆ ਵਿਖੇ ਪਵਿੱਤਰ ਸ਼੍ਰੀ ਰਾਮ ਮੰਦਿਰ ਦੇ ਉਦਘਾਟਨੀ ਜਸ਼ਨਾਂ ਤੇ ਪ੍ਰਾਣ ਪ੍ਰਤਿਸ਼ਠਾ ਸਮਾਗਮਾਂ ਦੀ ਖੁਸ਼ੀ 'ਚ ਥਾਂ ਥਾਂ ਕਰਵਾਏ ਗਏ ਧਾਰਮਿਕ ਤੇ ਲੰਗਰ ਸਮਾਗਮਾਂ 'ਚ ਸ਼ਰਧਾਪੂਰਵਕ ਹਾਜ਼ਰੀ ਭਰੇ ਜਾਣ ਲਈ ਜਿੱਥੇ ਪੰਜਾਬ ਭਾਜਪਾ ਵਲੋਂ ਧੰਨਵਾਦ ਕੀਤਾ ਉਥੇ ਇਹ ਵੀ ਦਾਅਵਾ ਕੀਤਾ ਕਿ ਅਯੁੱਧਿਆ ਵਿਖੇ ਸ਼੍ਰੀ ਰਾਮ ਮੰਦਿਰ ਦੇ ਸ਼ਰਧਾ ਨਾਲ ਹੋਏ ਨਿਰਮਾਣ ਦੇ ਵਿਸ਼ਵ ਪੱਧਰੀ ਉਦਘਾਟਨ ਸਮਾਰੋਹ ਦੇ ਨਤੀਜੇ ਵਜੋਂ ਉਸ ਗੁੰਮਰਾਹਕੁੰਨ ਪ੍ਰਚਾਰ ਦੇ ਦਾਅਵਿਆਂ ਦਾ ਵੀ ਸਦਾ ਸਦਾ ਲਈ ਅੰਤ ਹੋ ਗਿਆ ਹੈ ਕਿ ਜਿਸ 'ਚ ਭਗਵਾਨ ਸ਼੍ਰੀ ਰਾਮ ਜੀ ਦੀ ਹੋਂਦ ਸਮੇਤ ਰਾਮ ਸੇਤੂ ਤੋਂ ਇਲਾਵਾ ਅਯੁੱਧਿਆ ਵਿਖੇ ਸ਼੍ਰੀ ਰਾਮ ਮੰਦਿਰ ਦੀ ਹੋਂਦ ਨੂੰ ਵੀ ਕਾਲਪਨਿਕ ਕਰਾਰ ਦਿੱਤਾ ਜਾ ਰਿਹਾ ਸੀ ।ਸ਼੍ਰੀ ਰਾਮ ਮੰਦਿਰ ਦਾ ਨਿਰਮਾਣ ਕਿਸੇ ਵਿਸ਼ੇਸ਼ ਧਰਮ ਫਿਰਕੇ ਉਪਰ ਨਹੀਂ ਸਗੋਂ ਵਿਦੇਸ਼ੀ ਜਾਬਰ ਧਾੜਵੀਆਂ ਵੱਲੋਂ ਕਰੀਬ 500 ਵਰ੍ਹੇ ਪਹਿਲਾਂ ਕੀਤੇ ਅਨਿਆਂ ਵਿਰੁੱਧ ਆਸਥਾਵਾਨ ਲੋਕਾਂ ਵੱਲੋਂ ਲੜੀ ਗਈ ਜਨਤਕ ਤੇ ਅਦਾਲਤੀ ਲੜਾਈ 'ਚ ਮਿਲੀ ਨਿਆਂ ਦੀ ਜਿੱਤ ਹੈ।ਪ੍ਰੋ: ਮੰਮਨਕੇ ਨੇ ਗੱਲਬਾਤ ਦੌਰਾਨ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਇਹ ਵੀ ਕਿਹਾ ਕਿ ਰਾਮ ਮੰਦਿਰ ਦੇ ਨਿਰਮਾਣ ਨਾਲ ਅਨਿਆਂ ਉਤੇ ਨਿਆਂ ਦੀ ਜਿੱਤ ਉੱਤਰ ਪ੍ਰਦੇਸ਼ ਸੂਬੇ ਤੇ ਕੇਂਦਰ 'ਚ ਭਾਜਪਾ ਸਰਕਾਰਾਂ ਭਾਵ ਡਬਲ ਇੰਜਣ ਸਰਕਾਰ ਹੋਣ ਨਾਲ ਹੀ ਸੰਭਵ ਹੋ ਸਕੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ, ਪੰਜਾਬੀ, ਪੰਜਾਬੀਅਤ, ਸਿੱਖ ਹਿਤੈਸ਼ੀਆਂ ਨੂੰ ਪੰਜਾਬ ਨਾਲ ਸਾਬਕਾ ਕੇਂਦਰੀ ਤੇ ਸੂਬਾ ਕਾਂਗਰਸ ਸਰਕਾਰਾਂ ਵਲੋਂ ਇੱਕ ਗਿਣੀ ਮਿਥੀ ਸਾਜਿਸ਼ ਵਿਤਕਰੇ ਕਰਕੇ ਸਾਲਾਂ ਤੋਂ ਲਟਕਾਏ ਗਏ ਭਖਦੇ ਮਸਲਿਆਂ ਦੇ ਪੱਕੇ ਹੱਲ ਲਈ ਪੰਜਾਬ ਚ ਵੀ ਭਾਜਪਾ ਦੀ ਡਬਲ ਇੰਜਣ ਸਰਕਾਰ ਬਣਾਉਣ ਲਈ ਇਸੇ ਵਰੇ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਚ ਪੰਜਾਬ ਦੀਆਂ ਸਾਰੀਆਂ 13 ਲੋਕ ਸਭਾ ਸੀਟਾਂ ਤੇ ਭਾਜਪਾ ਉਮੀਦਵਾਰਾਂ ਨੂੰ ਸ਼ਾਨਦਾਰ ਜਿੱਤ ਦਿਵਾਉਣ ਪਿੱਛੋਂ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਭਾਜਪਾ ਨੂੰ ਜੇਤੂ ਬਣਾਉਣ ਲਈ ਹੁਣ ਤੋਂ ਹੀ ਕਮਰਕੱਸੇ ਕਰ ਲੈਣੇ ਚਾਹੀਦੇ ਹਨ।

ਉਨ੍ਹਾਂ ਨੇ ਰਾਹੁਲ ਗਾਂਧੀ ਦੀ ਰਾਜਸੀ ਘੇਰਾਬੰਦੀ ਕਰਦਿਆਂ ਕਿਹਾ ਕਿ ਸ਼੍ਰੀ ਰਾਮ ਮੰਦਿਰ ਦੇ ਸਮਾਗਮਾਂ ਦੇ ਸੱਦੇ ਲਈ ਸ਼੍ਰੀ ਰਾਮ ਮੰਦਿਰ ਟਰੱਸਟ ਦਾ ਧੰਨਵਾਦ ਕਰਨ ਦੀ ਥਾਂ ਸੱਦੇ ਨੂੰ ਬੇਕਿਰਕੀ ਨਾਲ ਠੁਕਰਾਉਣ ਉਪਰੰਤ ਕਾਂਗਰਸ ਦਾ ਵੋਟ ਬੈਂਕ ਖਿਸਕਣ ਦੇ ਡਰ ਕਰਕੇ ਆਸਾਮ 'ਚ ਰਾਹੁਲ ਗਾਂਧੀ ਵੱਲੋਂ ਆਪਣੀ ਅਖੌਤੀ ਯਾਤਰਾ ਦੌਰਾਨ ਮੰਦਰਾਂ 'ਚ ਜਾਣ ਦੇ ਰਚੇ ਜਾ ਅਡੰਬਰ ਨੂੰ ਲੋਕ ਮੂੰਹ ਨਹੀਂ ਲਗਾ ਰਹੇ ਅਤੇ ਹੋਠੋਂ ਖਿਸਕ ਕੇ ਕਾਂਗਰਸ ਆਗੂਆਂ ਵਲੋਂ ਸ਼੍ਰੀ ਰਾਮ ਮੰਦਰ ਸਮਾਗਮਾਂ 'ਚ ਥਾਂ ਥਾਂ ਹਾਜ਼ਰੀ ਭਰੀ ਗਈ।ਰਾਹੁਲ ਗਾਂਧੀ ਹਰ ਫਰੰਟ 'ਤੇ ਫੇਲ੍ਹ ਹਨ।

211 ਦਿਵਿਆਂਗਜਨਾਂ ਨੂੰ ਸਹਾਇਕ ਉਪਕਰਣ ਵੰਡੇ

**ਅੰਮ੍ਰਿਤਸਰ (ਜਸਬੀਰ ਸਿੰਘ

24-Jan-PAGE-12.qxd 1/23/2024 10:37 PM Page 1

ਸਿਹਤ ਮੰਤਰੀ ਨੇ ਜਨ-ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)— ਤੰਦਰੁਸਤ ਅਤੇ ਰੰਗਲਾ ਪੰਜਾਬ ਦੀ ਕੜੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੇ ਜੇਲ੍ਹਾਂ, ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਦੇ ਕੈਦੀਆਂ ਦੀ ਸਿਹਤ ਜਾਂਚ ਤੋਂ ਉਤਸ਼ਾਹਜਨਕ ਨਤੀਜੇ ਪ੍ਰਾਪਤ ਹੋਣ ਬਾਅਦ ਹੁਣ ਐੱਚ.ਆਈ.ਵੀ ਅਤੇ ਹੈਪੇਟਾਈਟਸ ਬੀ ਅਤੇ ਸੀ ਨੂੰ ਫੈਲਣ ਤੋਂ ਰੋਕਣ ਲਈ ਸੂਬੇ ਵਿੱਚ ਸਕਰੀਨਿੰਗ ਸ਼ੁਰੂ ਕਰ ਦਿੱਤੀ ਹੈ।ਇਹ ਜਾਣਕਾਰੀ ਦਿੰਦਿਆਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੰਗਲਵਾਰ ਨੂੰ ਇੱਥੇ ਜਨ-ਜਾਗਰੂਕਤਾ-ਮੁਹਿੰਮ ਤਹਿਤ ਰਾਜ ਭਰ ਵਿੱਚ ਖਾਸ ਕਰਕੇ ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਮੁਕਤਸਰ ਅਤੇ ਮੋਗਾ ਵਿੱਚ ਐੱਚ.ਆਈ.ਵੀ ਏਡਜ਼ ਦੇ ਵੱਧ ਰਹੇ ਕੇਸਾਂ ਦੇ ਮੱਦੇਨਜ਼ਰ ਐੱਚ.ਆਈ.ਵੀ, ਹੈਪੇਟਾਈਟਸ ਬੀ ਅਤੇ ਸੀ ਤੋਂ ਪੀੜਤ ਨੌਜਵਾਨਾਂ ਦੀ ਜਾਂਚ, ਇਲਾਜ ਅਤੇ ਕੌਂਸਲਿੰਗ ਲਈ ਜਨ ਜਾਗਰੂਕਤਾ ਵੈਨਾਂ ਨੂੰ ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਤੋਂ ਹਰੀ ਝੰਡੀ ਦਿਖਾਉਂਦੇ ਹੋਏ ਕਿਹਾ ਕਿ ਬਾਕੀ ਸਮਾਜ ਨੂੰ ਐੱਚ.ਆਈ.ਵੀ. ਦੀ ਲਾਗ ਤੋਂ ਬਚਾਉਣ ਲਈ ਸਕ੍ਰੀਨਿੰਗ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਏਡਜ਼ ਕੰਟਰੋਲ ਸੋਸਾਇਟੀ ਦੀ ਅਗਵਾਈ ਹੇਠ ਅਤੇ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਦੇ ਸਹਿਯੋਗ ਨਾਲ ਰਾਜ ਵਿੱਚ ਸਕਰੀਨਿੰਗ ਅਤੇ ਜਾਗਰੂਕਤਾ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਸਿਹਤ ਮੰਤਰੀ ਨੇ ਕਿਹਾ ਕਿ ਰਵਾਨਾ ਕੀਤੀਆਂ ਗਈਆਂ ਪੰਜ ਵੈਨਾਂ ਸ਼ੁਰੂਆਤੀ ਪੜਾਅ ਵਿੱਚ ਇੱਕ ਮਹੀਨੇ ਤੱਕ 750 ਪਿੰਡਾਂ ਨੂੰ ਕਵਰ ਕਰਨਗੀਆਂ। ਸਿਹਤ ਮੰਤਰੀ ਨੇ ਕਿਹਾ ਕਿ ਐਲ.ਈ.ਡੀ. ਨਾਲ ਲੈਸ ਵੈਨਾਂ ਵਿੱਚ ਸਾਂਝੀਆਂ ਸਰਿੰਜਾਂ/ਅਸੁਰੱਖਿਅਤ ਜਿਨਸੀ ਸਬੰਧਾਂ ਦੀ ਮਨਾਹੀ ਬਾਰੇ ਜਾਗਰੂਕਤਾ ਫਿਲਮਾਂ ਦਿਖਾਏ ਜਾਣ ਤੋਂ ਇਲਾਵਾ ਨੁੱਕੜ ਨਾਟਕ ਖੇਡੇ ਜਾਣਗੇ। ਹਰ ਵੈਨ ਵਿੱਚ ਐੱਚ ਆਈ ਵੀ/ਏਡਜ਼ ਦੀ ਮੁਫਤ ਜਾਂਚ ਲਈ ਇੱਕ ਲੈਬ ਟੈਕਨੀਸ਼ੀਅਨ ਅਤੇ ਇੱਕ ਸਲਾਹਕਾਰ ਵੀ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਇੱਛਾ ਨਾਲ ਅੱਗੇ ਆਉਣ ਅਤੇ ਇਨ੍ਹਾਂ ਵੈਨਾਂ ਰਾਹੀਂ ਐੱਚ.ਆਈ.ਵੀ.ਏਡਜ਼ ਦੀ ਲਾਗ ਤੋਂ ਬਚਾਅ ਲਈ ਟੈਸਟ ਕਰਵਾਉਣ ਅਤੇ ਆਪਣੇ ਪਰਿਵਾਰਾਂ ਨੂੰ ਇਸ ਲਾਗ ਤੋਂ ਸੁਰੱਖਿਅਤ ਰੱਖਣ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਵਿੱਚ 62044 ਐਚ ਆਈ ਵੀ ਮਰੀਜ਼ ਏ. ਆਰ.ਟੀ. (ਐਂਟੀ ਰੈਟਰੋਵਾਇਰਲ ਥਰੈਪੀ) ਸੈਂਟਰਾਂ ਨਾਲ ਰਜਿਸਟਰਡ ਹਨ ਅਤੇ ਐਚ ਆਈ ਵੀ ਦੀ ਜਾਂਚ ਅਤੇ ਰੋਕਥਾਮ ਲਈ 115 ਏਕੀਕ੍ਰਿਤ ਕਾਊਂਸਲਿੰਗ ਅਤੇ ਟੈਸਟਿੰਗ ਕੇਂਦਰ ਹਨ। ਵਿਆਹ ਤੋਂ ਪਹਿਲਾਂ ਐੱਚ ਆਈ ਵੀ, ਹੈਪੇਟਾਈਟਸ ਬੀ ਅਤੇ ਸੀ ਦੀ ਜਾਂਚ ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਵਿਆਹ ਤੋਂ ਬਾਅਦ ਦੀ ਸੁਖਦ ਅਤੇ ਤੰਦਰੁਸਤ ਜ਼ਿੰਦਗੀ ਲਈ ਰਾਹ ਪੱਧਰਾ ਹੋਵੇਗਾ। ਉਨ੍ਹਾਂ ਕਿਹਾ ਕਿ ਹੈਪੇਟਾਈਟਸ ਬੀ ਅਤੇ ਸੀ ਦਾ ਇਲਾਜ ਕੀਤਾ ਜਾ ਸਕਦਾ ਹੈ ਜਦਕਿ ਐਚ ਆਈ ਵੀ ਵਾਇਰਲ ਲੋਡ ਨੂੰ ਸਥਿਰ ਰੱਖ ਕੇ ਕੰਟਰੋਲ ਕੀਤਾ ਜਾ ਸਕਦਾ ਹੈ, ਇਸ ਲਈ ਕਿਸੇ ਨੂੰ ਵੀ ਆਪਣੀ ਬਿਮਾਰੀ ਨੂੰ ਛੁਪਾਉਣ ਤੋਂ ਸੰਕੋਚ ਨਹੀਂ ਕਰਨਾ ਚਾਹੀਦਾ ਅਤੇ ਸਮਾਜ ਅਤੇ ਆਪਣੀ ਜ਼ਿੰਦਗੀ ਨੂੰ ਬਚਾਉਣ ਲਈ ਬੇ-ਝਿਜਕ ਟੈਸਟ ਕਰਵਾਉਣਾ ਚਾਹੀਦਾ ਹੈ। ਐਚ.ਆਈ.ਵੀ. ਏਡਜ਼ ਅਤੇ ਹੋਰ ਜਿਨਸੀ ਰੋਗਾਂ ਦੇ ਵਿਰੁੱਧ ਜੇਲ੍ਹ ਬੰਦੀਆਂ, ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਚ ਦਾਖਲ ਮਰੀਜ਼ਾਂ ਦੀ ਜਾਂਚ ਲਈ ਪਿਛਲੇ ਦਿਨਾਂ ਵਿੱਚ ਸ਼ੁਰੂ ਕੀਤੀ ਗਈ ਮੁਹਿੰਮ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਜਾਂਚ ਬਾਅਦ ਸਾਰੇ ਮਰੀਜ਼ਾਂ ਨੂੰ ਸਿਹਤਮੰਦ ਬਣਾਉਣ ਲਈ ਉਨ੍ਹਾਂ ਦਾ ਇਲਾਜ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਦੇ ਲੋਕਾਂ ਦੀ ਸਿੱਖਿਆ ਅਤੇ ਸਿਹਤ ਪ੍ਰਤੀ ਚਿੰਤਤ ਹਨ, ਇਸੇ ਕਰਕੇ ਕੇਂਦਰ ਸਰਕਾਰ ਦੇ ਨਾ-ਮਿਲਵਰਤਣ ਦੇ ਬਾਵਜੂਦ ਉਹ ਪੰਜਾਬ ਵਿੱਚ ਜਨਤਕ ਖੇਤਰ ਦੇ ਸਿਹਤ ਢਾਂਚੇ ਨੂੰ ਮਜ਼ਬੂਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਲਦੀ ਹੀ ਸੂਬੇ ਵਿੱਚ ਆਮ ਆਦਮੀ ਕਲੀਨਿਕਾਂ ਦੀ ਗਿਣਤੀ 800 ਨੂੰ ਪਾਰ ਕਰ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਜਲਦੀ ਹੀ ਦੇਸ਼ ਭਰ ਵਿੱਚ ਸਰਵੋਤਮ ਸੂਬਾ ਬਣ ਕੇ ਉਭਰੇਗਾ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੇ ਮੁੱਖ ਮੰਤਰੀ ਦੇ ਸੁਪਨੇ ਨੂੰ ਹਰ ਕੀਮਤ 'ਤੇ ਸਾਕਾਰ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਸਕੱਤਰ ਸਿਹਤ ਅਤੇ ਪ੍ਰੋਜੈਕਟਰ ਡਾਇਰੈਕਟਰ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਵਰਿੰਦਰ ਕੁਮਾਰ ਸ਼ਰਮਾ ਅਤੇ ਵਧੀਕ ਪ੍ਰੋਜੈਕਟ ਡਾਇਰੈਕਟਰ ਡਾ: ਬੰਬੀ ਗੁਲਾਟੀ ਵੀ ਹਾਜ਼ਰ ਸਨ।

ਸੰਤ ਬਾਬਾ ਸੇਵਾ ਸਿੰਘ ਦੀ ਬਰਸੀ ਮੌਕੇ ਖੂਨਦਾਨ ਤੇ ਫ੍ਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ

ਬਹਿਰਾਮ (ਅਵਤਾਰ ਕਲੇਰ) ਸੰਤ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ, ਅਨੰਦਪੁਰ ਸਾਹਿਬ ਦੀ 42ਵੀਂ ਬਰਸੀ ਮੌਕੇ ਬਾਬਾ ਜੀ ਦੀ ਯਾਦ ਨੂੰ ਸਮਰਪਿਤ ਸਵੈਇੱਛਕ ਖੂਨਦਾਨ ਕੈਂਪ ਅਤੇ ਫਰੀ ਮੈਡੀਕਲ ਕੈਂਪ ਗੁਰੂ ਗੋਬਿੰਦ ਸਿੰਘ ਜੀ ਲੋਹ ਲੰਗਰ ਸਟੋਰ, ਪਿੰਡ ਨਰੋਰਾ ਵਿਖੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਲਗਾਇਆ ਗਿਆ । ਖੂਨਦਾਨੀਆਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸੰਤ ਬਾਬਾ ਸੁੱਚਾ ਸਿੰਘ, ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ, ਸੰਤ ਬਾਬਾ ਭਾਗ ਸਿੰਘ ਕਜਲਿਆਂ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਪਠਲਾਵੇ ਵਾਲੇ ਅਤੇ ਬਾਬਾ ਅਜੀਤ ਸਿੰਘ ਹਲਵਾਈ ਵਿਸ਼ੇਸ਼ ਤੌਰ 'ਤੇ ਪੁੱਜੇ । ਉਹਨਾਂ ਨੇ ਸੰਗਤਾਂ ਨੂੰ ਮਾਨਵਤਾ ਦੀ ਸੇਵਾ ਲਈ ਖੂਨਦਾਨ ਕਰਨ ਲਈ ਅਪੀਲ ਕੀਤੀ ਅਤੇ ਖੂਨਦਾਨੀਆਂ ਨੂੰ ਯਾਦ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ । ਫਰੀ ਮੈਡੀਕਲ ਕੈਂਪ ਵਿਚ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਮਾਹਿਰ ਡਾਕਟਰਾਂ ਵਲੋਂ ਮਰੀਜ਼ਾਂ ਦਾ ਮੁਫਤ ਮੈਡੀਕਲ ਚੈੱਕਅੱਪ ਕੀਤਾ ਗਿਆ । ਫਰੀ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ ਅਤੇ ਸ਼ੂਗਰ ਟੈਸਟ ਵੀ ਕੀਤਾ ਗਿਆ ।ਕੈਂਪ ਵਿਚ ਜਥੇਦਾਰ ਸੁਖਦੇਵ ਸਿੰਘ ਭੌਰ, ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ, ਦਰਸ਼ਨ ਸਿੰਘ ਮਾਹਿਲ ਕੈਨੇਡਾ , ਬਾਬਾ ਜਰਨੈਲ ਸਿੰਘ, ਭਾਈ ਹਰਮਿੱਤਰ ਸਿੰਘ ਕਥਾ ਵਾਚਕ, ਕਰਮਜੀਤ ਸਿੰਘ ਯੂ ਕੇ (ਦੋਹਤ ਜਵਾਈ ਸੰਤ ਬਾਬਾ ਸੇਵਾ ਸਿੰਘ), ਚਰਨਜੀਤ ਸਿੰਘ ਯੂ ਕੇ, ਪਰਮਜੀਤ ਸਿੰਘ ਯੂ ਕੇ, ਧਨਵੰਤ ਸਿੰਘ, ਸੁਖਜਿੰਦਰ ਸਿੰਘ ਪੰਚ, ਸਤਵਿੰਦਰ ਸਿੰਘ ਰਾਜੂ (ਸਾਰੇ ਪੋਤਰੇ ਸੰਤ ਬਾਬਾ ਸੇਵਾ ਸਿੰਘ), ਜਰਨੈਲ ਸਿੰਘ ਨਰੋਰਾ, ਸਤਵੀਰ ਸਿੰਘ ਪੱਲੀਝੱਕੀ, ਅੰਗਦ ਸਿੰਘ ਨਵਾਂਸ਼ਹਿਰ, ਹਰਜਿੰਦਰ ਸਿੰਘ, ਮਿੱਤ ਸਿੰਘ, ਦਰਸ਼ਨ ਸਿੰਘ ਉੜਾਪੜ, ਕਮਲਜੀਤ ਸਿੰਘ ਬੰਗਾ, ਕੇਸਰ ਸਿੰਘ ਸਾਬਕਾ ਸਰਪੰਚ, ਡਾ. ਰਾਹੁਲ ਗੋਇਲ ਬੀ ਟੀ ਉ, ਡਾ. ਕੁਲਦੀਪ ਸਿੰਘ, ਡਾ. ਵਿਭੂ ਚੌਧਰੀ, ਮਨਜੀਤ ਸਿੰਘ ਬੇਦੀ ਇੰਚਾਰਜ ਬਲੱਡ ਬੈਂਕ, ਭਾਈ ਜੋਗਾ ਸਿੰਘ, ਸੁਰਜੀਤ ਸਿੰਘ ਤੋਂ ਇਲਾਵਾ ਸਮੂਹ ਸੰਤਾਂ ਦਾ ਪਰਵਾਰ, ਗ੍ਰਾਮ ਪੰਚਾਇਤ ਨਰੋਰਾ ਅਤੇ ਇਲਾਕਾ ਨਿਵਾਸੀ ਸੰਗਤਾਂ ਸ਼ਾਮਲ ਹੋਈਆਂ ।

ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਭਲਕੇ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)—ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਮਾਡਲ ਕਰੀਅਰ ਸੈਂਟਰ , ਐੱਸ. ਏ. ਐੱਸ ਨਗਰ, ਵਲੋਂ ਬੀਪੀਓ ਕਨਵਰਜੈਂਸ, ਆਈ ਪ੍ਰੋਸੈਸ ਜ਼ੀਕਿਤਸਾ, ਐਕਸਿਸ ਬੈਂਕ, ਅਲਾਇੰਸ ਗਰੁੱਪ, ਟੈਕ ਮਹਿੰਦਰਾ, ਸਟੋਕਸ ਵਿਦਵਾਨ, ਗਲੋਬ ਟੋਯੋਟਾ ਆਦਿ ਲਈ 25 ਜਨਵਰੀ ਨੂੰ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ, ਜਿਸ ਵਿੱਚ ਉਕਤ ਸਾਰੀਆਂ ਕੰਪਨੀਆਂ ਦੀ ਐੱਚ. ਆਰ ਟੀਮ ਦੁਆਰਾ ਸਵੇਰੇ 10.00 ਵਜੇ ਤੋਂ 1.00 ਵਜੇ ਤੱਕ ਉਮੀਦਵਾਰਾਂ ਦੀ ਵਾਕਿਨ ਇੰਟਰਵਿਊ ਕੀਤੀ ਜਾਵੇਗੀ। ਉਕਤ ਪਲੇਸਮੈਂਟ ਕੈਂਪ ਵਿੱਚ 18 ਸਾਲ ਤੋਂ ਵੱਧ ਉਮਰ ਦੇ ਉਮੀਦਵਾਰ ਜੋ 10 ਵੀਂ/12ਵੀਂ/ਆਈ. ਟੀ. ਆਈ./ਗ੍ਰੈਜੂਏਟ/ਪੋਸਟਗ੍ਰੈਜੂਏਟ ਅਤੇ ਨਰਸਿੰਗ ਹੋਣ ਭਾਗ ਲੈ ਸਕਦੇ ਹਨ।ਡਿਪਟੀ ਡਾਇਰੈਕਟਰ, ਡੀ. ਬੀ. ਈ. ਈ. ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਡੀ. ਬੀ. ਈ. ਈ. ਵੱਲੋਂ ਰੋਜ਼ਗਾਰ ਦਫ਼ਤਰ ਵਿਖੇ ਹਰ ਵੀਰਵਾਰ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਂਦਾ ਹੈ। ਜਿਸ ਵਿੱਚ ਦਸਵੀਂ, ਬਾਰਵੀਂ, ਆਈ. ਟੀ. ਆਈ., ਡਿਪਲੋਮਾ, ਗ੍ਰੈਜੂਏਟ, ਪੋਸਟਗ੍ਰੈਜੂਏਟ , ਨਰਸਿੰਗ ਆਦਿ ਲਈ ਵੱਖ ਵੱਖ ਕੰਪਨੀਆਂ ਹਿੱਸਾ ਲੈਂਦੀਆਂ ਹਨ।

ਉਹਨਾਂ ਨੇ ਜ਼ਿਲ੍ਹਾ ਐੱਸ. ਏ. ਐੱਸ. ਨਗਰ (ਮੋਹਾਲੀ) ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰਿਜ਼ਿਊਮ ਅਤੇ ਸਬੰਧਿਤ ਦਸਤਾਵੇਜ਼ਾਂ ਨਾਲ ਡੀ. ਬੀ. ਈ. ਈ. ਦੇ ਦਫ਼ਤਰ ਵਿੱਚ ਪਹੁੰਚ ਕੇ ਇਹਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।ਵਧੇਰੇ ਜਾਣਕਾਰੀ ਲਈ ਉਮੀਦਵਾਰ ਡੀ.ਬੀ.ਈ.ਈ, ਵਿਖੇ ਕਮਰਾ ਨੰ.461, ਤੀਜੀ ਮੰਜ਼ਿਲ, ਡੀ. ਸੀ. ਕੰਪਲੈਕਸ, ਸੈਕਟਰ- 76 ਐੱਸ.ਏ.ਐੱਸ. ਨਗਰ ਨਾਲ ਤਾਲਮੇਲ ਕਰ ਸਕਦੇ ਹਨ ਅਤੇ ਆਪਣੇ ਰਜ਼ਿਊਮ ਨੂੰ ਦਫ਼ਤਰ ਦੀ ਈ- ਮੇਲ ਆਈਡੀ - dbeeplacementssasnagar@gmail.com 'ਤੇ ਭੇਜ ਸਕਦੇ ਹਨ।

ਸਰਬ ਨੌਜਵਾਨ ਵੈੱਲਫੇਅਰ ਸੁਸਾਇਟੀ ਨੇ ਮਨਾਈ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਜਯੰਤੀ

ਫਗਵਾੜਾ (ਜਸਵਿੰਦਰ ਢੱਡਾ) ਸਰਬ ਨੌਜਵਾਨ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਵਲੋਂ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ 127ਵੀਂ ਜਯੰਤੀ ਨੂੰ ਸਮਰਪਿਤ ਇਕ ਸਮਾਗਮ ਸਥਾਨਕ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਐਨ.ਆਰ.ਆਈ ਗੁਰਦਿਆਲ ਸਿੰਘ ਕੁਲਾਰ ਅਤੇ ਆਮ ਆਦਮੀ ਪਾਰਟੀ ਐਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਨੇ ਸ਼ਿਰਕਤ ਕੀਤੀ। ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਕਰਵਾਏ ਸਮਾਗਮ ਦੌਰਾਨ ਐਨ.ਆਰ.ਆਈ.ਕੁਲਾਰ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਪਾ ਕੇ ਨਮਨ ਕਰਦਿਆਂ ਕਿਹਾ ਕਿ ਜਦੋਂ ਵੀ ਭਾਰਤ ਦੇ ਆਜ਼ਾਦੀ ਦੇ ਸੰਗਰਾਮ ਦੀ ਗੱਲ ਹੋਵੇਗੀ ਤਾਂ ਨੇਤਾ ਜੀ ਦਾ ਨਾਂਅ ਬੜੇ ਮਾਣ ਤੇ ਸਤਿਕਾਰ ਨਾਲ ਲਿਆ ਜਾਵੇਗਾ। ਕਿਉਂਕਿ ਉਹਨਾਂ ਨੇ ਆਜ਼ਾਦ ਹਿੰਦ ਫ਼ੌਜ ਰਾਹੀਂ ਬ੍ਰਿਟਿਸ਼ ਸਾਮਰਾਜ ਦੀ ਨੀਂਹ ਹਿਲਾ ਦਿੱਤੀ ਸੀ। ਇਸ ਦੌਰਾਨ ਉਨ੍ਹਾਂ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਿੰਦੇ ਰਹਿਣ ਦਾ ਭਰੋਸਾ ਦਿੱਤਾ। 'ਆਪ' ਆਗੂ ਸੰਤੋਸ਼ ਕੁਮਾਰ ਗੋਗੀ ਨੇ ਵੀ ਨੇਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਅੰਗਰੇਜ਼ਾਂ ਨੂੰ ਨੇਤਾ ਜੀ ਤੋਂ ਇੰਨਾ ਡਰ ਸੀ ਕਿ ਭਾਰਤ ਦੀ ਆਜ਼ਾਦੀ ਸਮੇਂ ਉਸ ਵੇਲੇ ਦੀ ਸਰਕਾਰ ਨਾਲ ਸਮਝੌਤਾ ਕੀਤਾ ਗਿਆ ਸੀ ਕਿ ਜਦੋਂ ਵੀ ਨੇਤਾ ਜੀ ਦਾ ਪਤਾ ਲੱਗੇ ਤਾਂ ਉਨ੍ਹਾਂ ਨੂੰ ਜੰਗੀ ਕੈਦੀ ਦੇ ਤੌਰ ਤੇ ਅੰਗ੍ਰੇਜ਼ੀ ਹਕੂਮਤ ਦੇ ਹਵਾਲੇ ਕੀਤਾ ਜਾਵੇਗਾ। ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸੁਸਾਇਟੀ ਨੂੰ ਅਮਰੀਕਾ ਨਿਵਾਸੀ ਗੁਰਦਿਆਲ ਸਿੰਘ ਕੁਲਾਰ ਵੱਲੋਂ ਸਮਾਜ ਸੇਵਾ ਵਿੱਚ ਹਮੇਸ਼ਾ ਪੂਰਨ ਸਹਿਯੋਗ ਮਿਲਦਾ ਹੈ ਜਿਸ ਲਈ ਉਹ ਉਨ੍ਹਾਂ ਦੇ ਧੰਨਵਾਦੀ ਹਨ। ਸੁਸਾਇਟੀ ਵੱਲੋਂ ਮੁੱਖ ਮਹਿਮਾਨ ਦਾ ਸਨਮਾਨ ਵੀ ਕੀਤਾ ਗਿਆ। ਸਟੇਜ ਦਾ ਸੰਚਾਲਨ ਕਰਦਿਆਂ ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਜਗਜੀਤ ਸਿੰਘ ਸੇਠ, ਵਿਕਰਮਜੀਤ ਵਿੱਕੀ, ਗੁਰਸ਼ਰਨ ਬਾਸੀ, ਮੈਡਮ ਪੂਜਾ ਸੈਣੀ, ਮੈਡਮ ਤਨੂ, ਮੈਡਮ ਰਮਨਦੀਪ ਕੌਰ, ਮੈਡਮ ਸਪਨਾ ਸ਼ਾਰਦਾ, ਪੂਜਾ, ਮਨੀਸ਼ਾ, ਸੁਨੀਤਾ, ਅਮਨਦੀਪ, ਮੁਸਕਾਨ, ਜੈਸਮੀਨ, ਹਰਪ੍ਰੀਤ, ਪ੍ਰਭਜੋਤ, ਨੀਲਮ, ਕੁਲਦੀਪ ਕੁਮਾਰੀ, ਰੀਮਾ, ਰਾਣੀ, ਰੂਪਮ, ਕਾਜਲ, ਮੋਨਿਕਾ, ਰਜਨੀ ਆਦਿ ਹਾਜ਼ਰ ਸਨ।

ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਰਿਹਰਸਲ

**ਐੱ